@Qpatrika @qaumipatrika punjabi instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

ਦਿੱਲੀ, ਹਿਮਾਚਲ, ਹਰਿਯਾਣਾ, ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖਣਡ ਸੇ ਪ੍ਰਸਾਰਿਤ।

Sunday, 17 May 2026

VISIT: www.qaumipatrika.org Email: qpatrika@gmail.com

ਨਵੀਂ ਦਿੱਲੀ: ਐਤਵਾਰ 17 ਮਈ 2026, 3 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 193, qpatrika@gmail.com ਫੋਨ : 9971359517 www.qaumipatrika.org

## ਤਰਨਤਾਰਨ ਸਰਹੱਦ ਨੇੜਿਓਂ 2 ਡਰੋਨ, ਅੱਧਾ ਕਿਲੋ ਹੈਰੋਇਨ, 25 ਰੌਂਦ ਤੇ 2 ਪਿਸਤੌਲ ਬਰਾਮਦ

ਤਰਨਤਾਰਨ 16 ਮਈ। ਥਾਣਾ ਖਾਲੜਾ ਦੀ ਪੁਲਸ ਨੇ ਬੀ.ਐੱਸ.ਐੱਫ ਸਮੇਤ ਚਲਾਏ ਗਏ ਸਾਂਝੇ ਆਪ੍ਰੇਸ਼ਨ ਦੌਰਾਨ ਦੋ ਡਰੋਨ, ਅੱਧਾ ਕਿਲੋ ਹੈਰੋਇਨ, 25 ਜ਼ਿੰਦਾ ਰੌਂਦ, 2 ਪਿਸਤੌਲ ਬਰਾਮਦ ਕਰਨ ਵਿਚ ਵੱਡੀ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧ ਵਿਚ ਥਾਣਾ ਖਾਲੜਾ ਦੀ ਪੁਲਸ ਨੇ ਤਿੰਨ ਅਣਪਛਾਤੇ ਵਿਅਕਤੀਆਂ ਖਿਲਾਫ ਵੱਖੋ-




ਵੱਖ ਮਾਮਲੇ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜ਼ਿਕਰਯੋਗ ਹੈ ਕਿ ਬੀਤੇ ਕਈ ਦਿਨਾਂ ਤੋਂ ਗੁਆਂਢੀ ਦੇਸ਼ ਪਾਕਿਸਤਾਨ ਰੋਜ਼ਾਨਾ ਭਾਰਤ ਦਾ ਮਾਹੌਲ ਖਰਾਬ ਕਰਨ ਲਈ ਨਸ਼ੀਲੇ ਪਦਾਰਥ ਅਤੇ ਹੈਰੋਇਨ ਸਪਲਾਈ ਕਰਨ ਦੀਆਂ ਕੋਝੀਆਂ ਹਰਕਤਾਂ ਕਰਨ ਤੋਂ ਬਾਜ਼ ਨਹੀਂ ਆ ਰਿਹਾ ਹੈ ਪਰ ਪੁਲਸ ਅਤੇ ਬੀ.ਐੱਸ.ਐੱਫ ਵੱਲੋਂ ਇਨ੍ਹਾਂ ਹਰਕਤਾਂ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾ ਰਿਹਾ। ਜਾਣਕਾਰੀ ਦਿੰਦੇ ਡੀ.ਐੱਸ.ਪੀ ਭਿੱਖੀਵਿੰਡ ਅਤੁਲ ਸੋਨੀ ਨੇ ਦੱਸਿਆ ਕਿ ਥਾਣਾ ਖਾਲੜਾ ਦੇ ਸਬ ਇੰਸਪੈਕਟਰ ਪ੍ਰਦੀਪ ਸਿੰਘ ਸਮੇਤ ਪੁਲਸ ਪਾਰਟੀ ਜਦੋਂ ਪਿੰਡ ਡੱਲ ਵਿਖੇ ਮੌਜੂਦ ਸਨ ਤਾਂ ਬੀ.ਐੱਸ.ਐੱਫ ਨਾਲ ਚਲਾਏ ਗਏ ਸਾਂਝੇ ਆਪ੍ਰੇਸ਼ਨ ਦੌਰਾਨ ਬਲਵੀਰ ਸਿੰਘ ਪੁੱਤਰ ਪ੍ਰੀਤਮ ਸਿੰਘ ਦੇ ਖੇਤ ਵਿਚ ਇਕ ਪੀਲੇ ਰੰਗ ਦਾ ਪੈਕਟ, ਜਿਸ ਨੂੰ ਕੁੰਡੀ ਲੱਗੀ ਹੋਈ ਸੀ ਅਤੇ ਉਸ ਨਾਲ ਇਕ ਡਰੋਨ ਵੀ ਮੌਜੂਦ ਸੀ, ਜਿਸ ਨੂੰ ਬਰਾਮਦ ਕੀਤਾ ਗਿਆ। ਜਿਸ ਦੀ ਤਲਾਸ਼ੀ ਲੈਣ ਦੌਰਾਨ ਉਸ ਵਿਚੋਂ 509 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਜਦਕਿ ਪੈਕਿੰਗ ਮਟੀਰੀਅਲ ਦਾ ਵਜ਼ਨ 70 ਗ੍ਰਾਮ ਪਾਇਆ ਗਿਆ। ਇਸ ਦੇ ਨਾਲ ਹੀ ਪੈਕਟ ਵਿਚੋਂ 23 ਜ਼ਿੰਦਾ ਰੌਂਦ ਬਰਾਮਦ ਕੀਤੇ ਗਏ। ਡੀ.ਐੱਸ.ਪੀ ਅਤੁਲ ਸੋਨੀ ਨੇ ਦੱਸਿਆ ਕਿ ਇਸੇ ਤਰ੍ਹਾਂ ਏ.ਐੱਸ.ਆਈ ਸਲਵਿੰਦਰ ਸਿੰਘ ਵੱਲੋਂ ਸਮੇਤ ਪੁਲਸ ਪਾਰਟੀ ਅਤੇ ਬੀ.ਐੱਸ.ਐੱਫ ਨਾਲ ਚਲਾਏ ਗਏ ਸਾਂਝੇ ਆਪ੍ਰੇਸ਼ਨ ਦੌਰਾਨ ਜਗਮੋਹਨ ਸਿੰਘ ਪੁੱਤਰ ਪ੍ਰਤਾਪ ਸਿੰਘ ਵਾਸੀ ਕਲਸੀਆਂ ਖੁਰਦ ਦੇ ਖੇਤਾਂ ਵਿਚ ਡਿੱਗੇ ਹੋਏ ਇਕ ਡਰੋਨ ਅਤੇ ਪੈਕਟ ਨੂੰ ਬਰਾਮਦ ਕੀਤਾ ਗਿਆ, ਜਿਸ ਦੀ ਤਲਾਸ਼ੀ ਲੈਣ ਦੌਰਾਨ ਉਸ ਵਿਚੋਂ ਇਕ ਪਿਸਤੌਲ ਬਰਾਮਦ ਕੀਤਾ ਗਿਆ। ਡੀ.ਐੱਸ.ਪੀ ਨੇ ਅੱਗੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਤੋਂ ਇਲਾਵਾ ਏ.ਐੱਸ.ਆਈ ਬਲਵਿੰਦਰ ਸਿੰਘ ਵੱਲੋਂ ਸਮੇਤ ਪੁਲਸ ਪਾਰਟੀ ਅਤੇ ਬੀ.ਐੱਸ.ਐੱਫ ਦੀ 142 ਬਟਾਲੀਅਨ ਦੇ ਜਵਾਨਾਂ ਨਾਲ ਪਿੰਡ ਡੱਲ ਵਿਖੇ ਸੂਚਨਾ ਦੇ ਆਧਾਰ ਉਪਰ ਚਲਾਏ ਗਏ ਆਪ੍ਰੇਸ਼ਨ ਦੌਰਾਨ ਇਕ ਪੀਲੇ ਰੰਗ ਦਾ ਪੈਕਟ ਬਰਾਮਦ ਕੀਤਾ ਗਿਆ, ਜਿਸ ਦੀ ਤਲਾਸ਼ੀ ਲੈਣ ਦੌਰਾਨ ਉਸ ਵਿਚੋਂ ਇਕ 30 ਬੋਰ ਚੀਨ ਦਾ ਬਣਿਆ ਹੋਇਆ ਪਿਸਤੌਲ ਅਤੇ 2 ਜ਼ਿੰਦਾ ਰੌਂਦ ਬਰਾਮਦ ਕੀਤੇ ਗਏ।

## ਫਿਲਹਾਲ ਮਾਈਨਿੰਗ ਪੱਟਾ ਧਾਰਕਾਂ ਦੇ ਹੱਕ ਵਿਚ ਕੋਈ ਆਦੇਸ਼ ਨਹੀਂ

ਨਵੀਂ ਦਿੱਲੀ 16 ਮਈ। ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਉਸ ਨੂੰ ਅਰਾਵਲੀ ਦੀਆਂ ਪਹਾੜੀਆਂ ਅਤੇ ਪਰਬਤ ਲੜੀ ਵਿਚ ਮਾਈਨਿੰਗ ਨੂੰ ਲੈ ਕੇ ਕਾਫੀ ਚਿੰਤਾਜਨਕ ਪ੍ਰਤੀਕਿਰਿਆਵਾਂ ਮਿਲ ਰਹੀਆਂ ਹਨ, ਜਿਸ ਨੂੰ ਦੇਖਦੇ ਹੋਏ ਉਹ ਫਿਲਹਾਲ ਮਾਈਨਿੰਗ ਪੱਟਾ ਧਾਰਕਾਂ ਦੇ ਪੱਖ ਵਿਚ ਕੋਈ ਆਦੇਸ਼ ਪਾਸ ਨਹੀਂ ਕਰੇਗਾ। ਸਿਖਰਲੀ ਅਦਾਲਤ ਨੇ ਕਿਹਾ ਕਿ ਇਸ ਮਾਮਲੇ ਵਿਚ ਵਿਸ਼ੇਸ਼ ਵਾਤਾਵਰਣ ਸਬੰਧੀ ਮੁੱਦੇ ਜੁੜੇ ਹੋਏ ਹਨ ਅਤੇ ਫਰਵਰੀ ਵਿਚ ਅਦਾਲਤ ਨੇ ਵਾਤਾਵਰਣ ਮੰਤਰਾਲਾ ਅਤੇ ਹੋਰ ਧਿਰਾਂ ਨੂੰ ਅਰਾਵਲੀ ਦੀਆਂ ਪਹਾੜੀਆਂ ਅਤੇ ਪਰਬਤ ਲੜੀ ਦੀ ਪਰਿਭਾਸ਼ਾ ਤੈਅ ਕਰਨ ਲਈ ਇਕ ਕਮੇਟੀ ਵਾਸਤੇ ਸਬੰਧਤ ਖੇਤਰਾਂ ਦੇ ਮਾਹਿਰਾਂ ਦੇ ਨਾਂ ਸੁਝਾਉਣ ਲਈ ਕਿਹਾ ਸੀ। ਚੀਫ਼ ਜਸਟਿਸ ਸੂਰਿਆਕਾਂਤ ਤੇ ਜਸਟਿਸ ਜੋਏਮਲਿਆ ਬਾਗਚੀ ਦੀ ਬੈਂਚ ਨੇ ਸ਼ੁੱਕਰਵਾਰ ਨੂੰ ਸੁਣਵਾਈ ਲਈ ਸੂਚੀਬੱਧ ਮਾਮਲੇ ਦਾ ਜ਼ਿਕਰ ਕੀਤੇ ਜਾਣ ’ਤੇ ਕਿਹਾ ਕਿ ਅਸੀਂ ਇਸ ਮਾਮਲੇ ਦੀ ਟੁਕੜਿਆਂ ਵਿਚ ਸੁਣਵਾਈ ਨਹੀਂ ਕਰਾਂਗੇ। ਜਦੋਂ ਤੱਕ ਅਸੀਂ ਪੂਰੀ ਤਰ੍ਹਾਂ ਸੰਤੁਸ਼ਟ ਨਹੀਂ ਹੋ ਜਾਂਦੇ, ਉਦੋਂ ਤੱਕ ਕਿਸੇ ਵੀ ਗਤੀਵਿਧੀ ਦੀ ਇਜਾਜ਼ਤ ਨਹੀਂ ਦੇਵਾਂਗੇ। ਸੁਪਰੀਮ ਕੋਰਟ ‘ਅਰਾਵਲੀ ਪਹਾੜੀਆਂ ਅਤੇ ਪਰਬਤ ਲੜੀਆਂ ਦੀ ਪਰਿਭਾਸ਼ਾ ਅਤੇ ਸਬੰਧਤ ਮੁੱਦੇ’ ਸਿਰਲੇਖ ਹੇਠ ਖੁਦ ਨੋਟਿਸ ਲੈਂਦਿਆਂ ਇਕ ਮਾਮਲੇ ਦੀ ਸੁਣਵਾਈ ਕਰ ਰਿਹਾ ਹੈ।

# ‘ਅਜਿਹਾ ਲੱਗ ਰਿਹਾ ਹੈ ਜਿਵੇਂ ਮੈਂ ਭਾਰਤ ’ਚ ਹੀ ਹਾਂ’, ਨੀਦਰਲੈਂਡ ਪਹੁੰਚੇ ਪ੍ਰਧਾਨ ਮੰਤਰੀ ਮੋਦੀ ਨੇ ਕੀਤਾ ਸੰਬੋਧਨ

ਕੌਮੀ ਪਤ੍ਰਿਕਾ

ਸਿੰਮੀ ਕੌਰ ਬੱਬਰ

ਇੰਟਰਨੈਸ਼ਨਲ ਡੈਸਕ 16 ਮਈ। ਨੀਦਰਲੈਂਡ ਦੇ ਦੌਰੇ ’ਤੇ ਪਹੁੰਚੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਭਾਰਤੀ ਭਾਈਚਾਰੇ ਨੇ ਬਹੁਤ ਹੀ ਉਤਸ਼ਾਹ ਅਤੇ ਗਰਮਜੋਸ਼ੀ ਨਾਲ ਸਵਾਗਤ ਕੀਤਾ। ਹੇਗ ਵਿੱਚ ਆਯੋਜਿਤ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਭਾਰਤੀ ਮੂਲ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਪੀਐਮ ਮੋਦੀ ਨੇ ਕਿਹਾ ਕਿ ਲੋਕਾਂ ਦਾ ਇੰਨਾ ਪਿਆਰ ਅਤੇ ਆਪਣਾਪਨ ਦੇਖ ਕੇ ਉਨ੍ਹਾਂ ਨੂੰ ਅਜਿਹਾ ਮਹਿਸੂਸ ਹੋ ਰਿਹਾ ਹੈ ਜਿਵੇਂ ਉਹ ਭਾਰਤ ਵਿੱਚ ਹੀ ਹੋਣ। ਉਨ੍ਹਾਂ ਕਿਹਾ ਕਿ ਉਹ ਕੁਝ ਸਮੇਂ ਲਈ ਇਹ ਵੀ ਭੁੱਲ ਗਏ ਕਿ ਉਹ ਨੀਦਰਲੈਂਡ ਵਿੱਚ ਹਨ। ਆਪਣੇ ਸੰਬੋਧਨ ਵਿੱਚ ਪ੍ਰਧਾਨ ਮੰਤਰੀ ਨੇ ਭਾਰਤ ਅਤੇ ਨੀਦਰਲੈਂਡ ਦੇ ਮਜ਼ਬੂਤ ਸਬੰਧਾਂ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਦੋਵਾਂ ਦੇਸ਼ਾਂ ਦੀ ਦੋਸਤੀ ਸਿਰਫ਼ ਕੂਟਨੀਤਿਕ ਰਿਸ਼ਤਿਆਂ ਤੱਕ ਸੀਮਤ ਨਹੀਂ ਹੈ, ਸਗੋਂ ਇਹ ਆਪਸੀ ਵਿਸ਼ਵਾਸ, ਸਹਿਯੋਗ ਅਤੇ ਸੱਭਿਆਚਾਰਕ ਸਾਂਝ ਦਾ ਇੱਕ ਜਿਊਂਦਾ-ਜਾਗਦਾ ਉਦਾਹਰਣ ਹੈ। ਪ੍ਰਧਾਨ ਮੰਤਰੀ ਨੇ ਹੇਗ ਨੂੰ ਭਾਰਤ-ਨੀਦਰਲੈਂਡ ਦੋਸਤੀ ਦਾ



ਨਵਾਂ ਪ੍ਰਤੀਕ ਦੱਸਿਆ। ਪੀਐਮ ਮੋਦੀ ਨੇ ਨੀਦਰਲੈਂਡ ਵਿੱਚ ਰਹਿ ਰਹੇ ਭਾਰਤੀਆਂ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇੱਥੇ ਰਹਿ ਰਹੇ ਭਾਰਤੀ ਲੋਕ ਉੱਥੋਂ ਦੇ ਸਮਾਜ ਅਤੇ ਆਰਥਿਕਤਾ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ ਅਤੇ ਉਨ੍ਹਾਂ ਦੀ ਸਫਲਤਾ ’ਤੇ ਪੂਰੇ ਭਾਰਤ ਨੂੰ ਮਾਣ ਹੈ। ਉਨ੍ਹਾਂ ਅੱਗੇ ਕਿਹਾ ਕਿ ਭਾਰਤੀ ਭਾਈਚਾਰਾ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਜਾਵੇ, ਉਹ ਆਪਣੀ ਮਿਹਨਤ, ਸੱਭਿਆਚਾਰ ਅਤੇ ਕਦਰਾਂ-ਕੀਮਤਾਂ ਨਾਲ ਆਪਣੀ ਵੱਖਰੀ ਪਛਾਣ ਬਣਾ ਲੈਂਦਾ ਹੈ। ਪ੍ਰੋਗਰਾਮ ਦੌਰਾਨ ਭਾਰਤੀ ਭਾਈਚਾਰੇ ਵਿੱਚ ਭਾਰੀ ਉਤਸ਼ਾਹ ਦੇਖਿਆ ਗਿਆ ਅਤੇ ਉਨ੍ਹਾਂ ਨੇ ਰਵਾਇਤੀ ਭਾਰਤੀ ਅੰਦਾਜ਼ ਵਿੱਚ ਪ੍ਰਧਾਨ ਮੰਤਰੀ ਦਾ ਸਵਾਗਤ ਕੀਤਾ। ਪੀਐਮ ਮੋਦੀ ਨੇ ਕਿਹਾ ਕਿ ਉੱਥੋਂ ਦਾ ਮਾਹੌਲ ਕਿਸੇ ਭਾਰਤੀ ਤਿਉਹਾਰ ਜਾਂ ਉਤਸਵ ਤੋਂ ਘੱਟ ਨਹੀਂ ਲੱਗ ਰਿਹਾ ਹੈ। ਉਨ੍ਹਾਂ ਨੇ ਨੀਦਰਲੈਂਡ ਦੀ ਸਰਕਾਰ ਅਤੇ ਉੱਥੋਂ ਦੀ ਜਨਤਾ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ ਅਤੇ 140 ਕਰੋੜ ਭਾਰਤੀਆਂ ਵੱਲੋਂ ਸ਼ੁਭਕਾਮਨਾਵਾਂ ਦਿੱਤੀਆਂ।

## ਆਂਧਰਾ ਪ੍ਰਦੇਸ਼ ’ਚ ਅੱਗ ਦਾ ਗੋਲਾ ਬਣੀ ਯਾਤਰੀ ਬੱਸ

ਨੈਸ਼ਨਲ ਡੈਸਕ 16 ਮਈ। ਆਂਧਰਾ ਪ੍ਰਦੇਸ਼ ਦੇ ਪ੍ਰਕਾਸ਼ਮ ਜ਼ਿਲ੍ਹੇ ਤੋਂ ਇਕ ਅਜਿਹੀ ਖ਼ਬਰ ਸਾਹਮਣੇ ਆਈ ਹੈ, ਜਿਸ ਨੂੰ ਸੁਣ ਤੁਹਾਡੇ ਹੋਸ਼ ਉੱਡ ਜਾਣਗੇ। ਇਥੋਂ ਦੇ ਭੀਮਾਵਰਮ ਪਿੰਡ ਦੇ ਚੌਰਾਹੇ ’ਤੇ ਇਕ ਯਾਤਰੀਆਂ ਨਾਲ ਭਰੀ ਬੱਸ ਨੂੰ ਅਚਾਨਕ ਅੱਗ ਲੱਗ ਗਈ। ਇਸ ਘਟਨਾ ਦੌਰਾਨ ਬੱਸ ਦੇ ਡਰਾਈਵਰ ਨੇ ਚੌਕਸੀ ਵਰਤਦੇ ਹੋਏ ਬੱਸ ਵਿਚ ਮੌਜੂਦ ਸਾਰੀਆਂ 36 ਸਵਾਰੀਆਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ। ਇਸ ਤਰ੍ਹਾਂ ਇਕ ਵੱਡਾ ਹਾਦਸਾ ਹੋਣ ਤੋਂ ਟੱਲ ਗਿਆ। ਪੁਲਸ ਨੇ ਦੱਸਿਆ ਕਿ ਇਹ ਹਾਦਸਾ ਉਸ ਸਮੇਂ ਵਾਪਰਿਆ, ਜਦੋਂ ਬੱਸ ਹੈਦਰਾਬਾਦ ਤੋਂ ਤਿਰੁਪਤੀ ਜਾ ਰਹੀ ਸੀ। ਡਰਾਈਵਰ ਨੇ ਸਫ਼ਰ ਦੌਰਾਨ ਇੰਜਣ ਵਿੱਚੋਂ ਧੂੰਆਂ ਨਿਕਲਦਾ ਦੇਖ ਲਿਆ, ਜਿਸ ਤੋਂ ਬਾਅਦ ਉਸ ਨੇ ਬੱਸ ਰੋਕ ਦਿੱਤੀ। ਡਰਾਈਵਰ ਨੇ ਸਾਰੇ ਯਾਤਰੀਆਂ ਨੂੰ ਇਸ ਸਬੰਧ ਵਿਚ ਸੁਚੇਤ ਕੀਤਾ ਅਤੇ ਉਨ੍ਹਾਂ ਨੂੰ ਤੁਰੰਤ ਬੱਸ ਤੋਂ ਉਤਰਨ ਲਈ ਕਿਹਾ। ਮਿੰਟਾਂ ਦੇ ਅੰਦਰ ਹੀ ਅੱਗ ਦੀਆਂ ਲਪਟਾਂ ਨੇ ਬੱਸ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਅਤੇ ਉਹ ਸੜ ਕੇ ਸੁਆਹ ਹੋ ਗਈ। ਹਾਦਸੇ ਵਿੱਚ ਕੋਈ ਵੀ ਯਾਤਰੀ ਜ਼ਖਮੀ ਨਹੀਂ ਹੋਇਆ।

## ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ’ਤੇ ਆਤਮਘਾਤੀ ਹਮਲੇ ਦੀ ਧਮਕੀ, ਦੋਸ਼ੀ ਗ੍ਰਿਫ਼ਤਾਰ

ਕੋਲਕਾਤਾ 16 ਮਈ। ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ’ਤੇ ਅੱਤਵਾਦੀ ਸੰਗਠਨ ‘ਅਲ-ਕਾਇਦਾ’ ਦੀ ਮਦਦ ਨਾਲ ਆਤਮਘਾਤੀ ਹਮਲਾ ਕਰਨ ਦੀ ਧਮਕੀ ਦੇਣ ਦੇ ਦੋਸ਼ ’ਚ ਕੋਲਕਾਤਾ ਦੇ ਗਾਰਡਨ ਰੀਚ ਇਲਾਕੇ ਤੋਂ ਇਕ ਸ਼ਖ਼ਸ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਕੋਲਕਾਤਾ ਪੁਲਸ ਦੇ ਸਾਈਬਰ ਸੈੱਲ ਅਤੇ ਵਿਸ਼ੇਸ਼ ਕਾਰਜ ਫ਼ੋਰਸ (ਐੱਸਟੀਐੱਫ) ਵਲੋਂ ਕੀਤੀ ਗਈ ਸੰਯੁਕਤ ਜਾਂਚ ਤੋਂ ਬਾਅਦ ਹਸਨੈਨ ਇਕਬਾਲ (27) ਨੂੰ ਫੜਿਆ ਗਿਆ। ਕੋਲਕਾਤਾ ਪੁਲਸ ਦੇ ਐਡੀਸ਼ਨਲ ਸੀਪੀ-4 ਸੋਲੋਮਨ ਨੇਸਾਕੁਮਾਰ ਨੇ ਕਿਹਾ ਕਿ ਉਸ ਨੇ ਭਵਾਨੀਪੁਰ ਥਾਣੇ ਨੂੰ ਈ-ਮੇਲ ਰਾਹੀਂ ਮੁੱਖ ਮੰਤਰੀ ਖ਼?ਲਾਫ਼ ਧਮਕੀ ਦਿੱਤੀ ਸੀ। ਜਾਂਚ ਦੌਰਾਨ ਪਤਾ ਲੱਗਾ ਕਿ ਇਹ ਈ-ਮੇਲ ਗਾਰਡਨ ਰੀਚ ਦੇ ਗੁਲਾਮ ਅੱਬਾਸ ਲੇਨ ’ਚ ਰਹਿਣ ਵਾਲੇ ਹਸਨੈਨ ਇਕਬਾਲ ਨੇ ਭੇਜਿਆ ਸੀ। ਪੁਲਸ ਨੇ ਕਿਹਾ ਕਿ ਪੁੱਛ-ਗਿੱਛ ਦੌਰਾਨ ਦੋਸ਼ੀ ਨੇ ਈ-ਮੇਲ ਭੇਜਣ ਦੀ ਗੱਲ ਸਵੀਕਾਰ ਕੀਤੀ। ਪੁਲਸ ਨੇ ਕਿਹਾ,”ਸ਼ੁਰੂਆਤੀ ਜਾਂਚ ਦੌਰਾਨ ਪਤਾ ਲੱਗਾ ਕਿ ਜਿਸ ਔਰਤ ਦੇ ਨਾਂ ਨਾਲ ਈ-ਮੇਲ ਭੇਜਿਆ ਗਿਆ, ਉਹ ਦੋਸ਼ੀ ਦੀ ਰਿਸ਼ਤੇਦਾਰ ਹੈ। ਸਾਨੂੰ ਲੱਗਦਾ ਹੈ ਕਿ ਔਰਤ ਨੂੰ ਪਰੇਸ਼ਾਨ ਕਰਨ ਅਤੇ ਉਸ ਦੇ ਪਰਿਵਾਰ ਨੂੰ ਫਸਾਉਣ ਲਈ ਅਜਿਹਾ ਕੀਤਾ ਗਿਆ।”

## ਓਨਾਵ ਜਬਰ ਜ਼ਿਨਾਹ ਮਾਮਲਾ : ਸੁਪਰੀਮ ਕੋਰਟ ਨੇ ਸੇਂਗਰ ਦੀ ਸਜ਼ਾ ਮੁਅੱਤਲ ਕਰਨ ਦਾ ਆਦੇਸ਼ ਕੀਤਾ ਰੱਦ

ਕੌਮੀ ਪਤ੍ਰਿਕਾ

ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 16 ਮਈ। ਸੁਪਰੀਮ ਕੋਰਟ ਨੇ ਦਿੱਲੀ ਹਾਈ ਕੋਰਟ ਦੇ ਉਸ ਆਦੇਸ਼ ਨੂੰ ਰੱਦ ਕਰ ਦਿੱਤਾ, ਜਿਸ ’ਚ 2017 ਦੇ ਓਨਾਵ ਜਬਰ ਜ਼ਿਨਾਹ ਮਾਮਲੇ ’ ਚ ਸਾਬਕਾ ਭਾਜਪਾ ਵਿਧਾਇਕ ਕੁਲਦੀਪ ਸਿੰਘ ਸੇਂਗਰ ਦੀ ਉਮਰ ਕੈਦ ਦੀ ਸਜ਼ਾ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ। ਸੁਪਰੀਮ ਕੋਰਟ ਨੇ ਨਾਲ ਹੀ ਹਾਈ ਕੋਰਟ ਤੋਂ ਪਟੀਸ਼ਨ ’ਤੇ ਨਵੇਂ ਸਿਰੇ ਤੋਂ ਫੈਸਲਾ ਕਰਨ ਲਈ ਕਿਹਾ। ਭਾਰਤ ਦੇ ਚੀਫ਼ ਜਸਟਿਸ ਸੂਰੀਆਕਾਂਤ ਅਤੇ ਜੱਜ ਜੋਇਮਲਿਆ ਬਾਗਚੀ ਦੀ ਬੈਂਚ ਨੇ ਹਾਈ ਕੋਰਟ ਨੂੰ ਸੇਂਗਰ ਦੀ ਸਜ਼ਾ ਅਤੇ ਉਮਰ ਕੈਦ ਖ਼?ਲਾਫ਼ ਦਾਇਰ ਮੁੱਖ ਪਟੀਸ਼ਨ ’ਤੇ 2 ਮਹੀਨਿਆਂ ਅੰਦਰ ਫੈਸਲਾ ਕਰਨ ਦੀ ਕੋਸ਼ਿਸ਼ ਕਰਨ। ਇਸ ’ਚ ਕਿਹਾ ਗਿਆ ਹੈ ਕਿ ਜੇਕਰ ਹਾਈ ਕੋਰਟ ਲਈ ਮੁੱਖ ਪਟੀਸ਼ਨ ’ਤੇ ਜਲਦੀ ਫੈਸਲਾ ਲੈਣਾ ਸੰਭਵ ਨਹੀਂ ਹੈ ਤਾਂ ਉਸ ਨੂੰ ਗਰਮੀਆਂ ਦੀਆਂ ਛੁੱਟੀਆਂ ਸ਼ੁਰੂ ਹੋਣ ਤੋਂ ਪਹਿਲਾਂ ਸੇਂਗਰ ਦੀ ਉਸ ਪਟੀਸ਼ਨ ’ਤੇ ਆਦੇਸ਼ ਪਾਸ ਕਰਨਾ ਚਾਹੀਦਾ, ਜਿਸ ’ਚ ਮਾਮਲੇ ’ਚ ਉਮਰ ਕੈਦ ਨੂੰ ਮੁਅੱਤਲ ਕਰਨ ਦੀ ਮੰਗ ਕੀਤੀ ਗਈ ਹੈ। ਬੈਂਚ ਨੇ ਇਸ ਮੁੱਦੇ ’ਤੇ ਭਾਰੀ ਜਨਤਕ ਰੋਗ ਤੋਂ ਬਾਅਦ ਸੇਂਗਰ ਨੂੰ ਜ਼ਮਾਨਤ ਦੇਣ ਵਾਲੇ ਹਾਈ ਕੋਰਟ ਦੇ ਆਦੇਸ਼ ਨੂੰ ਪਹਿਲਾਂ ਹੀ ਰੱਦ ਕਰ ਦਿੱਤਾ ਸੀ। ਬੈਂਚ ਨੇ ਕਿਹਾ ਕਿ ਉਸ ਨੇ ਮਾਮਲੇ ਦੇ ਗੁਣ-ਦੋਸ਼ ’ਤੇ ਕੋਈ ਰਾਏ ਜ਼ਾਹਰ ਨਹੀਂ ਕੀਤੀ ਹੈ ਅਤੇ ਹਾਈ ਕੋਰਟ ਇਸ ’ਤੇ ਨਵੇਂ ਸਿਰੇ ਤੋਂ ਸੁਣਵਾਈ ਕਰ ਸਕਦਾ ਹੈ ਅਤੇ ਪੀੜਤ ਸਮੇਤ ਸਾਰੇ ਪੱਖਾਂ ਨੂੰ ਸੁਣ ਸਕਦਾ ਹੈ। ਉਸ ਨੇ ਸਾਰੇ ਪੱਖਾਂ ਨੂੰ ਸੁਣ ਸਕਦਾ ਹੈ। ਉਸ ਨੇ ਸਾਰੇ ਪੱਖਾਂ ਨੂੰ ਕਿਹਾ ਕਿ ਹਾਈ ਕੋਰਟ ਦੇ ਸਾਹਮਣੇ ਸੇਂਗਰ ਦੀ ਅਪੀਲ ’ਤੇ ਸੁਣਵਾਈ ਮੁਲਤਵੀ ਕਰਨ ਦੀ ਮੰਗ ਨਾ ਕੀਤੀ ਜਾਵੇ। ਸੁਪਰੀਮ ਕੋਰਟ ਸੀਬੀਆਈ ਦੀ ਇਕ ਅਪੀਲ ’ਤੇ ਸੁਣਵਾਈ ਕਰ ਰਹੀ ਸੀ, ਜਿਸ ’ਚ ਮਾਮਲੇ ’ਚ ਹਾਈ ਕੋਰਟ ਵਲੋਂ ਸਾਬਕਾ ਵਿਧਾਇਕ ਨੂੰ ਸੁਣਾਈ ਗਈ ਉਮਰ ਕੈਦ ਦੀ ਸਜ਼ਾ ਨੂੰ ਮੁਅੱਤਲ ਕਰਨ



ਨੂੰ ਚੁਣੌਤੀ ਦਿੱਤੀ ਗਈ ਸੀ। ਉਸ ਨੇ ਕਿਹਾ ਕਿ ਪਹਿਲੀ ਨਜ਼ਰ ਹਾਈ ਕੋਰਟ ਨੇ ਸਜ਼ਾ ਮੁਅੱਤਲ ਕਰਨ ਦੀ ਸੇਂਗਰ ਦੀ ਪਟੀਸ਼ਨ ’ਤੇ ਫੈਸਲਾ ਲੈਂਦੇ ਹੋਏ ਕਈ ਮੁੱਦਿਆਂ ਨੂੰ ਦੇਖਿਆ। ਚੀਫ਼ ਜਸਟਿਸ ਨੇ ਹਾਈ ਕੋਰਟ ਨੂੰ ਅਜਿਹੇ ਨਵੇਂ ਮੁੱਦਿਆਂ ’ਤੇ ਫੈਸਲਾ ਲੈਣ ਲਈ ਕਿਹਾ ਕਿ ਕਿ ਕਿਸੇ ਵਿਧਾਇਕ ਨੂੰ ਜਿਨਸੀ ਸ਼ੋਸ਼ਣ ਤੋਂ ਬੱਚਿਆਂ ਦੀ ਸੁਰੱਖਿਆ (ਪੋਕਸੋ) ਐਕਟ ਦੇ ਅਧੀਨ ਮੁਕੱਦਮਾ ਚਲਾਉਣ ਦੌਰਾਨ ਵੀ ਲੋਕ ਸੇਵਕ ਮੰਨਿਆ ਜਾ ਸਕਦਾ ਹੈ। ਇਸ ਤੋਂ ਪਹਿਲਾਂ ਅਦਾਲਤ ਨੇ ਜਬਰ ਜ਼ਿਨਾਹ ਮਾਮਲੇ ’ਚ ਸਾਬਕਾ ਵਿਧਾਇਕ ਦੀ ਉਮਰ ਕੈਦ ਦੀ ਸਜ਼ਾ ਮੁਅੱਤਲ ਕਰਨ ਨੂੰ ਚੁਣੌਤੀ ਦੇਣ ਵਾਲੀ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਦੀ ਪਟੀਸ਼ਨ ’ਤੇ ਸੁਣਵਾਈ ਮਈ ਦੇ ਪਹਿਲੇ ਹਫ਼ਤੇ ਤੱਕ ਮੁਲਤਵੀ ਕਰ ਦਿੱਤੀ ਸੀ। ਪਿਛਲੇ ਸਾਲ 29 ਦਸੰਬਰ ਨੂੰ, ਸੁਪਰੀਮ ਕੋਰਟ ਨੇ ਸੇਂਗਰ ਦੀ ਉਮਰ ਕੈਦ ਦੀ ਸਜ਼ਾ ਨੂੰ ਮੁਅੱਤਲ ਕਰਨ ਦੇ ਦਿੱਲੀ ਹਾਈ ਕੋਰਟ ਦੇ ਹੁਕਮ ’ਤੇ ਰੋਕ ਲਗਾ ਦਿੱਤੀ ਸੀ ਅਤੇ ਕਿਹਾ ਸੀ ਕਿ ਉਸਨੂੰ ਹਿਰਾਸਤ ਤੋਂ ਰਿਹਾਅ ਨਹੀਂ ਕੀਤਾ ਜਾਵੇਗਾ।

### ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਰੱਖੜਾ ਨੂੰ ਪਾਰਟੀ ’ਚੋਂ ਕੱਢਿਆ

ਜਲੰਧਰ 16 ਮਈ। ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੇ ਵੱਡਾ ਫੈਸਲਾ ਲੈਂਦੇ ਹੋਏ ਸੁਰਜੀਤ ਸਿੰਘ ਰੱਖੜਾ ਨੂੰ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਸਸਪੈਂਡ ਕਰ ਦਿੱਤਾ ਹੈ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਮਤਾ ਪਾਸ ਕਰਦਿਆਂ ਇਹ ਫ਼ੈਸਲਾ ਲਿਆ ਹੈ। ਜਲੰਧਰ-ਫਗਵਾੜਾ ਹਾਈਵੇਅ ’ਤੇ ਇਕ ਨਿੱਜੀ ਹੋਟਲ ਵਿਚ ਪਾਰਟੀ ਵਲੋਂ ਇਕ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਸਮੁੱਚੀ ਲੀਡਰਸ਼ਿਪ ਸ਼ਾਮਲ ਹੋਈ। ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਰੱਖੜਾ ਪਾਰਟੀ ਨਾਲ ਰਹਿ ਕੇ ਪਾਰਟੀ ਨੂੰ ਕਮਜ਼ੋਰ ਕਰ ਰਹੇ ਸਨ, ਇਸੇ ਕਾਰਨ ਉਨ੍ਹਾਂ ਨੂੰ ਸਸਪੈਂਡ ਕੀਤਾ ਗਿਆ ਹੈ। ਦੂਜਾ ਪਾਸੇ ਬੇਅਦਬੀ ਕਾਨੂੰਨ ਬਾਰੇ ਸਾਬਕਾ ਜਥੇਦਾਰ ਨੇ ਕਿਹਾ ਕਿ ਜੇਕਰ ਸਰਕਾਰ ਨੇ ਕਾਨੂੰਨ ਲਾਗੂ ਕਰਨ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਨੂੰ ਪ੍ਰਸਤਾਵ ਭੇਜਿਆ ਅਤੇ ਉਸ ਤੋਂ ਬਾਅਦ ਉਹ ਵਿਰੋਧ ਕਰ ਰਹੇ ਹਨ ਤਾਂ ਇਹ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਲੈ ਕੇ ਦੋਵਾਂ ਧਿਰਾਂ ਵਿਚ ਕੋਈ ਟਕਰਾਅ ਨਹੀਂ ਹੋਣਾ ਚਾਹੀਦਾ। ਬੇਅਦਬੀ ਕਾਨੂੰਨ ਦੇ ਮਾਮਲੇ ਵਿਚ, ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਗੂਆਂ ਸਮੇਤ ਕਾਨੂੰਨੀ ਮਾਹਿਰਾਂ ਨੂੰ ਹੱਲ ਲੱਭਣ ਲਈ ਸ਼ਾਮਲ ਹੋਣਾ ਚਾਹੀਦਾ ਹੈ।

## ਛੋਟਾ ਹੋਇਆ ਮੁੱਖ ਮੰਤਰੀ ਨਾਇਬ ਸੈਣੀ ਦਾ ਕਾਫਲਾ, ਵਰਚੁਅਲ ਤੌਰ ’ਤੇ ਮੀਟਿੰਗਾਂ ਕਰਨ ’ਤੇ ਦਿੱਤਾ ਜ਼ੋਰ

ਕੌਮੀ ਪਤ੍ਰਿਕਾ

ਹਰਿਆਣਾ 16 ਮਈ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਰਾਸ਼ਟਰ ਹਿੱਤ ਵਿਚ ਬਾਲਣ (ਫਿਊਲ) ਦੀ ਬਚਤ ਅਤੇ ਸਰੋਤਾਂ ਦੀ ਸਹੀ ਵਰਤੋਂ ਲਈ ਇਕ ਵੱਡੀ ਪਹਿਲ ਕੀਤੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੱਦੇ ’ਤੇ ਚੱਲਦਿਆਂ ਮੁੱਖ ਮੰਤਰੀ ਸੈਣੀ ਨੇ ਆਪਣੇ ਕਾਫਲੇ ਦਾ ਆਕਾਰ ਛੋਟਾ ਕਰ ਦਿੱਤਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਇਹ ਵੀ ਐਲਾਨ ਕੀਤਾ ਕਿ ਹੁਣ ਮੁੱਖ ਮੰਤਰੀ ਦੇ ਨਾਲ-ਨਾਲ ਮੰਤਰੀਆਂ ਅਤੇ ਵਿਧਾਇਕਾਂ ਦੇ ਵਾਹਨਾਂ ਦਾ ਕਾਫਲਾ ਵੀ ਪਹਿਲਾਂ ਨਾਲੋਂ ਛੋਟਾ ਹੋਵੇਗਾ। ਜਾਣਕਾਰੀ ਮੁਤਾਬਕ ਮੁੱਖ ਮੰਤਰੀ ਨਾਇਬ ਸੈਣੀ ਦੇ ਕਾਫਲੇ ਵਿਚ ਹੁਣ ਸਿਰਫ਼ ਸੁਰੱਖਿਆਂ ਲਈ ਅਤਿ ਲੋੜੀਂਦੇ ਵਾਹਨ ਹੀ ਸ਼ਾਮਲ ਹੋਣਗੇ। ਇਸ ਦੌਰਾਨ ਮੁੱਖ ਮੰਤਰੀ ਸੈਣੀ ਨੇ ਇਹ ਵੀ ਸੰਕਲਪ ਲਿਆ ਹੈ ਕਿ ਉਹ ਹਫ਼ਤੇ ਵਿਚ ਇਕ ਦਿਨ ਬਿਨਾਂ ਕਿਸੇ ਵਾਹਨ ਦੇ ਆਪਣਾ ਕੰਮਕਾਜ ਚਲਾਉਣਗੇ। ਪੈਟਰੋਲ-ਡੀਜ਼ਲ ਦੀ ਬਚਤ ਲਈ ਸਰਕਾਰੀ ਮੀਟਿੰਗਾਂ ਹੁਣ ਜ਼ਿਆਦਾਤਰ ਵਰਚੁਅਲ (ਵੀਡੀਓ ਕਾਨਫਰੰਸਿੰਗ ਰਾਹੀਂ) ਕੀਤੀਆਂ ਜਾਣਗੀਆਂ। ਮੁੱਖ ਮੰਤਰੀ ਨੇ ਸੋਸ਼ਲ ਮੀਡੀਆ ਰਾਹੀਂ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਹ ਨਿਯਮ ਸਿਰਫ਼ ਉਨ੍ਹਾਂ ’ਤੇ ਹੀ ਨਹੀਂ, ਸਗੋਂ ਸਾਰੇ ਮੰਤਰੀਆਂ ਅਤੇ ਵਿਭਾਗਾਂ ਦੇ ਅਧਿਕਾਰੀਆਂ ’ਤੇ ਵੀ ਲਾਗੂ ਹੋਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਯਾਤਰਾ ਦੌਰਾਨ ਘੱਟ ਤੋਂ ਘੱਟ ਵਾਹਨਾਂ ਦੀ ਵਰਤੋਂ ਕੀਤੀ ਜਾਵੇ



ਅਤੇ ਬਹੁਤ ਜ਼ਰੂਰੀ ਹੋਣ ’ਤੇ ਹੀ ਸਫ਼ਰ ਕੀਤਾ ਜਾਵੇ। ਮੁੱਖ ਮੰਤਰੀ ਨੇ ਹਰਿਆਣਾ ਦੇ ਲੋਕਾਂ ਨੂੰ ਵੀ ਇਸ ਮੁਹਿਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਆਮ ਨਾਗਰਿਕ ਵੀ ਵੱਧ ਤੋਂ ਵੱਧ ਜਨਤਕ ਟਰਾਂਸਪੋਰਟ ਦੀ ਵਰਤੋਂ ਕਰਨ ਤਾਂ ਜੋ ਦੇਸ਼ ਹਿੱਤ ਵਿੱਚ ਤੇਲ ਦੀ ਬਚਤ ਕੀਤੀ ਜਾ ਸਕੇ। ਸਰਕਾਰ ਦੇ ਇਸ ਕਦਮ ਦੀ ਹਰ ਪਾਸੇ ਸ਼ਲਾਘਾ ਹੋ ਰਹੀ ਹੈ, ਕਿਉਂਕਿ ਇਸ ਨਾਲ ਨਾ ਸਿਰਫ਼ ਸਰਕਾਰੀ ਖ਼ਰਚਾ ਘਟੇਗਾ ਸਗੋਂ ਵਾਤਾਵਰਣ ਦੀ ਸੰਭਾਲ ਵਿੱਚ ਵੀ ਮਦਦ ਮਿਲੇਗੀ।

## ਪਟਾਕਾ ਫੈਕਟਰੀ ਧਮਾਕਾ: 5 ਮਜ਼ਦੂਰਾਂ ਦੀ ਮੌਤ, ਜਾਂਚ ਦੌਰਾਨ ਪੁਲਸ ਨੇ ਕਰ ’ਤੀ ਵੱਡੀ ਕਾਰਵਾਈ

ਦੇਵਾਸ/ਇੰਦੌਰ 16 ਮਈ। ਮੱਧ ਪ੍ਰਦੇਸ਼ ਦੇ ਦੇਵਾਸ ਜ਼ਿਲ੍ਹੇ ਵਿੱਚ ਇੱਕ ਪਟਾਕਾ ਫੈਕਟਰੀ ਵਿੱਚ ਹੋਏ ਧਮਾਕੇ ਵਿਚ ਹੁਣ ਤੱਕ 5 ਮੁਲਜ਼ਮਾਂ ਦੀ ਮੌਤ ਹੋਈ। ਇਸ ਸਬੰਧ ਵਿੱਚ ਪ੍ਰਸ਼ਾਸਨ ਨੇ ਰਾਸ਼ਟਰੀ ਸੁਰੱਖਿਆ ਐਕਟ ਤਹਿਤ ਇੱਕ ਹੋਰ ਦੋਸ਼ੀ ਵਿਰੁੱਧ ਕਾਰਵਾਈ ਕੀਤੀ, ਜਦੋਂ ਕਿ ਪੁਲਸ ਨੇ ਫੈਕਟਰੀ ਮਾਲਕ ਸਮੇਤ ਚਾਰ ਲੋਕਾਂ ਵਿਰੁੱਧ ਗੈਰ-ਇਰਾਦਤਨ ਹੱਤਿਆ ਦੇ ਦੋਸ਼ਾਂ ਵਿੱਚ FIR ਦਰਜ ਕੀਤੀ ਹੈ। ਅਧਿਕਾਰੀਆਂ ਨੇ ਸ਼ੁੱਕਰਵਾਰ ਨੂੰ ਇਸ ਦੀ ਜਾਣਕਾਰੀ ਦਿੱਤੀ। ਪ੍ਰਸ਼ਾਸਨ ਨੇ ਹੁਣ ਤੱਕ ਇਸ ਘਟਨਾ ਵਿੱਚ ਪੰਜ ਮਜ਼ਦੂਰਾਂ ਦੀ ਮੌਤ ਅਤੇ 23 ਦੇ ਜ਼ਖਮੀ ਹੋਣ ਦੀ ਪੁਸ਼ਟੀ ਕੀਤੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹਾ ਮੈਜਿਸਟ?ਰੇਟ ਰਿਤੁਰਾਜ ਸਿੰਘ ਨੇ ਪਟਾਕਾ ਫੈਕਟਰੀ ਮੈਨੇਜਰ ਅਜਸ ਖਾਨ ਵਿਰੁੱਧ ਰਾਸ਼ਟਰੀ ਸੁਰੱਖਿਆ ਐਕਟ (ਐਨਐਸਏ) ਦੀਆਂ ਸਖ਼ਤ ਧਾਰਾਵਾਂ ਵੀ ਲਾਗੂ ਕੀਤੀਆਂ ਹਨ। ਫੈਕਟਰੀ ਮਾਲਕ ਅਨਿਲ ਮਾਲਵੀਆ ਨੂੰ ਵੀਰਵਾਰ ਨੂੰ NSA ਅਧੀਨ ਗ੍ਰਿਫ਼ਤਾਰ ਕੀਤਾ ਗਿਆ ਸੀ। ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹਾ ਮੈਜਿਸਟਰੇਟ ਨੇ ਦੋਵਾਂ ਮੁਲਜ਼ਮਾਂ ਨੂੰ NSA ਅਧੀਨ ਤਿੰਨ-ਤਿੰਨ ਮਹੀਨਿਆਂ ਲਈ ਉਜੈਨ ਕੇਂਦਰੀ ਜੇਲ੍ਹ ਵਿੱਚ ਨਜ਼ਰਬੰਦ ਕਰਨ ਦਾ ਹੁਕਮ ਦਿੱਤਾ ਹੈ। ਇੱਕ ਪੁਲਸ ਅਧਿਕਾਰੀ ਦੇ ਅਨੁਸਾਰ, ਤੋਂਕਖੁਰਦ ਥਾਣੇ ਵਿੱਚ ਮਾਲਵੀਆ ਅਤੇ ਖਾਨ ਦੇ ਨਾਲ ਹੋਰ ਪਟਾਕਾ ਫੈਕਟਰੀ ਮੈਨੇਜਰ ਮਹੇਸ਼ ਅਤੇ ਠੇਕੇਦਾਰ ਭੂਪੇਂਦਰ ਉਰਫ ਛੋਟੂ ਦੇ ਖਿਲਾਫ ਭਾਰਤੀ ਦੰਡ ਸੰਹਿਤਾ ਅਤੇ ਵਿਸਫੋਟਕ ਐਕਟ ਦੇ ਤਹਿਤ ਗੈਰ-ਇਰਾਦਤਨ ਹੱਤਿਆ ਅਤੇ ਹੋਰ ਦੋਸ਼ਾਂ ਲਈ ਮਾਮਲਾ ਦਰਜ ਕੀਤਾ ਗਿਆ ਹੈ। ਐਫਆਈਆਰ ਵਿੱਚ ਕਿਹਾ ਗਿਆ ਹੈ ਕਿ ਫੈਕਟਰੀ ਨਿਰਧਾਰਤ ਮਾਤਰਾ ਤੋਂ ਵੱਧ ਵਿਸਫੋਟਕਾਂ ਦੀ ਵਰਤੋਂ ਕਰਕੇ ਪਟਾਕੇ ਬਣਾ ਰਹੀ ਸੀ ਅਤੇ ਸਟੋਰ ਕਰ ਰਹੀ ਸੀ ਅਤੇ ਯੂਨਿਟ ਵਿੱਚ ਕਰਮਚਾਰੀਆਂ ਲਈ ਢੁਕਵੇਂ ਸੁਰੱਖਿਆ ਉਪਾਅ ਨਹੀਂ ਸਨ। ਇਸ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਨੇ ਪਟਾਕਾ ਫੈਕਟਰੀ ਵਿੱਚ ਹੋਏ ਧਮਾਕੇ ਦੀ ਜਾਂਚ ਲਈ ਤਿੰਨ ਮੈਂਬਰੀ ਟੀਮ ਬਣਾਈ ਹੈ। ਇਸ ਵਿੱਚ ਬਿਜਲੀ ਵਿਭਾਗ, ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਉਦਯੋਗਿਕ ਸਿਹਤ ਅਤੇ ਸੁਰੱਖਿਆ ਵਿਭਾਗ ਦੇ ਅਧਿਕਾਰੀ ਸ਼ਾਮਲ ਹਨ। ਕੇਂਦਰ ਸਰਕਾਰ ਦੇ ਪੈਟਰੋਲੀਅਮ ਅਤੇ ਵਿਸਫੋਟਕ ਸੁਰੱਖਿਆ ਸੰਗਠਨ ਅਤੇ ਫੋਰੈਂਸਿਕ ਸਾਇੰਸ ਲੈਬਾਰਟਰੀ ਦੇ ਅਧਿਕਾਰੀ ਵੀ ਇਸ ਘਟਨਾ ਦੀ ਜਾਂਚ ਕਰ ਰਹੇ ਹਨ। ਅੱਗ ਵਿੱਚ ਸੜੇ 23 ਮਰੀਜ਼ਾਂ ਵਿੱਚੋਂ ਤਿੰਨ ਦੀ ਹਾਲਤ ਗੰਭੀਰ ਹੈ, ਜਿਨ੍ਹਾਂ ਦੀ ਹਾਲਤ ਇੰਦੌਰ ਦੇ ਸਰਕਾਰੀ ਮਹਾਰਾਜਾ ਯਸ਼ਵੰਤਰਾਓ ਹਸਪਤਾਲ ਵਿੱਚ ਗੰਭੀਰ ਹੈ। ਐਮਵਾਈਐਚ ਸੁਪਰਡੈਂਟ ਡਾ. ਅਸ਼ੋਕ ਯਾਦਵ ਨੇ ਕਿਹਾ, ਤਿੰਨੋਂ ਮਰੀਜ਼ 80 ਤੋਂ 90 ਪ੍ਰਤੀਸ਼ਤ ਸੜ ਗਏ ਹਨ।

## ਬੰਗਾਲ ’ਚ ਸੁਭੇਂਦੂ ਅਧਿਕਾਰੀ ਦਾ ਵੱਡਾ ਐਕਸ਼ਨ

ਨੈਸ਼ਨਲ ਡੈਸਕ 16 ਮਈ। ਪੱਛਮੀ ਬੰਗਾਲ ਦੇ ਨਵੇਂ ਮੁੱਖ ਮੰਤਰੀ ਸੁਭੇਂਦੂ ਅਧਿਕਾਰੀ ਨੇ ਅਹੁਦਾ ਸੰਭਾਲਦਿਆਂ ਹੀ ਪ੍ਰਸ਼ਾਸਨ ਵਿੱਚ ਵੱਡਾ ਫੇਰਬਦਲ ਸ਼ੁਰੂ ਕਰ ਦਿੱਤਾ ਹੈ। ਸ਼ਨੀਵਾਰ ਨੂੰ ਉਨ੍ਹਾਂ ਨੇ ਮਮਤਾ ਬਨਰਜੀ ਸਰਕਾਰ ਸਮੇਂ ਬਣਾਏ ਗਏ ‘ਪੁਲਸ ਭਲਾਈ ਬੋਰਡ’ ਨੂੰ ਤੁਰੰਤ ਪ੍ਰਭਾਵ ਨਾਲ ਭੰਗ ਕਰਨ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਹ ਬੋਰਡ ਆਮ ਪੁਲਿਸ ਮੁਲਾਜ਼ਮਾਂ ਦੀ ਭਲਾਈ ਦੀ ਬਜਾਏ ਇੱਕ ਸਿਆਸੀ ਪਾਰਟੀ ਦੇ ਹਿੱਤਾਂ ਲਈ ਕੰਮ ਕਰ ਰਿਹਾ ਸੀ। ਪੁਲਿਸ ਪ੍ਰਸ਼ਾਸਨ ਨਾਲ ਬੈਠਕ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਪਹਿਲਾਂ ਰਾਜ ਵਿੱਚ ਸ਼ਾਸਕ ਦਾ ਕਾਨੂੰਨ ਚੱਲਦਾ ਸੀ, ਪਰ ਹੁਣ ਕਾਨੂੰਨ ਦਾ ਰਾਜ ਹੋਵੇਗਾ। ਉਨ੍ਹਾਂ ਦੱਸਿਆ ਕਿ ਸ਼ਾਂਤਨੂ ਸਿਨਹਾ ਬਿਸਵਾਸ ਅਤੇ ਬਿਜੀਤੇਸ਼ਵਰ ਰਾਉਤ ਵਰਗੇ ਅਧਿਕਾਰੀਆਂ ਨੇ ਬੋਰਡ ਰਾਹੀਂ ਵਿਸ਼ੇਸ਼ ਲਾਭ ਲਏ, ਪਰ ਆਮ ਪੁਲਿਸ ਵਾਲਿਆਂ ਤੱਕ ਕੋਈ ਫਾਇਦਾ ਨਹੀਂ ਪਹੁੰਚਿਆ। ਪੁਲਸ ਸੁਧਾਰਾਂ ਲਈ ਮੁੱਖ ਸਕੱਤਰ ਦੀ ਪ੍ਰਧਾਨਗੀ ਹੇਠ ਇੱਕ ਉੱਚ ਪੱਧਰੀ ਕਮੇਟੀ ਬਣਾਈ ਗਈ ਹੈ ਜੋ 3 ਮਹੀਨਿਆਂ ਵਿੱਚ ਨਵਾਂ ਢਾਂਚਾ ਤਿਆਰ ਕਰੇਗੀ।

## ‘ਸ਼ਰਧਾ ਸਾਬਿਤ ਕਰਨ ਲ ਮੰਦਰ ਜਾਣਾ ਲਾਜ਼ਮੀ ਨਹੀਂ’: ਸੁਪਰੀਮ ਕੋਰਟ

ਕੌਮੀ ਪਤ੍ਰਿਕਾ

ਨਵੀਂ ਦਿੱਲੀ 16 ਮਈ। ਸੁਪਰੀਮ ਕੋਰਟ ਨੇ ਕਿਹਾ ਕਿ ਹਿੰਦੂਤਵ ਜੀਵਨਸ਼ੈਲੀ ਹੈ ਅਤੇ ਕਿਸੇ ਹਿੰਦੂ ਨੂੰ ਸ਼ਰਧਾ ਸਾਬਤ ਕਰਨ ਲਈ ਮੰਦਰ ਜਾਣਾ ਜਾਂ ਕੋਈ ਰਸਮ ਕਰਨਾ ਲਾਜ਼ਮੀ ਨਹੀਂ ਹੈ, ਇੱਥੋਂ ਤੱਕ ਕਿ ਘਰ ਦੇ ਅੰਦਰ ਦੀਵੇ ਜਗਾਉਣਾ ਵੀ ਸ਼ਰਧਾ ਸਾਬਤ ਕਰਨ ਲਈ ਕਾਫੀ ਹੈ। ਚੀਫ ਜਸਟਿਸ ਸੂਰਿਆਕਾਂਤ ਦੀ ਪ੍ਰਧਾਨਗੀ ਵਾਲੀ 9 ਜੱਜਾਂ ਦੀ ਸੰਵਿਧਾਨਕ ਬੈਂਚ ਨੇ ਇਹ ਟਿੱਪਣੀ ਕੇਰਲਮ ਦੇ ਸਬਰੀਮਾਲਾ ਮੰਦਰ ਸਮੇਤ ਧਾਰਮਿਕ ਸਥਾਨਾਂ ’ਤੇ ਔਰਤਾਂ ਨਾਲ ਹੋਣ ਵਾਲੇ ਵਿਤਕਰੇ ਅਤੇ ਦਾਊਦੀ ਬੋਹਰਾ ਭਾਈਚਾਰੇ ਸਮੇਤ ਕਈ ਧਰਮਾਂ ’ਚ ਧਾਰਮਿਕ ਆਜ਼ਾਦੀ ਦੇ ਘੇਰੇ ਨਾਲ ਸਬੰਧਤ ਪਟੀਸ਼ਨਾਂ ਦੀ ਸੁਣਵਾਈ ਦੌਰਾਨ ਕੀਤੀ। 15ਵੇਂ ਦਿਨ ਸੁਣਵਾਈ ਸ਼ੁਰੂ ਹੋਣ ’ਤੇ ਪਟੀਸ਼ਨਰਾਂ ’ਚੋਂ ਇਕ ਦੀ ਨੁਮਾਇੰਦਗੀ ਕਰ ਰਹੇ ਐਡਵੋਕੇਟ ਡਾ. ਜੀ. ਮੋਹਨ ਗੋਪਾਲ ਨੇ ਕਿਹਾ ਕਿ ਧਾਰਮਿਕ



ਭਾਈਚਾਰਿਆਂ ’ਚ ਸਮਾਜਿਕ ਨਿਆਂ ਦੀ ਮੰਗ ਉੱਠ ਰਹੀ ਹੈ। ਉਨ੍ਹਾਂ ਕਿਹਾ, “ਹਿੰਦੂ ਧਰਮ ਨੂੰ ਇਕ ਧਾਰਮਿਕ ਸ਼੍ਰੇਣੀ ਦੇ ਰੂਪ ਵਜੋਂ ਪਰਿਭਾਸ਼ਿਤ ਕੀਤਾ ਗਿਆ ਸੀ। ਉਸ ਤੋਂ ਬਾਅਦ 1966 ’ਚ ਇਹ ਮੰਨਿਆ ਗਿਆ ਕਿ ਹਿੰਦੂ ਉਹ ਹੈ ਜੋ ਧਰਮ ਅਤੇ ਫਲਸਫੇ ਦੇ ਸਾਰੇ ਮਾਮਲਿਆਂ ’ਚ ਵੇਦਾਂ ਨੂੰ ਸਰਵਉੱਚ ਮੰਨਦਾ ਹੈ।” ਉਨ੍ਹਾਂ ਕਿਹਾ, “ਮੇਰਾ ਵੇਦਾਂ ਪ੍ਰਤੀ ਬਹੁਤ ਸਤਿਕਾਰ ਹੈ ਪਰ ਕੀ ਇਹ ਸੱਚ ਹੈ ਕਿ ਅੱਜ ਹਿੰਦੂ ਕਹਾਉਣ ਵਾਲਾ ਹਰੇਕ ਵਿਅਕਤੀ ਅਧਿਆਤਮਿਕ ਅਤੇ ਦਾਰਸ਼ਨਿਕ ਮਾਮਲਿਆਂ ’ਚ ਵੇਦਾਂ ਨੂੰ ਸਰਵਉੱਚ ਮੰਨਦਾ ਹੈ?” ਐਡਵੋਕੇਟ ਡਾ. ਜੀ. ਮੋਹਨ ਗੋਪਾਲ ਦੀ ਦਲੀਲ ਦਾ ਜਵਾਬ ਦਿੰਦੇ ਹੋਏ ਜਸਟਿਸ ਨਾਗਰਤਨਾ ਨੇ ਕਿਹਾ, “ਇਸੇ ਲਈ ਹਿੰਦੂਤਵ ਨੂੰ ਜੀਵਨਸ਼ੈਲੀ ਕਿਹਾ ਜਾਂਦਾ ਹੈ। ਹਿੰਦੂ ਬਣੇ ਰਹਿਣ ਲਈ ਮੰਦਰ ਜਾਣਾ ਜਾਂ ਕੋਈ ਰਸਮ ਕਰਨਾ ਲਾਜ਼ਮੀ ਨਹੀਂ ਹੈ।” ਜਸਟਿਸ ਨਾਗਰਤਨਾ ਨੇ ਕਿਹਾ ਕਿ ਹੋ ਸਕਦਾ ਹੈ ਕਿ ਕਿਸੇ ਨੂੰ ਕਰਮਕਾਂਡੀ ਹੋਣ ਦੀ ਜ਼ਰੂਰਤ ਨਹੀਂ ਹੈ ਅਤੇ ਸ਼ਰਧਾ ਰੱਖਣ ਵਾਲੇ ਲੋਕਾਂ ਦੇ ਰਸਤੇ ’ਚ ਕੋਈ ਰੁਕਾਵਟ ਨਹੀਂ ਬਣ ਸਕਦਾ।

## ਨੀਟ ਪੇਪਰ ਲੀਕ ਮਾਮਲਾ: ਰਾਹੁਲ ਗਾਂਧੀ ਦਾ ਕੇਂਦਰ ’ਤੇ ਵੱਡਾ ਹਮਲਾ, ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ

ਕੌਮੀ ਪਤ੍ਰਿਕਾ

ਤੇਜਿੰਦਰ ਕੌਰ ਬੱਬਰ

ਨੈਸ਼ਨਲ ਡੈਸਕ 16 ਮਈ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ NEET-UG B@BF ਪ੍ਰੀਖਿਆ ਦੇ ਪੇਪਰ ਲੀਕ ਮਾਮਲੇ ਨੂੰ ਲੈ ਕੇ ਕੇਂਦਰ ਸਰਕਾਰ ਵਿਰੁੱਧ ਮੋਰਚਾ ਖੋਲ੍ਹ ਦਿੱਤਾ ਹੈ। ਰਾਹੁਲ ਗਾਂਧੀ ਨੇ ਦੋਸ਼ ਲਾਇਆ ਕਿ ਇਸ ਪੇਪਰ ਲੀਕ ਨਾਲ ਦੇਸ਼ ਦੇ 22 ਲੱਖ ਵਿਦਿਆਰਥੀਆਂ ਦੇ ਭਵਿੱਖ ਨਾਲ ਧੋਖਾ ਹੋਇਆ ਹੈ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਤੁਰੰਤ ਉਨ੍ਹਾਂ ਦੇ ਅਹੁਦੇ ਤੋਂ ਹਟਾਇਆ ਜਾਵੇ। ਰਾਹੁਲ ਗਾਂਧੀ ਨੇ ਸੋਸ਼ਲ ਮੀਡੀਆ ’ਤੇ ਇੱਕ ਵੀਡੀਓ ਸਾਂਝੀ ਕਰਦਿਆਂ ਕਿਹਾ ਕਿ ਪੂਰਾ ਦੇਸ਼ ਜਾਣਦਾ ਹੈ ਕਿ ਪ੍ਰੀਖਿਆ ਤੋਂ ਦੋ ਦਿਨ ਪਹਿਲਾਂ ਹੀ ਵਟਸਐਪ ਰਾਹੀਂ ਪੇਪਰ ਵੰਡਿਆ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਪਿਛਲੇ ਦੋ ਸਾਲਾਂ ਤੋਂ ਦਿਨ-ਰਾਤ ਮਿਹਨਤ ਕੀਤੀ ਸੀ, ਜੋ ਕਿ ਇਸ ਲਾਪਰਵਾਹੀ ਕਾਰਨ ਬਰਬਾਦ ਹੋ ਗਈ ਹੈ। ਰਾਹੁਲ ਨੇ ਇਹ ਵੀ ਦੋਸ਼ ਲਾਇਆ ਕਿ ਦੇਸ਼ ਵਿੱਚ ਹੁਣ ਤੱਕ 80 ਵਾਰ



ਪੇਪਰ ਲੀਕ ਹੋ ਚੁੱਕੇ ਹਨ, ਜਿਸ ਨਾਲ ਲਗਭਗ 2 ਕਰੋੜ ਨੌਜਵਾਨਾਂ ਦਾ ਭਵਿੱਖ ਪ੍ਰਭਾਵਿਤ ਹੋਇਆ ਹੈ। ਉਨ੍ਹਾਂ ਇਸ ਘਟਨਾ ਨੂੰ ਭਾਜਪਾ ਅਤੇ ਆਰਐਸਐਸ ਦੇ ਗਠਜੋੜ ਦਾ ਨਤੀਜਾ ਦੱਸਿਆ। ਦੱਸਣਯੋਗ ਹੈ ਕਿ 3 ਮਈ 2026 ਨੂੰ ਹੋਈ ਇਸ ਪ੍ਰੀਖਿਆ ਵਿੱਚ ਲਗਭਗ 22.5 ਲੱਖ ਵਿਦਿਆਰਥੀ ਬੈਠੇ ਸਨ। ਪੇਪਰ ਲੀਕ ਦੇ ਦੋਸ਼ਾਂ ਤੋਂ ਬਾਅਦ ਨੈਸ਼ਨਲ ਟੈਸਟਿੰਗ ਏਜੰਸੀ ਨੇ ਪ੍ਰੀਖਿਆ ਰੱਦ ਕਰ ਦਿੱਤੀ ਸੀ। ਸੀਬੀਆਈ ਵੱਲੋਂ ਕੀਤੀ ਜਾ ਰਹੀ ਜਾਂਚ ਵਿੱਚ ਰਾਜਸਥਾਨ ਦੇ ਇੱਕ ਗਿਰੋਹ ਦਾ ਪਤਾ ਲੱਗਿਆ ਹੈ ਅਤੇ ਕਈ ਮੁੱਖ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਵੀ ਕੀਤਾ ਜਾ ਚੁੱਕਾ ਹੈ। ਹੁਣ ਇਹ ਪ੍ਰੀਖਿਆ 21 ਜੂਨ ਨੂੰ ਦੁਬਾਰਾ ਕਰਵਾਈ ਜਾਵੇਗੀ। ਵਿਰੋਧ ਦੇ ਵਿਚਕਾਰ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਐਲਾਨ ਕੀਤਾ ਹੈ ਕਿ ਅਗਲੇ ਸਾਲ ਤੋਂ ਨੀਟ ਪ੍ਰੀਖਿਆ ਦੇ ਫਾਰਮੈਟ ਵਿੱਚ ਬਦਲਾਅ ਕੀਤਾ ਜਾਵੇਗਾ ਅਤੇ ਇਸਨੂੰ ਕੰਪਿਊਟਰ ਅਧਾਰਤ ਪ੍ਰੀਖਿਆ ਵਜੋਂ ਆਯੋਜਿਤ ਕੀਤਾ ਜਾਵੇਗਾ। ਹਾਲਾਂਕਿ, ਵਿਰੋਧੀ ਧਿਰ ਇਸ ਮਾਮਲੇ ਵਿੱਚ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਅਤੇ ਨੈਸ਼ਨਲ ਟੈਸਟਿੰਗ ਏਜੰਸੀ ਨੂੰ ਭੰਗ ਕਰਨ ਦੀ ਮੰਗ ’ਤੇ ਅੜੀ ਹੋਈ ਹੈ।

# ਕਹਿਰ ਓ ਰੱਬਾ ! ਵਿਦੇਸ਼ ਰਹਿੰਦੇ ਭਰਾ ਨੂੰ ਰੱਖੜੀ ਭੇਜਣ ਦੀ ਸੀ ਤਿਆਰੀ, ਹੁਣ ਲਾਸ਼ ਮੰਗਵਾਉਣ ਲਈ ਕੱਢਣੇ ਪੈ ਰਹੇ ਹਾੜ੍ਹੇ

**ਕੌਮੀ ਪਤ੍ਰਿਕਾ**

ਖੰਨਾ 16 ਮਈ। ਪੰਜਾਬ ਦੇ ਇਕ ਹੋਰ ਨੌਜਵਾਨ ਦੀ ਵਿਦੇਸ਼ ਦੀ ਧਰਤੀ 'ਤੇ ਮੌਤ ਹੋ ਗਈ ਹੈ। ਮ੍ਰਿਤਕ ਦੀ ਪਛਾਣ ਸਾਹੀ ਧਰੁਵ ਕਪੂਰ ਵਜੋਂ ਹੋਈ ਹੈ, ਜੋ 20 ਸਾਲਾਂ ਦੀ ਉਮਰ ਵਿਚ ਇਕ ਹਾਦਸੇ ਦਾ ਸ਼ਿਕਾਰ ਹੋ ਗਿਆ ਤੇ ਇਸ ਸੰਸਾਰ ਨੂੰ ਅਲਵਿਦਾ ਆਖ ਗਿਆ। ਧਰੁਵ ਖੰਨਾ ਦੇ ਅਮਲੋਹ ਰੋਡ ਸਥਿਤ ਸਨਸਿਟੀ ਦਾ ਰਹਿਣ ਵਾਲਾ ਸੀ। ਹੋਰ ਕਈ ਪੰਜਾਬੀ ਨੌਜਵਾਨਾਂ ਵਾਂਗ ਧਰੁਵ ਦਾ ਵੀ ਸੁਫ਼ਨਾ ਸੀ ਕਿ ਉਹ ਵਿਦੇਸ਼ ਵਿਚ ਸੈਟਲ ਹੋ ਜਾਵੇ, ਪਰ ਉਸ ਨੂੰ ਨਹੀਂ ਸੀ ਪਤਾ ਕਿ ਵਿਦੇਸ਼ ਵਿਚ ਉਸ ਨਾਲ ਇਹ ਹਾਦਸਾ ਵਾਪਰ ਜਾਵੇਗਾ। ਧਰੁਵ ਪਰਿਵਾਰ ਦਾ ਇਕਲੌਤਾ ਪੁੱਤਰ ਸੀ। ਧਰੁਵ ਦੇ ਪਿਤਾ ਕਰਨ ਕਪੂਰ ਫਾਈਨੈਂਸੀਅਲ ਐਡਵਾਈਜ਼ਰ ਵਜੋਂ ਕੰਮ ਕਰਦੇ ਹਨ। ਪਰਿਵਾਰ ਆਰਥਿਕ ਤੌਰ 'ਤੇ ਜ਼ਿਆਦਾ ਮਜ਼ਬੂਤ ਨਹੀਂ ਸੀ, ਪਰ ਪੁੱਤਰ ਦੇ ਸੁਫ਼ਨਿਆਂ ਖ਼ਾਤਿਰ ਉਸ ਨੂੰ ਪੜ੍ਹਾਈ ਲਈ ਰੂਸ ਭੇਜਿਆ ਸੀ। ਵੀਜ਼ਾ ਸ਼ਰਤਾਂ ਕਾਰਨ ਉਹ 6 ਮਹੀਨੇ ਬਾਅਦ ਵਾਪਸ ਪਰਤ ਆਇਆ ਸੀ। ਪਿਛਲੇ ਸਾਲ ਉਨ੍ਹਾਂ ਨੇ ਦੁਬਾਰਾ Study Visa 'ਤੇ ਉਸ ਨੂੰ ਮਾਸਕੋ ਭੇਜਿਆ ਸੀ। ਐਤਵਾਰ ਨੂੰ ਧਰੁਵ ਨੇ ਘਰ ਫ਼ੋਨ ਕਰ ਕੇ ਦੱਸਿਆ ਕਿ ਉਹ ਦੋਸਤਾਂ ਦੇ ਨਾਲ ਸਮੁੰਦਰ ਕੰਢੇ ਜਾ ਰਿਹਾ ਹੈ। ਪਹਿਲਾਂ ਪਿਤਾ ਨੇ ਮਨ੍ਹਾਂ ਕਰਨ ਬਾਰੇ ਸੋਚਿਆ ਵੀ, ਪਰ ਫ਼?ਰ ਉਨ੍ਹਾਂ ਦੇ ਮਨ ਵਿਚ ਆਇਆ ਕਿ ਸਾਰੇ ਹਫ਼ਤੇ ਮਗਰੋਂ ਇਕ ਦਿਨ ਪੁੱਤਰ ਨੂੰ ਫ਼ੁਰਸਤ ਮਿਲਦੀ ਹੈ, ਇਸ ਲਈ ਉਹ ਮਨ੍ਹਾਂ ਨਹੀਂ ਕਰ ਸਕੇ। ਪਰ ਉਨ੍ਹਾਂ ਨੂੰ ਬਿਲਕੁੱਲ ਅੰਦਾਜ਼ਾ ਵੀ ਨਹੀਂ ਸੀ ਕਿ ਇਹੀ ਉਨ੍ਹਾਂ ਦੀ ਆਪਸ ਵਿਚ ਆਖ਼ਰੀ ਗੱਲਬਾਤ ਸਾਬਿਤ ਹੋ ਜਾਵੇਗੀ। ਪਰਿਵਾਰ ਨੇ ਦੱਸਿਆ ਕਿ ਕੁਝ ਘੰਟਿਆਂ ਬਾਅਦ ਉਨ੍ਹਾਂ ਨੂੰ ਫ਼ੋਨ ਆਇਆ ਕਿ ਧਰੁਵ ਆਪਣੇ ਦੋਸਤਾਂ ਸਮੇਤ ਸਮੁੰਦਰ ਦੀਆਂ ਲਹਿਰਾਂ ਵਿਚ ਰੁੜ੍ਹ ਗਿਆ। ਉਸ ਦੇ ਦੋਸਤਾਂ ਨੂੰ ਬਚਾ ਲਿਆ ਗਿਆ, ਪਰ ਜਦੋਂ ਤਕ ਉਸ ਨੂੰ ਬਾਹਰ ਕੱਢਿਆ ਗਿਆ, ਉਸ ਦੀ ਮੌਤ ਹੋ ਚੁੱਕੀ ਸੀ। ਧਰੁਵ ਨੂੰ ਸਮੁੰਦਰ ਵਿਚੋਂ ਬਾਹਰ ਕੱਢਣ ਤੇ ਹਸਪਤਾਲ ਲਿਜਾਉਣ ਦੀ ਵੀਡੀਓ ਪਰਿਵਾਰ ਤਕ ਪਹੁੰਚੀ, ਪਰ ਇਹ ਸਿਰਫ਼ ਯਾਦਾਂ ਬਣ ਕੇ



ਰਹਿ ਗਈ। ਧਰੁਵ ਦੀ ਭੈਣ ਦੀ ਹਾਲਤ ਸਭ ਤੋਂ ਵੱਧ ਖ਼ਰਾਬ ਹੈ। ਉਹ ਆਪਣੇ ਵੀਰ ਨੂੰ ਰੱਖੜੀ ਭੇਜਣ ਦੀ ਤਿਆਰੀ ਕਰ ਰਹੀ ਸੀ, ਪਰ ਹੁਣ ਰੱਖੜੀ ਤੋਂ ਪਹਿਲਾਂ ਭਰਾ ਦੀ ਮ੍ਰਿਤਕ ਦੇਹ ਵਾਪਸ ਲਿਆਉਣ ਲਈ ਹਾੜੇ ਕੱਢਣੇ ਪੈ ਰਹੇ ਹਨ। ਪਰਿਵਾਰ ਚਾਹੁੰਦਾ ਹੈ ਕਿ ਪੁੱਤਰ ਦਾ ਸਸਕਾਰ ਆਪਣੇ ਦੇਸ਼ ਦੀ ਧਰਤੀ 'ਤੇ ਹੀ ਹੋਵੇ। ਪਰਿਵਾਰ ਨੇ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੂੰ ਈ-ਮੇਲ ਕਰ ਕੇ ਮਦਦ ਦੀ ਗੁਹਾਰ ਲਗਾਈ ਹੈ। ਮਦਦ ਪੋਰਟਲ 'ਤੇ ਵੀ ਇਸ ਲਈ ਅਰਜ਼ੀ ਪਾਈ ਹੈ। ਇਸ ਦੇ ਨਾਲ ਹੀ ਭਾਜਪਾ ਆਗੂ ਅਨੁਜ ਛਾਬੜੀਆ ਰਾਹੀਂ ਸਾਬਕਾ ਸੰਸਦ ਅਵਿਨਾਸ਼ ਰਾਏ ਖੰਨਾ ਨੂੰ ਅਪੀਲ ਕੀਤੀ ਗਈ ਹੈ। ਫ਼ਤਹਿਗੜ੍ਹ ਸਾਹਿਬ ਤੋਂ ਸੰਸਦ ਮੈਂਬਰ ਡਾ. ਅਮਰ ਸਿੰਘ ਦੇ ਪੁੱਤਰ ਨੂੰ ਪੱਤਰ ਭੇਜਿਆ ਹੈ। ਸਮਾਜਸੇਵੀ ਪਰਮਨ ਵਾਲੀਆ ਨੂੰ ਵੀ ਈ-ਮੇਲ ਰਾਹੀਂ ਕੇਂਦਰ ਸਰਕਾਰ ਨਾਲ ਸੰਪਰਕ ਕੀਤਾ ਜਾ ਰਿਹਾ ਹੈ।

**ਭਗਤ ਪੂਰਨ ਸਿੰਘ ਜੀ ਦੀ ਬਰਸੀ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਸੰਗਰੂਰ ਦੀਆਂ ਸੰਗਤਾਂ ਨੂੰ ਚੀਮਾ ਸਾਹਿਬ ਨੇ ਕੀਤਾ ਰਵਾਨਾ**

ਸੰਗਰੂਰ, 16 ਮਈ। ਪਿੰਗਲਵਾੜਾ ਦੇ ਬਾਨੀ ਭਗਤ ਪੂਰਨ ਸਿੰਘ ਜੀ ਦੀ 33ਵੀਂ ਸਲਾਨਾ ਬਰਸੀ ਦੇ ਸਬੰਧ ਵਿੱਚ ਮੁੱਖ ਦਫ਼ਤਰ ਪਿੰਗਲਵਾੜਾ ਸ੍ਰੀ ਅੰਮ੍ਰਿਤਸਰ ਵਿਖੇ ਹੋ ਰਹੇ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਸੰਗਰੂਰ ਸ਼ਾਖਾ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਰਵਾਨਾ ਹੋਈਆਂ । ਪਿੰਗਲਵਾੜਾ ਸ਼ਾਖਾ ਦੇ ਸੇਵਕ ਅਤੇ ਪ੍ਰੈੱਸ ਮੀਡੀਆ ਇੰਚਾਰਜ ਸੁਰਿੰਦਰ ਪਾਲ ਸਿੰਘ ਸਿਦਕੀ ਅਗਵਾਈ ਵਿੱਚ ਤਰਲੋਚਨ ਸਿੰਘ ਚੀਮਾ ਮੁੱਖ ਪ੍ਰਬੰਧਕ ਨੇ ਹਰੀ ਝੰਡੀ ਦੇ ਕੇ ਬੱਸਾਂ ਨੂੰ ਰਵਾਨਾ ਕੀਤਾ। ਇਸ ਮੌਕੇ ਤੇ ਗੁਰਮੇਲ ਸਿੰਘ , ਡਾ ਉਪਾਸਨਾ, ਮਨਦੀਪ ਕੌਰ ਚੱਠੇ, ਵੀਰਪਾਲ ਕੌਰ, ਗੁਰਸੇਵਕ ਸਿੰਘ, ਜਸਨਪ੍ਰੀਤ ਸਿੰਘ ਸਮੇਤ ਪਿੰਗਲਵਾੜਾ ਪਰਿਵਾਰ ਦੇ ਮੈਂਬਰ ਹਾਜ਼ਰ ਸਨ। ਗੁਰਜੰਟ ਸਿੰਘ ਬਹਾਦਰਪੁਰ,ਸਰਪੰਚ ਮੇਜਰ ਸਿੰਘ ਮਸਾਣੀ, ਡਾ ਜਗਦੀਪ ਸਿੰਘ ਜੈਨਪੁਰ , ਡਾ ਮੱਘਰ ਸਿੰਘ , ਅਵਤਾਰ ਸਿੰਘ, ਕਰਮਜੀਤ ਸਿੰਘ ਦੀ ਅਗਵਾਈ ਵਿੱਚ ਬਹਾਦਰ ਪੁਰ, ਦਿੜ੍ਹਬਾ , ਭੱਮਾਵੱਦੀ, ਚੰਗਾਲ, ਮੰਗਵਾਲ, ਮਸਾਣੀ, ਗਗੜਪੁਰ, ਗੁਆਰੋਣੀ, ਬਲਿਆਲ ਦੀਆਂ ਸੰਗਤਾਂ ਤੋਂ ਬਿਨਾਂ ਸੰਗਰੂਰ ਸ਼ਹਿਰ ਦੀਆਂ ਵੱਖ ਵੱਖ ਸੰਸਥਾਵਾਂ ਦੇ ਨੁਮਾਇੰਦੇ ਸੰਗਤਾਂ ਵਿੱਚ ਸ਼ਾਮਿਲ ਹੋਏ । ਇਸ ਮੌਕੇ 'ਤੇ ਗੁਰਮੇਲ ਸਿੰਘ ਸਿੱਧੂ , ਬਲਵਿੰਦਰ ਸਿੰਘ,ਜਗਜੀਤ ਇੰਦਰ ਸਿੰਘ, ਹਰਜੀਤ ਸਿੰਘ ਆਹਲੂਵਾਲੀਆ, ਪੀ੍ਤਮ ਸਿੰਘ ਬਡਬਰ , ਗੁਰਜੰਟ ਸਿੰਘ ਬਹਾਦਰਪੁਰ, ਕਰਮਜੀਤ ਸਿੰਘ, ਗੁਲਜ਼ਾਰ ਸਿੰਘ , ਗੁਰਦੀਪ ਸਿੰਘ ਮੰਗਵਾਲ, ਪੀ?ਤਮ ਸਿੰਘ ਸੰਗਰੂਰ, ਤਰਲੋਕ ਸਿੰਘ , ਕਰਮਜੀਤ ਸਿੰਘ ਭਲਵਾਨ,ਕੁਲਦੀਪ ਸਿੰਘ ਗੱਗੜਪੁਰ, ਗੁਰਚਰਨ ਸਿੰਘ, ਗੁਰਜੰਟ ਸਿੰਘ ਬੱਡਰੁਖਾਂ, ਹਰੀ ਸਿੰਘ ਬਡਬਰ, ਰਾਜੇਸ਼ ਕੁਮਾਰ ਆਮਲਾ, ਸਰਬਣ ਸਿੰਘ, ਭੋਲਾ ਸਿੰਘ, ਮੱਖਣ ਸਿੰਘ ਆਦਿ ਹਾਜਰ ਸਨ।

## ਗੁਰੂਗ੍ਰਾਮ ਦੀ ਸਫਾਈ ਵਿਵਸਥਾ ਸਰਕਾਰ ਦੀ ਪਹਿਲੀ ਪ੍ਰਾਥਮਿਕਤਾ-ਸ਼ਹਿਰੀ ਸਥਾਨਕ ਸਰਕਾਰ ਮੰਤਰੀ ਵਿਪੁਲ ਗੋਇਲ

**ਕੌਮੀ ਪਤ੍ਰਿਕਾ**

ਚੰਡੀਗੜ੍ਹ, 16 ਮਈ। ਹਰਿਆਣਾ ਦੇ ਸ਼ਹਿਰੀ ਸਥਾਨਕ ਸਰਕਾਰ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਕਿਹਾ ਕਿ ਗੁਰੂਗ੍ਰਾਮ ਦੀ ਸਫਾਈ ਵਿਵਸਥਾ ਨੂੰ ਨਿਰਧਾਰਿਤ ਟੀਚਿਆਂ ਅਨੁਸਾਰ ਪੂਰਾ ਕਰਾਉਣਾ ਰਾਜ ਸਰਕਾਰ ਦੀ ਸਭ ਤੋਂ ਪਹਿਲੀ ਪ੍ਰਾਧਮਿਕਤਾ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਕੰਮ ਨੂੰ ਮੁਹਿੰਮ ਵੱਜੋਂ ਲੈਂਦੇ ਹੋਏ ਆਪਣੀ ਜਿੰਮੇਦਾਰੀਆਂ ਦਾ ਸੌ ਫੀਸਦੀ ਪੂਰਾ ਕਰਨ ਅਤੇ ਗੁਰੂਗ੍ਰਾਮ ਨੂੰ ਇੱਕ ਸੋਹਣਾ ਅਤੇ ਸਾਫ ਸੁਥਰਾ ਸ਼ਹਿਰ ਬਨਾਉਣ ਵਿੱਚ ਸਰਗਰਮੀ ਯੋਗਦਾਨ ਦੇਣ। ਸ਼ਹਿਰੀ ਸਥਾਨਕ ਸਰਕਾਰ ਮੰਤਰੀ ਸ੍ਰੀ ਵਿਪੁਲ ਗੋਇਲ ਸੋਮਵਾਰ ਨੂੰ ਗੁਰੂਗ੍ਰਾਮ ਸਥਿਤ ਬੱਧਵਾੜੀ ਪਲਾਂਟ ਦਾ ਨਿਰੀਖਣ ਕਰਨ ਤੋਂ ਬਾਅਦ ਪੀਡਬਲੂਡੀ ਰੇਸਟ ਹਾਉਸ ਵਿੱਚ ਆਯੋਜਿਤ ਸਮੀਖਿਆ ਮੀਟਿੰਗ ਨੂੰ ਸੰਬੋਧਿਤ ਕਰ ਰਹੇ ਸਨ। ਉਨ੍ਹਾਂ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਸ਼ਹਿਰ ਦੀ ਸਫਾਈ ਵਿਵਸਥਾ ਲੈਅ ਕੇ ਹੁਣ ਤੱਕ ਕੀਤੇ ਗਏ ਕੰਮਾਂ ਦੀ ਵਿਸਥਾਰ ਰਿਪੋਰਟ ਲਈ। ਉਨ੍ਹਾਂ ਨੇ ਕਿਹਾ ਕਿ ਗੁਰੂਗ੍ਰਾਮ ਇੱਕ ਗਲੋਬਲ ਸਿਟੀ ਹੈ ਅਤੇ ਇੱਥੇ ਕੀਤੇ ਜਾਣ ਵਾਲੇ ਯਤਨਾਂ ਦਾ ਸੰਦੇਸ਼ ਕੌਮਾਂਤਰੀ ਪੱਧਰ ਤੱਕ ਜਾਂਦਾ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਗੁਰੂਗ੍ਰਾਮ ਦੀ ਸਫਾਈ ਵਿਵਸਥਾ ਦੀ ਸਥਿਤੀ 'ਤੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਆਪ ਲਗਾਤਾਰ ਨਿਗਰਾਨੀ ਰੱਖ ਰਹੇ ਹਨ। ਅਜਿਹੇ ਵਿੱਚ ਜਰੂਰੀ ਹੈ ਕਿ ਅਧਿਕਾਰੀ ਪਹਿਲਾਂ ਤੋਂ ਵੀ ਵੱਧ ਸਮਰਪਣ ਅਤੇ ਗਤੀ ਦੇ ਨਾਲ ਕੰਮ ਕਰਦੇ ਹੋਏ ਜਨਤਾ ਦੀ ਉਮੀਦਾਂ 'ਤੇ ਖਰਾ ਉਤਰੇ। ਸ੍ਰੀ ਵਿਪੁਲ ਗੋਇਲ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਸਫਾਈ ਵਿਵਸਥਾ ਨੂੰ ਵਾਰਡ ਪੱਧਰ 'ਤੇ ਲਾਗੂ ਕਰਨ। ਪਹਿਲਾਂ ਤੋਂ ਤੈਅ ਪ੍ਰਕਿਰਿਆ ਵਿੱਚ ਬਦਲਾਓ ਕਰਦੇ ਹੋਏ ਹਰੇਕ ਵਾਰਡ ਨੂੰ ਸੁਤੰਤਰ ਇਕਾਈ ਮੰਨ ਦੇ ਕੰਮ ਕੀਤਾ ਜਾਵੇ, ਜਿਸ ਵਿੱਚ ਕਿਸੇ ਪ੍ਰਕਾਰ ਦੇ ਸਰੋਤਾਂ ਦੀ ਕਮੀ ਨਹੀਂ ਹੋਣੀ ਚਾਹੀਦੀ। ਹਰੇਕ ਵਾਰਡ ਵਿੱਚ ਇੱਕ ਜੇਸੀਬੀ ਮਸ਼ੀਨ, ਤਿੰਨ ਟ?ਰੈਕਟਰ ਅਤੇ ਚਾਰ ਤੋਂ ਪੰਜ ਕਰਮਚਾਰੀਆਂ ਦੀ ਟੀਮ ਨੂੰ ਸੰਬੰਧਿਤ ਵਾਰਡ ਪਾਰਸ਼ਦ ਨਾਲ ਅਟੈਚ ਕੀਤਾ ਜਾਵੇ। ਹਰ ਵਾਰਡ ਵਿੱਚ ਇੱਕ ਮਹੀਨੇ ਤੱਕ ਸਘਨ ਸਫਾਈ ਅਭਿਆਨ ਚਲਾਇਆ ਜਾਵੇ। ਉਨ੍ਹਾਂ ਨੇ ਕਿਹਾ ਕਿ ਇਸ ਅਭਿਆਨ ਦੌਰਾਨ ਸਭ ਤੋਂ ਵੱਧਿਆ ਕੰਮ ਕਰਨ ਵਾਲੇ ਵਾਰਡ ਨੂੰ ਮੁੱਖ ਮੰਤਰੀ ਦੇ ਹੱਥਾਂ ਨਕਦ ਇਨਾਮ ਨਾਲ ਸਨਮਾਨਿਤ ਵੀ ਕੀਤਾ ਜਾਵੇਗਾ। ਸ਼ਹਿਰੀ ਸਥਾਨਕ ਸਰਕਾਰ ਮੰਤਰੀ ਨੇ ਨਿਰਦੇਸ਼ ਦਿੱਤ ਕਿ ਗੁਰੂਗ੍ਰਾਮ ਦੇ ਅੰਦਰੂਨੀ ਇਲਾਕਿਆਂ ਵਿੱਚ ਜਲਭਰਾਵ ਦੀ ਸਮੱਸਿਆ ਨੂੰ ਧਿਆਨ ਵਿੱਚ ਰੱਖਦੇ ਹੋਏ 20 ਸਾਲ ਪੁਰਾਣੀ ਸੀਵਰ ਲਾਇਨਾਂ ਦਾ ਸਰਵੇ ਕਰਾਇਆ ਜਾਵੇ। ਸਰਵੇਖਣ ਦੇ ਅਧਾਰ 'ਤੇ ਇਹ ਤੈਅ ਕੀਤਾ ਜਾਵੇਗਾ ਕਿ ਨਵੀ ਸੀਵਰ ਲਾਇਨ ਦੀ ਲੋੜ ਹੈ। ਇਸ ਕੰਮ ਲਈ ਇੱਕ ਮਹੀਨੇ ਦਾ ਸਮਾਂ ਤੈਅ ਕੀਤਾ ਹੈ। ਉਨ੍ਹਾਂ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਕਿਹਾ ਕਿ ਸ਼ਹਿਰ ਵਿੱਚ ਸਥਿਤ ਕਚਰਾ ਸੰਗ੍ਰਹਿਣ ਦੇ ਸੇਕੰਡਰੀ ਪਵਾਇੰਟ ਨੂੰ ਯਕੀਨੀ ਉੱਚਾਈ ਤੱਕ ਢਕਿਆ ਜਾਵੇ, ਜਿਸ ਨਾਲ ਬਾਹਰ ਤੋਂ ਸਿਰਫ਼ ਵਾਹਨਾਂ ਦੀ ਆਵਾਜਾਈ ਵੀ ਵਿਖਾਈ ਦੇਵੇ।

## ਟਰਨਓਵਰ ਵਧਾਉਣ ਦੇ ਚੱਕਰ 'ਚ 4 ਲੱਖ 61 ਹਜ਼ਾਰ ਦੀ ਠੱਗੀ

ਚੰਡੀਗੜ੍ਹ 16 ਮਈ। ਟਰਨਓਵਰ ਵਧਾਉਣ ਅਤੇ ਹੋਮਲੋਨ ਕਲੀਅਰ ਕਰਨ ਦੇ ਚੱਕਰ 'ਚ ਮੌਲੀਜਾਗਰਾਂ ਨਿਵਾਸੀ ਤੋਂ ਚਾਰ ਲੱਖ 61 ਹਜ਼ਾਰ 280 ਰੁਪਏ ਦੀ ਠੱਗੀ ਹੋ ਗਈ। ਸਾਈਬਰ ਸੈੱਲ ਨੇ ਜਾਂਚ ਕਰਕੇ ਯੋਗੇਸ਼ ਕੁਮਾਰ ਦੇ ਬਿਆਨਾਂ 'ਤੇ ਅਣਪਛਾਤੇ 'ਤੇ ਮਾਮਲਾ ਦਰਜ ਕੀਤਾ ਹੈ। ਮੌਲੀਜਾਗਰਾਂ




ਨਿਵਾਸੀ ਯੋਗੇਸ਼ ਕੁਮਾਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਕਿ 4 ਲੱਖ 61 ਹਜ਼ਾਰ 280 ਰੁਪਏ ਹੋਮ ਕ੍ਰੈਡਿਟ ਲੋਨ ਲਿਆ ਹੋਇਆ ਸੀ। ਉਸ ਨੇ ਟਰਨਓਵਰ ਵਧਾਉਣੀ ਸੀ, ਜਿਸ ਦੇ ਲਈ ਗੂਗਲ ਦੇ ਰਾਹੀਂ ਹੋਮ ਕ੍ਰੈਡਿਟ ਕਾਰਡ ਕੇਅਰ ਦਾ ਨੰਬਰ ਭਾਲ ਕਰਕੇ ਸੰਪਰਕ ਕੀਤਾ। ਕਸਟਮਰ ਕੇਅਰ ਵਾਲਿਆਂ ਨੇ ਕਿਹਾ ਕਿ ਟਰਨ ਓਵਰ ਵਧਾਉਣ ਦੇ ਲਈ ਪਹਿਲਾਂ ਲੋਨ ਦੇਣਾ, ਜਿਸ ਤੋਂ ਬਾਅਦ ਦੁਬਾਰਾ ਲੋਨ ਦਿੱਤਾ ਜਾਵੇਗਾ। ਯੋਗੇਸ਼ ਨੇ ਦੱਸੇ ਗਏ ਖ਼ਾਤੇ ਵਿਚ 4 ਲੱਖ 61 ਹਜ਼ਾਰ 280 ਰੁਪਏ ਜਮ?ਹਾਂ ਕਰਵਾ ਦਿੱਤੇ। ਰੁਪਏ ਜਮ?ਹਾਂ ਹੋਣ ਤੋਂ ਬਾਅਦ ਬੈਂਕ ਨਾਲ ਸੰਪਰਕ ਕੀਤਾ ਤਾਂ ਦੱਸਿਆ ਗਿਆ ਕਿ ਕੋਈ ਲੋਨ ਕਲੀਅਰ ਨਹੀਂ ਹੋਇਆ ਹੈ। ਉਹ ਹੈਰਾਨ ਹੋ ਗਿਆ ਅਤੇ ਮਾਮਲੇ ਦੀ ਸ਼ਿਕਾਇਤ ਪੁਲਸ ਨੂੰ ਦਿੱਤੀ। ਸਾਈਬਰ ਸੈੱਲ ਨੇ ਮਾਮਲੇ ਦੀ ਜਾਂਚ ਕਰਕੇ ਅਣਪਛਾਤੇ 'ਤੇ ਮਾਮਲਾ ਦਰਜ ਕੀਤਾ।

**ਨਿਆਲ ਧਰਨਾ ਸਮਾਪਤ; ਪੀੜਤ ਪਰਿਵਾਰ ਨੂੰ ਸੌਂਪੇ ਨੌਕਰੀ ਨਿਯੁਕਤੀ ਪੱਤਰ**

ਪਾਤੜਾਂ 16 ਮਈ। ਅੱਜ ਨਿਆਲ ਧਰਨੇ ਦੀ ਸਮਾਪਤੀ ਹੋ ਗਈ ਹੈ ਕਿਉਂਕਿ ਏ. ਡੀ. ਸੀ. ਪਟਿਆਲਾ ਨੇ ਸਰਕਾਰ ਦੀ ਤਰਫੋਂ ਪਰਿਵਾਰ ਦੇ ਇਕ-ਇਕ ਮੈਂਬਰ ਨੂੰ ਪੰਜਾਬ ਪੁਲਸ 'ਚ ਨੌਕਰੀ ਦਿੱਤੇ ਜਾਣ ਦਾ ਪ੍ਰਗਟਾਵਾ ਕੀਤਾ, ਜਿਸ ਦੇ ਨਿਯੁਕਤੀ ਪੱਤਰ ਪੁਲਸ ਦੇ ਉੱਚ ਅਧਿਕਾਰੀਆਂ ਵੱਲੋਂ ਪੀੜਤ ਪਰਿਵਾਰ ਦੇ ਨੌਜਵਾਨਾਂ ਨੂੰ ਲੋਕਾਂ ਦੀ ਹਾਜ਼ਰੀ 'ਚ ਸੌਂਪੇ ਗਏ। ਇਸ ਤੋਂ ਇਲਾਵਾ ਦੋਵਾਂ ਪਰਿਵਾਰਾਂ ਨੂੰ 4-4 ਲੱਖ ਫੌਰੀ ਵਿਤੀ ਸਹਾਇਤਾ ਵੀ ਦਿੱਤੀ ਗਈ ਅਤੇ ਮੁੱਖ ਮੰਤਰੀ ਦਫ਼ਤਰ ਵੱਲੋਂ 50-50 ਲੱਖ ਦੇ ਮੁਆਵਜ਼ੇ ਦੇਣ ਦਾ ਵਾਅਦਾ ਕੀਤਾ ਗਿਆ, ਜਿਸ ਨੂੰ ਜਲਦ ਪੂਰਾ ਕਰਨ ਬਾਰੇ ਦੱਸਿਆ ਗਿਆ। ਪੁਲਸ ਦੇ ਉੱਚ ਅਧਿਕਾਰੀ ਨੇ ਕਥਿਤ ਮੁੱਖ ਦੋਸ਼ੀ ਲਖਵਿੰਦਰ ਸਿੰਘ ਲੱਖੇ ਨੂੰ ਕੁਝ ਘੰਟਿਆਂ ਵਿਚ ਗ੍ਰਿਫਤਾਰ ਕਰਨ ਦਾ ਭਰੋਸਾ ਦਿੰਦੇ ਹੋਏ 2 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਬਾਰੇ ਦੱਸਿਆ। ਪ੍ਰਸ਼ਾਸਨ ਨਾਲ ਇਨ੍ਹਾਂ ਗੱਲਾਂ 'ਤੇ ਪਰਿਵਾਰ ਅਤੇ ਐਕਸ਼ਨ ਕਮੇਟੀ ਵੱਲੋਂ ਪ੍ਰਗਟਾਈ ਸਹਿਮਤੀ ਉਪਰੰਤ ਧਰਨੇ ਨੂੰ ਸਮਾਪਤ ਕਰਨ ਦਾ ਐਲਾਨ ਕਰ ਦਿੱਤਾ ਗਿਆ ਹੈ।

**ਗਿੱਲ 'ਤੇ ਰਾਜਨੀਤਿਕ ਬਦਲੇ ਦੀ ਭਾਵਨਾ ਤਹਿਤ ਵਿਜੀਲੈਂਸ ਨੇ ਮਾਰਿਆ ਛਾਪਾ : ਸ਼ਰਮਾ**

ਚੰਡੀਗੜ੍ਹ 16 ਮਈ। ਭਾਰਤੀ ਜਨਤਾ ਪਾਰਟੀ (ਭਾਜਪਾ) ਪੰਜਾਬ ਦੇ ਸੂਬਾ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਪਿਛਲੇ 15 ਦਿਨਾਂ ਤੋਂ ਸ. ਰਣਜੀਤ ਸਿੰਘ ਗਿੱਲ 'ਤੇ ਪਾਰਟੀ ਵਿੱਚ ਸ਼ਾਮਲ ਹੋਣ ਲਈ ਦਬਾਅ ਪਾ ਰਹੀ ਸੀ। ਪਰ ਜਦੋਂ ਰਣਜੀਤ ਸਿੰਘ ਗਿੱਲ ਸਹਿਮਤ ਨਹੀਂ ਹੋਏ ਅਤੇ ਦੇਸ਼ ਦੇ ਵਿਕਾਸ ਅਤੇ ਪੰਜਾਬ ਦੇ ਭਵਿੱਖ ਨੂੰ ਦੇਖਦੇ ਹੋਏ ਭਾਜਪਾ ਵਿੱਚ ਸ਼ਾਮਲ ਹੋ ਗਏ ਤਾਂ ਪੰਜਾਬ ਦੀ 'ਆਪ' ਸਰਕਾਰ ਨੇ ਰਾਜਨੀਤਿਕ ਬਦਲਾਖੋਰੀ ਵਜੋਂ ਵਿਜੀਲੈਂਸ ਛਾਪਾ ਮਾਰਿਆ। ਸ਼ਰਮਾ ਨੇ ਅੱਗੇ ਕਿਹਾ ਕਿ ਗਿੱਲ ਦੇ ਭਾਜਪਾ ਵਿੱਚ ਸ਼ਾਮਲ ਹੋਣ ਦੇ ਸਿਰਫ਼ 12 ਘੰਟਿਆਂ ਦੇ ਅੰਦਰ ਵਿਜੀਲੈਂਸ ਛਾਪਾ ਇਸ ਗੱਲ ਦਾ ਸਬੂਤ ਹੈ ਕਿ 'ਆਪ' ਨੇ ਪੰਜਾਬ ਵਿੱਚ 2027 ਲਈ ਭਾਜਪਾ ਨੂੰ ਆਪਣੇ ਵਿਕਲਪ ਵਜੋਂ ਸਵੀਕਾਰ ਕਰ ਲਿਆ ਹੈ। ਸ਼ਰਮਾ ਨੇ ਇਹ ਵੀ ਕਿਹਾ ਕਿ ਭਗਵੰਤ ਮਾਨ ਅਤੇ 'ਆਪ' ਸਰਕਾਰ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਪੰਜਾਬੀ ਕਦੇ ਵੀ ਕਿਸੇ ਤੋਂ ਨਹੀਂ ਡਰਦੇ। ਹੁਣ ਪੰਜਾਬੀਆਂ ਨੂੰ ਪਤਾ ਲੱਗ ਗਿਆ ਹੈ ਕਿ ਪੰਜਾਬ ਵਿੱਚ ਸਰਕਾਰ ਕੇਜਰੀਵਾਲ ਅਤੇ ਸਿਸੋਦੀਆ ਚਲਾ ਰਹੇ ਹਨ

**ਪੱਟੀ 'ਚ ਦੁਖਦ ਘਟਨਾ, 14 ਦਿਨਾਂ ਦੇ ਬੱਚੇ ਦੇ ਸਿਰ 'ਤੇ ਡਿੱਗਾ ਲੈਂਟਰ**

ਪੱਟੀ 16 ਮਈ। ਸਥਾਨਕ ਸ਼ਹਿਰ ਦੇ ਵਾਰਡ ਨੰ. 11 ਪੱਟੀ ਵਿਖੇ ਬੇਹੱਦ ਮੰਦਭਾਗੀ ਘਟਨਾ ਵਾਪਰੀ ਹੈ, ਜਿਸ ਵਿਚ ਕਮਰੇ ਅੰਦਰ ਬੈੱਡ 'ਤੇ ਪਏ 14 ਦਿਨਾਂ ਦੇ ਲੜਕੇ ਉਪਰ ਲੈਂਟਰ ਦਾ ਟੁੱਕੜਾ ਟੁੱਟ ਕੇ ਡਿੱਗ ਗਿਆ। ਇਸ ਹਾਦਸੇ ਵਿਚ ਮਾਸੂਮ ਬੱਚੇ ਦੀ ਮੌਤ ਹੋ ਗਈ। ਇਸ ਮੌਕੇ ਮ੍ਰਿਤਕ ਸੁਖਮਨ ਸਿੰਘ (14 ਦਿਨਾਂ) ਦੇ ਪਿਤਾ ਗੁਰਪ੍ਰੀਤ ਸਿੰਘ ਪੁੱਤਰ ਅਵਤਾਰ ਸਿੰਘ ਨੇ ਦੱਸਿਆ ਕਿ ਸੁਖਮਨ ਅਤੇ ਉਸ ਦੀ ਮਾਤਾ ਆਬੀਆ ਦੋਵੇਂ ਆਪਣੇ ਕਮਰੇ ਵਿਚ ਪਏ ਸਨ ਕਿ ਅਚਾਨਕ ਛੱਤ ਦਾ ਲੈਂਟਰ ਦਾ ਕੁੱਝ ਹਿੱਸਾ ਟੁੱਟ ਗਿਆ ਅਤੇ ਇਹ ਟੁੱਕੜੇ ਬੱਚੇ ਦੇ ਸਿਰ ਅਤੇ ਉਸ ਦੀ ਮਾਤਾ ਆਬੀਆ ਦੇ ਉਪਰ ਡਿੱਗ ਪਏ। ਇਸ 'ਤੇ 14 ਸਾਲਾ ਬੱਚੇ ਦੀ ਮੌਤ ਹੋ ਗਈ ਅਤੇ ਉਸ ਦੀ ਮਾਤਾ ਗੰਭੀਰ ਜ਼ਖਮੀ ਹੋ ਗਈ। ਇਸ ਘਟਨਾ ਤੋਂ ਬਾਅਦ ਪਰਿਵਾਰ ਵਿਚ ਕੋਹਰਾਮ ਮਚ ਗਿਆ। ਪਰਿਵਾਰ ਨਾਲ ਵਾਪਰੀ ਇਸ ਦਿਲ ਕੰਬਾਊ ਘਟਨਾ ਵਿਚ ਸ਼ਹਿਰ ਨਿਵਾਸੀ ਦੁੱਖ ਸਾਂਝਾ ਕਰਨ ਪਹੁੰਚ ਰਹੇ ਹਨ।

**'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ 154ਵੇਂ ਦਿਨ 107 ਨਸ਼ਾ ਤਸਕਰ ਗ੍ਰਿਫ਼ਤਾਰ**

ਚੰਡੀਗੜ੍ਹ 16 ਮਈ। ਪੰਜਾਬ ਪੁਲਸ ਦੀਆਂ ਟੀਮਾਂ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ 154ਵੇਂ ਦਿਨ ਆਪਣੀ ਘੇਰਾਬੰਦੀ ਅਤੇ ਖੋਜ ਮੁਹਿੰਮ (ਕਾਸੋ) ਜਾਰੀ ਰੱਖਦਿਆਂ 481 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਨਾਲ ਸੂਬੇ ਭਰ 'ਚ 80 ਐੱਫ.ਆਈ.ਆਰਜ਼ ਦਰਜ ਕਰਨ ਤੋਂ ਬਾਅਦ 107 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਹੁਣ ਤੱਕ 154 ਦਿਨਾਂ ਅੰਦਰ ਗ੍ਰਿਫ਼ਤਾਰ ਕੀਤੇ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 24,325 ਹੋ ਗਈ ਹੈ। ਵਿਸ਼ੇਸ਼ ਡੀ.ਜੀ.ਪੀ. ਨੇ ਕਿਹਾ ਕਿ ਇਸ ਛਾਪੇਮਾਰੀ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ 'ਚੋਂ 13.9 ਕਿੱਲੋ ਹੈਰੋਇਨ, 500 ਗ੍ਰਾਮ ਅਫੀਮ ਅਤੇ 34,820 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। 87 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1300 ਤੋਂ ਵੱਧ ਪੁਲਸ ਮੁਲਾਜ਼ਮਾਂ ਵਾਲੀਆਂ 180 ਤੋਂ ਵੱਧ ਪੁਲਸ ਟੀਮਾਂ ਨੇ ਸੂਬੇ ਭਰ 'ਚ ਛਾਪੇਮਾਰੀ ਕੀਤੀ ਤੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 511 ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ।

## ਗੁਰੂਗ੍ਰਾਮ ਦੀ ਸਫਾਈ ਵਿਵਸਥਾ ਸਰਕਾਰ ਦੀ ਪਹਿਲੀ ਪ੍ਰਾਥਮਿਕਤਾ-ਸ਼ਹਿਰੀ ਸਥਾਨਕ ਸਰਕਾਰ ਮੰਤਰੀ ਵਿਪੁਲ ਗੋਇਲ

**ਕੌਮੀ ਪਤ੍ਰਿਕਾ**

ਚੰਡੀਗੜ੍ਹ, 16 ਮਈ। ਹਰਿਆਣਾ ਦੇ ਸ਼ਹਿਰੀ ਸਥਾਨਕ ਸਰਕਾਰ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਕਿਹਾ ਕਿ ਗੁਰੂਗ੍ਰਾਮ ਦੀ ਸਫਾਈ ਵਿਵਸਥਾ ਨੂੰ ਨਿਰਧਾਰਿਤ ਟੀਚਿਆਂ ਅਨੁਸਾਰ ਪੂਰਾ ਕਰਾਉਣਾ ਰਾਜ ਸਰਕਾਰ ਦੀ ਸਭ ਤੋਂ ਪਹਿਲੀ ਪ੍ਰਾਧਮਿਕਤਾ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਕੰਮ ਨੂੰ ਮੁਹਿੰਮ ਵੱਜੋਂ ਲੈਂਦੇ ਹੋਏ ਆਪਣੀ ਜਿੰਮੇਦਾਰੀਆਂ ਦਾ ਸੌ ਫੀਸਦੀ ਪੂਰਾ ਕਰਨ ਅਤੇ ਗੁਰੂਗ੍ਰਾਮ ਨੂੰ ਇੱਕ ਸੋਹਣਾ ਅਤੇ ਸਾਫ ਸੁਥਰਾ ਸ਼ਹਿਰ ਬਨਾਉਣ ਵਿੱਚ ਸਰਗਰਮੀ ਯੋਗਦਾਨ ਦੇਣ। ਸ਼ਹਿਰੀ ਸਥਾਨਕ ਸਰਕਾਰ ਮੰਤਰੀ ਸ੍ਰੀ ਵਿਪੁਲ ਗੋਇਲ ਸੋਮਵਾਰ ਨੂੰ ਗੁਰੂਗ੍ਰਾਮ ਸਥਿਤ ਬੱਧਵਾੜੀ ਪਲਾਂਟ ਦਾ ਨਿਰੀਖਣ ਕਰਨ ਤੋਂ ਬਾਅਦ ਪੀਡਬਲੂਡੀ ਰੇਸਟ ਹਾਉਸ ਵਿੱਚ ਆਯੋਜਿਤ ਸਮੀਖਿਆ ਮੀਟਿੰਗ ਨੂੰ ਸੰਬੋਧਿਤ ਕਰ ਰਹੇ ਸਨ। ਉਨ੍ਹਾਂ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਸ਼ਹਿਰ ਦੀ ਸਫਾਈ ਵਿਵਸਥਾ ਲੈਅ ਕੇ ਹੁਣ ਤੱਕ ਕੀਤੇ ਗਏ ਕੰਮਾਂ ਦੀ ਵਿਸਥਾਰ ਰਿਪੋਰਟ ਲਈ। ਉਨ੍ਹਾਂ ਨੇ ਕਿਹਾ ਕਿ ਗੁਰੂਗ੍ਰਾਮ ਇੱਕ ਗਲੋਬਲ ਸਿਟੀ ਹੈ ਅਤੇ ਇੱਥੇ ਕੀਤੇ ਜਾਣ ਵਾਲੇ ਯਤਨਾਂ ਦਾ ਸੰਦੇਸ਼ ਕੌਮਾਂਤਰੀ ਪੱਧਰ ਤੱਕ ਜਾਂਦਾ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਗੁਰੂਗ੍ਰਾਮ ਦੀ ਸਫਾਈ ਵਿਵਸਥਾ ਦੀ ਸਥਿਤੀ 'ਤੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਆਪ ਲਗਾਤਾਰ ਨਿਗਰਾਨੀ ਰੱਖ ਰਹੇ ਹਨ। ਅਜਿਹੇ ਵਿੱਚ ਜਰੂਰੀ ਹੈ ਕਿ ਅਧਿਕਾਰੀ ਪਹਿਲਾਂ ਤੋਂ ਵੀ ਵੱਧ ਸਮਰਪਣ ਅਤੇ ਗਤੀ ਦੇ ਨਾਲ ਕੰਮ ਕਰਦੇ ਹੋਏ ਜਨਤਾ ਦੀ ਉਮੀਦਾਂ 'ਤੇ ਖਰਾ ਉਤਰੇ। ਸ੍ਰੀ ਵਿਪੁਲ ਗੋਇਲ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਸਫਾਈ ਵਿਵਸਥਾ ਨੂੰ ਵਾਰਡ ਪੱਧਰ 'ਤੇ ਲਾਗੂ ਕਰਨ। ਪਹਿਲਾਂ ਤੋਂ ਤੈਅ ਪ੍ਰਕਿਰਿਆ ਵਿੱਚ ਬਦਲਾਓ ਕਰਦੇ ਹੋਏ ਹਰੇਕ ਵਾਰਡ ਨੂੰ ਸੁਤੰਤਰ ਇਕਾਈ ਮੰਨ ਦੇ ਕੰਮ ਕੀਤਾ ਜਾਵੇ, ਜਿਸ ਵਿੱਚ ਕਿਸੇ ਪ੍ਰਕਾਰ ਦੇ ਸਰੋਤਾਂ ਦੀ ਕਮੀ ਨਹੀਂ ਹੋਣੀ ਚਾਹੀਦੀ। ਹਰੇਕ ਵਾਰਡ ਵਿੱਚ ਇੱਕ ਜੇਸੀਬੀ ਮਸ਼ੀਨ, ਤਿੰਨ ਟ?ਰੈਕਟਰ ਅਤੇ ਚਾਰ ਤੋਂ ਪੰਜ ਕਰਮਚਾਰੀਆਂ ਦੀ ਟੀਮ ਨੂੰ ਸੰਬੰਧਿਤ ਵਾਰਡ ਪਾਰਸ਼ਦ ਨਾਲ ਅਟੈਚ ਕੀਤਾ ਜਾਵੇ। ਹਰ ਵਾਰਡ ਵਿੱਚ ਇੱਕ ਮਹੀਨੇ ਤੱਕ ਸਘਨ ਸਫਾਈ ਅਭਿਆਨ ਚਲਾਇਆ ਜਾਵੇ। ਉਨ੍ਹਾਂ ਨੇ ਕਿਹਾ ਕਿ ਇਸ ਅਭਿਆਨ ਦੌਰਾਨ ਸਭ ਤੋਂ ਵੱਧਿਆ ਕੰਮ ਕਰਨ ਵਾਲੇ ਵਾਰਡ ਨੂੰ ਮੁੱਖ ਮੰਤਰੀ ਦੇ ਹੱਥਾਂ ਨਕਦ ਇਨਾਮ ਨਾਲ ਸਨਮਾਨਿਤ ਵੀ ਕੀਤਾ ਜਾਵੇਗਾ। ਸ਼ਹਿਰੀ ਸਥਾਨਕ ਸਰਕਾਰ ਮੰਤਰੀ ਨੇ ਨਿਰਦੇਸ਼ ਦਿੱਤ ਕਿ ਗੁਰੂਗ੍ਰਾਮ ਦੇ ਅੰਦਰੂਨੀ ਇਲਾਕਿਆਂ ਵਿੱਚ ਜਲਭਰਾਵ ਦੀ ਸਮੱਸਿਆ ਨੂੰ ਧਿਆਨ ਵਿੱਚ ਰੱਖਦੇ ਹੋਏ 20 ਸਾਲ ਪੁਰਾਣੀ ਸੀਵਰ ਲਾਇਨਾਂ ਦਾ ਸਰਵੇ ਕਰਾਇਆ ਜਾਵੇ। ਸਰਵੇਖਣ ਦੇ ਅਧਾਰ 'ਤੇ ਇਹ ਤੈਅ ਕੀਤਾ ਜਾਵੇਗਾ ਕਿ ਨਵੀ ਸੀਵਰ ਲਾਇਨ ਦੀ ਲੋੜ ਹੈ। ਇਸ ਕੰਮ ਲਈ ਇੱਕ ਮਹੀਨੇ ਦਾ ਸਮਾਂ ਤੈਅ ਕੀਤਾ ਹੈ। ਉਨ੍ਹਾਂ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਕਿਹਾ ਕਿ ਸ਼ਹਿਰ ਵਿੱਚ ਸਥਿਤ ਕਚਰਾ ਸੰਗ੍ਰਹਿਣ ਦੇ ਸੇਕੰਡਰੀ ਪਵਾਇੰਟ ਨੂੰ ਯਕੀਨੀ ਉੱਚਾਈ ਤੱਕ ਢਕਿਆ ਜਾਵੇ, ਜਿਸ ਨਾਲ ਬਾਹਰ ਤੋਂ ਸਿਰਫ਼ ਵਾਹਨਾਂ ਦੀ ਆਵਾਜਾਈ ਵੀ ਵਿਖਾਈ ਦੇਵੇ। ਮੰਤਰੀ ਨੇ ਮੀਟਿੰਗ ਵਿੱਚ ਇਹ ਵੀ ਨਿਰਦੇਸ਼ ਦਿੱਤੇ ਕਿ ਮੌਨਸੂਨ ਕਾਰਨ ਸ਼ਹਿਰ ਦੀ ਸੜਕਾਂ 'ਤੇ ਬਣੇ ਗੱਡਿਆਂ ਨੂੰ ਭਰਿਆਂ ਜਾਵੇ।

## ਇੰਪੀਰੀਅਲ ਬੁੱਲਜ਼ ਨੇ ਪਟਿਆਲਾ ਵਿੱਚ ਆਪਣੀ 6ਵੀਂ ਸ਼ਾਖਾ ਖੋਲ੍ਹੀ

ਲੁਧਿਆਣਾ 16 ਮਈ। ਇੰਪੀਰੀਅਲ ਬੁੱਲਜ਼ ਪਟਿਆਲਾ ਵਿੱਚ ਇਹ ਇੱਕ ਬੇਮਿਸਾਲ ਸ਼ੁਰੂਆਤ ਰਹੀ ਹੈ। ਇਹ ਇੱਕ ਨਵਾਂ ਸੰਸਥਾਨ ਹੈ ।ਇੱਕ ਦਿਲਚਸਪ ਦੁਨੀਆਂ ਵਿੱਚ ਗਿਆਨ ਅਤੇ ਹੁਨਰ ਲੋਕਾਂ ਨੂੰ ਸਸ਼ਕਤ ਬਣਾਉਣ ਲਈ ਇਹ ਅਤਿ-ਆਧੁਨਿਕ ਨੂੰ ਸਮਰਪਿਤ ਹੈ ਸੰਸਥਾ ਨੇ ਆਪਣੀ ਛੇਵੀਂ ਸ਼ਾਖਾ ਇੰਪੀਰੀਅਲ ਬੁੱਲ ਦੇ ਨਾਮ 'ਤੇ ਲੀਲਾ ਭਵਨ ਮਾਰਕੀਟ, ਪਟਿਆਲਾ ਵਿੱਚ ਸ਼ੁਰੂ ਕੀਤੀ ।ਸੰਸਥਾ ਦੇ ਮੁਖੀ ਓਮ ਸਿੰਘ ਨੇ ਦੱਸਿਆ ਕਿ ਪਹਿਲਾਂ ਲੁਧਿਆਣਾ ਮਾਡਲ ਟਾਊਨ, ਸਾਹਨੇਵਾਲ, ਜਲੰਧਰ ਮੁਹਾਲੀ ਦੀ ਸਫਲਤਾ ਤੋਂ ਬਾਅਦ, ਲੀਲਾ ਭਵਨ ਪਟਿਆਲਾ ਵਿਖੇ ਸਥਿਤ ਇੰਪੀਰੀਅਲ ਬੁੱਲਜ਼ ਇੰਸਟੀਚਿਊਟ ਦੀ ਛੇਵੀਂ ਸ਼ਾਖਾ ਦਾ ਅੱਜ ਉਦਘਾਟਨ ਕੀਤਾ ਗਿਆ ਜੋ ਕਿ ਭਾਰਤੀ ਬੁੱਲਜ਼ ਇੰਸਟੀਚਿਊਟ ਦੀ ਸ਼ਾਖਾ ਹੈ। ਸਟਾਕ ਮਾਰਕੀਟ ਅਤੇ ਗਲੋਬਲ ਵਿਦੇਸ਼ੀਮੁਦਰਾ ਦੋਵਾਂ ਬਾਜ਼ਾਰਾਂ 'ਤੇ ਤਿੱਖਾ ਧਿਆਨ ਦੇ ਉੱਭਰ ਰਹੇ ਨਿਵੇਸ਼ਕ ਭਾਈਚਾਰੇ ਵਿੱਚ ਇੱਛਾ ਅਤੇ ਮੁਹਾਰਤ ਦੇ ਵਿਚਕਾਰ ਪਾੜੇ ਨੂੰ ਪੂਰਾ ਕਰਨ ਦਾ ਵਾਅਦਾ ਕਰਦਾ ਹੈ। ਤੁਹਾਡੀ ਉੱਦਮੀ ਭਾਵਨਾ ਇਸ ਸ਼ਹਿਰ ਵਿੱਚ, ਜਿਸ ਲਈ ਜਾਣਿਆ ਜਾਂਦਾ ਹੈ, ਇਸਦੇ ਵਿਆਪਕ ਪਾਠਕ੍ਰਮ ਦੇ ਨਾਲ ਦਾ ਅਰਥ ਹੈ ਬੇਸਿਕ ਇਨ ਬਿਜ਼ਨਸ ਐਡਵਾਂਸ ਲੈਵਲ ਤੋਂ ਲੈ ਕੇ ਕੋਰਸਾਂ ਦੀ ਪੇਸ਼ਕਸ਼ ਬਿਲਕੁਲ ਸ਼ੁਰੂਆਤ ਕਰਨ ਵਾਲਿਆਂ ਲਈ ਇਹ ਕਰਨ ਨਾਲ, ਜੋ ਮਾਰਕੀਟ ਡਾਇਨਾਮਿਕਸ ਦੇ ਬੁਨਿਆਦੀ ਸਿਧਾਂਤ ਇਹ ਉਨ੍ਹਾਂ ਲੋਕਾਂ ਲਈ ਬਹੁਤ ਫਾਇਦੇਮੰਦ ਸਾਬਤ ਹੋਵੇਗਾ ਜੋ ਸਿਧਾਂਤਾਂ ਨੂੰ ਸਮਝਣਾ ਚਾਹੁੰਦੇ ਹਨ।

## ਸੜਕ ਹਾਦਸੇ 'ਚ ਨੌਜਵਾਨ ਦੀ ਮੌਤ

ਮਾਨਸਾ 16 ਮਈ। ਸ਼ਹਿਰ ਦੇ ਸਿਰਸਾ ਰੋਡ ਸਥਿਤ ਓਵਰਬ੍ਰਿਜ 'ਤੇ ਬੇਸਹਾਰਾ ਪਸ਼ੂ ਨਾਲ ਮੋਟਰਸਾਈਕਲ ਟਕਰਾਉਣ ਕਾਰਨ ਇਕ ਨੌਜਵਾਨ ਦੀ ਮੌਤ ਹੋ ਗਈ ਹੈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਇਸ 'ਚ ਢੱਠੇ ਦੀ ਵੀ ਮੌਤ ਹੋ ਗਈ। ਇਸ ਘਟਨਾ ਤੋਂ ਕੁੱਝ ਦਿਨ ਪਹਿਲਾਂ ਕਾਲਜ ਰੋਡ 'ਤੇ 2 ਕਾਰਾਂ ਦੀ ਬੇਸਹਾਰਾ ਪਸ਼ੂਆਂ ਨਾਲ ਟੱਕਰ 'ਚ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ ਸਨ। ਏ. ਐੱਸ. ਆਈ. ਬਲਵੀਰ ਸਿੰਘ ਨੇ ਦੱਸਿਆ ਕਿ ਬੀਤੀ ਦੇਰ ਰਾਤ ਕਰੀਬ 9 ਵਜੇ ਸਤਨਾਮ ਸਿੰਘ ਪੁੱਤਰ ਹਰਵਿੰਦਰ ਸਿੰਘ ਵਾਸੀ ਨਿਰਵੈਰ ਨਗਰ ਝੂਠਿਆਂਵਾਲੀ ਰੋਡ ਮਾਨਸਾ ਸਿਰਸਾ ਰੋਡ ਤੋਂ ਓਵਰਬ੍ਰਿਜ ਨੂੰ ਮੋਟਰਸਾਈਕਲ 'ਤੇ ਆ ਰਿਹਾ ਸੀ। ਜਦ ਉਹ ਓਵਰਬ੍ਰਿਜ 'ਤੇ ਪਹੁੰਚਿਆ ਤਾਂ ਬੇਸਹਾਰਾ ਪਸ਼ੂਆਂ ਨਾਲ ਉਸਦਾ ਮੋਟਰਸਾਈਕਲ ਟਕਰਾ ਗਿਆ। ਨੌਜਵਾਨ ਨੂੰ ਗੰਭੀਰ ਰੂਪ 'ਚ ਸੱਟਾਂ ਲੱਗੀਆਂ, ਜਿਸ ਨੂੰ ਮਾਨਸਾ ਦੇ ਸਿਵਲ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ। ਬਾਅਦ ਸਿਵਲ ਹਸਪਤਾਲ ਮਾਨਸਾ ਵੱਲੋਂ ਸੱਟਾ ਜ਼ਿਆਦਾ ਹੋਣ ਕਰ ਕੇ ਉਸ ਨੂੰ ਹਾਇਰ ਸੈਂਟਰ ਲਈ ਰੈਫ਼ਰ ਕਰ ਦਿੱਤਾ, ਜਿੱਥੇ ਇਲਾਜ ਦੌਰਾਨ ਸਤਨਾਮ ਸਿੰਘ ਦੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਪੁਲਸ ਤੋਂ ਬਾਅਦ ਪੋਸਟਮਾਰਟਮ ਕਰਵਾਉਣ ਉਪਰੰਤ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ, ਜਿਸਦਾ ਸ਼ਨੀਵਾਰ ਦੀ ਸ਼ਾਮ ਅੰਤਿਮ ਸਸਕਾਰ ਕਰ ਦਿੱਤਾ ਗਿਆ ਹੈ। ਮ੍ਰਿਤਕ 6 ਮਹੀਨੇ ਦੇ ਬੱਚੇ ਦਾ ਪਿਤਾ ਸੀ।

## ਪੰਚਾਇਤ ਦੇ ਮਤੇ ਖ਼ਿਲਾ.ਫ ਜਾ ਕੇ ਮੁੰਡੇ ਨੇ ਕਰਵਾਇਆ ਪ੍ਰੇਮ ਵਿਆਹ, ਫਿਰ ਉਹ ਹੋਇਆ ਜੋ ਸੋਚਿਆ ਨਾ ਸੀ

**ਕੌਮੀ ਪਤ੍ਰਿਕਾ**

ਮੋਗਾ 16 ਮਈ। ਮੋਗਾ ਦੇ ਪਿੰਡ ਘਲ ਕਲਾਂ ਦਾ ਇਕ ਬੇਹੱਦ ਹੈਰਾਨ ਕਰ ਦੇਣ ਵਾਲਾ ਮਾਮਲਾ ਸਾਹਮਣੇ ਹੈ। ਲਵ ਮੈਰਿਜ ਕਰਵਾਉਣ ਵਾਲੇ ਮੁੰਡੇ ਦੀ ਮਾਂ ਅਤੇ ਪਰਿਵਾਰ ਦੀ ਪਹਿਲਾਂ ਤਾਂ ਕੁੱਟਮਾਰ ਕੀਤੀ ਗਈ ਅਤੇ ਫਿਰ ਘਰੋਂ ਬਾਹਰ ਕੱਢ ਕੇ ਘਰ ਨੂੰ ਤਾਲਾ ਲਗਾ ਦਿੱਤਾ। ਪ੍ਰੇਮ ਵਿਆਹ ਕਰਵਾਉਣ ਵਾਲੇ ਮੁੰਡੇ-ਕੁੜੀ ਦੇ ਪਰਿਵਾਰ ਨੇ ਕੋਈ ਕਾਰਵਾਈ ਨਹੀਂ ਕਰਵਾਈ ਪਰ ਦੋਸ਼ ਹੈ ਕਿ ਪਿੰਡ ਦੇ ਲੋਕਾਂ ਅਤੇ ਮਹਿਲਾ ਸਰਪੰਚ ਦੇ ਪਤੀ ਨੇ ਨੌਜਵਾਨ ਦੀ ਮਾਂ ਨੂੰ ਵਾਲਾਂ ਤੋਂ ਫੜ ਕੇ ਘੜੀਸਿਆ ਅਤੇ ਲੜਕੇ ਦੇ ਪਿਤਾ ਅਤੇ ਭਰਾ ਨਾਲ ਕੁੱਟਮਾਰ ਕੀਤੀ ਅਤੇ ਫਿਰ ਪਿੰਡ ਤੋਂ ਬਾਹਰ ਕੱਢ ਦਿੱਤਾ। ਬਾਅਦ ਵਿਚ ਲੋਕਾਂ ਨੇ ਪੀੜਤ ਪਰਿਵਾਰ ਦੇ ਘਰ ਨੂੰ ਤਾਲਾ ਜੜ੍ਹ ਦਿੱਤਾ। ਜ਼ਖ਼ਮੀ ਪਰਿਵਾਰ ਨੂੰ 9 ਦਿਨ ਬਾਅਦ ਹਸਪਤਾਲ ਤੋਂ ਛੁੱਟੀ ਮਿਲੀ ਹੈ ਪਰ ਡਰ ਕਾਰਣ ਪਰਿਵਾਰ ਘਰ ਨਹੀਂ ਗਿਆ ਸਗੋਂ ਸੋਮਵਾਰ ਨੂੰ ਮੋਗਾ-ਫਿਰੋਜ਼ਪੁਰ ਰੋਡ ਸਥਿਤ ਪਿੰਡ ਜਗਰੂ ਵਿਚ ਅੰਡਰਬਰਿੱਜ ਦੇ ਹੇਠਾਂ ਰਾਤ ਕੱਟੀ ਅਤੇ ਫਿਰ ਮੰਗਲਵਾਰ ਸਵੇਰੇ ਇਨਸਾਫ ਲਈ ਐੱਸ. ਐੱਸ. ਪੀ. ਦਫਤਰ ਪਹੁੰਚਿਆ। ਮਾਮਲੇ ਨੇ ਜਦੋਂ ਤੂਲ ਫੜ ਲਿਆ ਮਹਿਲਾ ਸਰਪੰਚ ਦਾ ਪਤੀ ਸਿਆਸੀ ਆਗੂਆਂ ਦੀ ਸ਼ਰਨ ਵਿਚ ਚਲਾ ਗਿਆ।



ਪਰਿਵਾਰ ਦਾ ਕਹਿਣਾ ਹੈ ਕਿ ਬੇਟੇ ਨੇ 5 ਮਈ ਨੂੰ ਮੋਗਾ ਅਦਾਲਤ ਵਿਚ ਪ੍ਰੇਮ ਵਿਆਹ ਕੀਤਾ ਸੀ। ਫਿਰ ਦੋਵਾਂ (ਕੁੜੀ ਮੁੰਡੇ) ਨੇ ਪਿੰਡ ਛੱਡ ਦਿੱਤਾ। 21 ਜੁਲਾਈ ਰਾਤ ਨੂੰ ਪਿੰਡ ਦੇ ਕੁਝ ਲੋਕਾਂ ਨੇ ਘਰ ਅੰਦਰ ਦਾਖਲ ਹੋ ਕੇ ਕੁੱਟਮਾਰ ਕੀਤੀ ਅਤੇ ਉਨ੍ਹਾਂ ਨੰ ਘਰੋਂ ਕੱਢ ਦਿੱਤਾ। ਦੂਜੇ ਪਾਸੇ ਮਹਿਲਾ ਸਰਪੰਚ ਦੇ ਪਤੀ ਸੁਖਚੈਨ ਸਿੰਘ ਦਾ ਕਹਿਣਾ ਹੈ ਕਿ ਅਕਤੂਬਰ 2024 ਵਿਚ ਪਿੰਡ ਵਿਚ ਨਵੀਂ ਪੰਚਾਇਤ ਬਣੀ ਸੀ। ਪੰਚਾਇਤ ਨੇ ਸਰਬ ਸੰਮਤੀ ਨਾਲ ਇਕ ਪ੍ਰਸਤਾਅ ਪਾਸ ਕੀਤਾ ਸੀ ਕਿ ਪਿੰਡ ਦਾ ਕੋਈ ਲੜਕਾ ਪਿੰਡ ਦੀ ਲੜਕੀ ਨਾਲ ਜੇ ਵਿਆਹ ਕਰਵਾਉਂਦਾ ਹੈ ਤਾਂ ਉਸ ਨੂੰ ਪਿੰਡ ਵਿਚ ਨਹੀਂ ਰਹਿਣ ਦਿੱਤਾ ਜਾਵੇਗਾ ਅਤੇ ਉਸ ਦੀ ਮਦਦ ਕਰਨ ਵਾਲੇ ਨੂੰ ਵੀ ਪਿੰਡ ਵਿਚੋਂ ਬਾਹਰ ਕੱਢਿਆ ਜਾਵੇਗਾ। ਪਰਿਵਾਰ ਦਾ ਪੁੱਤ 4 ਮਹੀਨੇ ਪਹਿਲਾਂ ਲੜਕੀ ਨੂੰ ਆਪਣੇ ਨਾਲ ਲੈ ਗਿਆ ਸੀ ਅਤੇ ਵਿਆਹ ਕਰਵਾ ਲਿਆ। ਚਾਰ ਮਹੀਨੇ ਬਾਅਦ ਜਦੋਂ ਉਕਤ ਲੜਕੀ ਪਰਤੀ ਤਾਂ ਕੁੜੀ ਦੇ ਪਰਿਵਾਰ ਅਤੇ ਪਿੰਡ ਵਾਸੀਆਂ ਦਾ ਗੁੱਸਾ ਫੁੱਟ ਗਿਆ ਅਤੇ ਲੋਕਾਂ ਨੇ ਲੜਕੇ ਪਰਿਵਾਰ ਦੀ ਕੁੱਟਮਾਰ ਕੀਤੀ। ਉਕਤ ਨੇ ਕਿਹਾ ਕਿ ਪਰਿਵਾਰ ਨੂੰ ਮੁਆਫੀ ਮੰਗਣ ਦੀ ਵੀ ਗੱਲ ਕਹੀ ਸੀ। ਫਿਲਹਾਲ ਪੁਲਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੇ ਜਾਣ ਦੀ ਗੱਲ ਆਖੀ ਜਾ ਰਹੀ ਹੈ।

## ਸਕੂਲੀ ਵਿਦਿਆਰਥੀਆਂ ਨੂੰ ਤਰਕਸ਼ੀਲ ਚੇਤਨਾ ਪ੍ਰੀਖਿਆ ਸਬੰਧੀ ਦਿੱਤੀ ਜਾਣਕਾਰੀ

ਲੌਂਗੋਵਾਲ, 16 ਮਈ। ਤਰਕਸ਼ੀਲ ਸੁਸਾਇਟੀ ਪੰਜਾਬ, ਇਕਾਈ ਲੌਂਗੋਵਾਲ ਵੱਲੋਂ ਸੱਤਵੀਂ ਚੇਤਨਾ ਪਰਖ ਪ੍ਰੀਖਿਆ ਸਬੰਧੀ ਸ਼ਹੀਦ ਸਰਦਾਰ ਭਗਵਾਨ ਸਿੰਘ ਸੀਨੀਅਰ ਸੈਕੰਡਰੀ (ਕੰਨਿਆ) ਸਕੂਲ ਲੌਂਗੋਵਾਲ ਅਤੇ ਸ਼ਹੀਦ ਮਤੀ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ ਵਿਖੇ ਤਰਕਸ਼ੀਲ ਆਗੂਆਂ ਵੱਲੋਂ ਵਿਦਿਆਰਥੀਆਂ ਨਾਲ ਰਾਬਤਾ ਬਣਾ ਕੇ ਚੇਤਨ ਕੀਤਾ ਗਿਆ।ਤਰਕਸ਼ੀਲ ਸੁਸਾਇਟੀ, ਪੰਜਾਬ ਦੇ ਸੀਨੀਅਰ ਆਗੂਆਂ ਬਲਬੀਰ ਲੌਂਗੋਵਾਲ ਅਤੇ ਜੁਝਾਰ ਲੌਂਗੋਵਾਲ ਵੱਲੋਂ ਆਪਣੇ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨਾਲ ਸੰਵਾਦ ਰਚਾਇਆ ਗਿਆ। ਜਿਥੇ ਬਲਬੀਰ ਲੌਂਗੋਵਾਲ ਨੇ ਗ਼ਦਰੀ ਗੁਲਾਬ ਕੌਰ ਬਖਸ਼ੀਵਾਲਾ ਜਿੰਨਾ ਦੇ ਸ਼ਹਾਦਤ ਵਰੇ ਨੂੰ ਇਸ ਵਾਰ ਦੀ ਪ੍ਰੀਖਿਆ ਸਮਰਪਤ ਕੀਤੀ ਗਈ ਹੈ, ਦੀ ਜੀਵਨ ਘਾਲਣਾ, ਸੰਘਰਸ਼ ਅਤੇ ਗ਼ਦਰੀਆਂ ਦੀ ਕਾਰਜਸ਼ੈਲੀ, ਮਨੋਰਥ ਤੇ ਭਰਭੂਰ ਚਾਨਣਾ ਪਾਇਆ ਉਥੇ ਜੁਝਾਰ ਲੌਂਗੋਵਾਲ ਨੇ 7ਵੀਂ ਚੇਤਨਾ ਪਰਖ਼ ਪ੍ਰੀਖਿਆ 2025 ਤੇ ਗੱਲਬਾਤ ਕਰਦਿਆਂ ਵਿਦਿਆਰਥੀਆਂ ਨੂੰ ਅੰਧਵਿਸ਼ਵਾਸੀ ਫ਼ਲਸਫੇ, ਵੇਲਾ ਵਿਹਾ ਚੁਕੀਆਂ ਰਸਮਾਂ ਨੂੰ ਛੱਡ ਕੇ ਉਸਾਰੂ ਸਹਿਤ, ਵਿਗਿਆਨਕ ਅਤੇ ਤਰਕਸ਼ੀਲ ਵਿਚਾਰਧਾਰਾ ਨੂੰ ਅਪਨਾ ਕੇ ਨਿਗਰ ਸਮਾਜ ਨੂੰ ਸਿਰਜਣ ਦੀ ਪ੍ਰੇਰਨਾ ਦਿੱਤੀ ਗਈ।ਇਸ ਮੌਕੇ ਦੋਨਾਂ ਸਕੂਲਾਂ ਵਿੱਚ ਪ੍ਰਿੰਸੀਪਲ ਕਰਮਜੀਤ ਕੌਰ,ਪ੍ਰਿੰਸੀਪਲ ਬਿਪਨ ਕੁਮਾਰ ਚਾਵਲਾ,ਲੈਕ ਤਰਸੇਮ ਸਿੰਘ, ਅਧਿਆਪਕ ਅਸ਼ੋਕ ਦੀਨ, ਕੈਂਪਸ ਮੈਨੇਜਰ ਨਿਰਭੈ ਸਿੰਘ ਤੋਂ ਇਲਾਵਾ ਅਧਿਆਪਨ ਸਟਾਫ ਹਾਜ਼ਰ ਸਨ ਤੇ ਲੈਕ: ਲੀਲਾ ਸ਼ਰਮਾ ਅਤੇ ਮੈਡਮ ਮਨੋਜ ਗੁਪਤਾ ਨੇ ਆਗੂ ਟੀਮ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਪ੍ਰੀਖਿਆ ਵਿੱਚ ਭਾਗ ਲੈਣ ਲਈ ਵੀ ਪ੍ਰੇਰਿਆ।

# ਵਿਆਹ ਤੋਂ ਬਾਅਦ ਆਈ ਕਮਜ਼ੋਰੀ ਕਿਤੇ ਬਚਪਨ ਦੀਆਂ .ਗਲਤੀਆਂ ਕਾਰਨ ਤਾਂ ਨਹੀਂ ?

**ਕੌਮੀ ਪਤ੍ਰਿਕਾ**

ਜਲੰਧਰ 16 ਮਈ। ਅੱਜ-ਕੱਲ ਮਰਦਾਨਾ ਕਮਜ਼ੋਰੀ ਤੋਂ ਸਿਰਫ਼ ਬਜ਼ੁਰਗ ਹੀ ਨਹੀਂ ਬਲਕਿ ਨੌਜਵਾਨ ਵੀ ਬਹੁਤ ਪ੍ਰੇਸ਼ਾਨ ਹਨ। ਅੱਜ ਕਈ ਪੁਰਸ਼ ਅਜਿਹੇ ਹਨ ਜਿਹੜੇ ਸੈਕਸ ਸਮੱਸਿਆਵਾਂ ਦੀ ਮਾਰ ਝੱਲ ਰਹੇ ਹਨ, ਜਿਵੇਂ ਸ਼ੀਘਰਪਤਨ, ਜੋਸ਼ ਅਤੇ ਸਟੈਮਿਨਾ ਦੀ ਕਮੀ, ਨਸਾਂ ਦੀ ਕਮਜ਼ੋਰੀ, ਤਾਕਤ ਅਤੇ ਜਵਾਨੀ ਦੀ ਕਮੀ, ਕਾਮ ਇੱਛਾ ਦੀ ਘਾਟ ਆਦਿ। ਸੈਕਸ ਕਮਜ਼ੋਰੀ ਤੋਂ ਪ੍ਰੇਸ਼ਾਨ ਪੁਰਸ਼ਾਂ ਦਾ ਇਹੀ ਸਵਾਲ ਹੁੰਦਾ ਹੈ ਕਿ ਆਖਿਰ ਸ਼ੀਘਰਪਤਨ ਦਾ ਇਲਾਜ ਕੀ ਹੈ? ਜੋਸ਼ ਅਤੇ ਸਟੈਮਿਨਾ ਕਿਵੇਂ ਵਧਾਇਆ ਜਾਵੇ? ਕਾਮ ਇੱਛਾ ਦੀ ਕਮੀ ਕਿਵੇਂ ਦੂਰ ਕਰੀਏ? ਵਾਰ-ਵਾਰ ਸ਼ੀਘਰਪਤਨ ਹੋਣ ਨਾਲ ਜੋਸ਼ ਅਤੇ ਸਟੈਮਿਨਾ ਦੀ ਕਮੀ ਕਾਰਣ ਪੁਰਸ਼ ਆਪਣੇ ਪਾਰਟਨਰ ਨੂੰ ਸੰਤੁਸ਼ਟ ਨਹੀਂ ਕਰ ਪਾਉਂਦਾ, ਜਿਸ ਕਾਰਣ ਪੁਰਸ਼ਾਂ ਨੂੰ ਉਨ੍ਹਾਂ ਸਾਹਮਣੇ ਸ਼ਰਮਿੰਦਾ ਵੀ ਹੋਣਾ ਪੈਂਦਾ ਹੈ। ਇਥੋਂ ਤਕ ਕਿ ਕਈ ਵਾਰ ਮਾਮਲਾ ਤਲਾਕ ਤਕ ਵੀ ਪਹੁੰਚ ਜਾਂਦਾ ਹੈ। ਕਈ ਅਣਵਿਆਹੇ ਪੁਰਸ਼ ਵੀਰਾਂ ਦਾ ਕਹਿਣਾ ਹੁੰਦਾ ਹੈ ਕਿ ਬਚਪਨ ਵਿਚ ਕੀਤੀਆਂ ਗਈਆਂ ਗਲਤੀਆਂ ਦੇ ਕਾਰਣ ਸਾਡੀਆਂ ਨਸਾਂ ਵਿਚ ਕਮਜ਼ੋਰੀ ਆ ਗਈ ਹੈ। ਐਕਸਪਰਟ ਦਾਅਵਾ ਕਰਦੇ ਹਨ ਕਿ ਸਹੀ ਲਾਈਫ ਸਟਾਈਲ ਅਪਣਾਉਣ ਨਾਲ ਇਨਸਾਨ ਦੀ ਸੈਕਸ ਡ?ਰਾਈਵ ਬਿਹਤਰ ਹੁੰਦੀ ਹੈ। ਮਰਦਾਨਾ ਤਾਕਤ ਨੂੰ ਵਧਾਉਣ ਲਈ ਸਭ ਤੋਂ ਜ਼ਰੂਰੀ ਹੈ ਆਪਣੇ ਲਈ ਸਮਾਂ ਕੱਢ ਕੇ ਸਵੇਰ-ਸ਼ਾਮ ਸੈਰ ਕਰਨਾ, ਕਸਰਤ ਕਰਨਾ, ਯੋਗਾ ਕਰਨਾ, ਤਣਾਅ ਮੁਕਤ ਰਹਿਣਾ, ਸਾਕਾਰਾਤਮਕ ਸੋਚ ਰੱਖਣਾ, ਡ?ਰਾਈ ਫਰੂਟਸ, ਦੁੱਧ-ਪਨੀਰ, ਫਰੂਟ, ਜੂਸ, ਸਲਾਦ, ਪੁੰਗਰੇ ਅਨਾਜ ਤੇ ਇਸ ਤੋਂ ਇਲਾਵਾ ਵਧੀਆ ਖੁਰਾਕ, ਜਿਨ੍ਹਾਂ 'ਚ ਹੈਲਥੀ ਫੈਟਸ, ਵਿਟਾਮਿਨਸ, ਫੋਲਿਕ ਐਸਿਡ ਤੇ ਹੋਰ ਮਲਟੀ ਵਿਟਾਮਿਨਸ ਦੇ ਗੁਣ ਮੌਜੂਦ ਹੋਣ। ਫਾਸਟ ਫੂਡ, ਸ਼ਰਾਬ, ਮਾਸਾਹਾਰੀ, ਵਧੇਰੇ ਮਿਰਚ-ਮਸਾਲੇ ਤੇ ਅੰਗਰੇਜ਼ੀ ਦਵਾਈਆਂ ਦੇ ਸੇਵਨ ਤੋਂ ਪ੍ਰਹੇਜ਼ ਰੱਖੋ। ਇਸ ਤੋਂ ਇਲਾਵਾ ਰੈਗੂਲਰ ਕਸਰਤ ਜਾਂ ਕਿਸੇ ਵੀ ਤਰ੍ਹਾਂ ਦੇ ਵਰਕਆਊਟ ਨਾਲ ਵੀ ਵਧੀਆ ਅਸਰ ਪੈਂਦਾ ਹੈ। ਆਯੁਰਵੈਦਿਕ ਨੁਸਖ਼?ਆਂ 'ਚ ਕਾਰਗਰ ਜੜ੍ਹੀ ਬੂਟੀਆਂ 'ਚ ਸ਼ਕਤੀ ਵਧਾਊ ਖਣਿਜ, ਵੀਰਜ ਤੇ ਜੋਸ਼ ਵਧਾਉਣ ਵਾਲੀਆਂ ਖ਼ਾਸ ਭਸਮਾਂ ਹੁੰਦੀਆਂ ਹਨ, ਜਿਨ੍ਹਾਂ ਦਾ ਇਸਤੇਮਾਲ ਕਰਕੇ ਪੁਰਸ਼ ਜ਼ਿੰਦਗੀ ਭਰ ਤੰਦਰੁਸਤੀ ਤੇ ਮਰਦਾਨਗੀ ਦਾ ਆਨੰਦ ਮਾਣ ਸਕਦਾ ਹੈ। ਇਨ੍ਹਾਂ ਹੀ ਕੀਮਤੀ ਜੜ੍ਹੀ-ਬੂਟੀਆਂ ਤੇ ਭਸਮਾਂ, ਜਿਵੇਂ ਅਸ਼ਵਗੰਧਾ, ਸਤਾਵਰੀ, ਸਾਲਮ ਮਿਸ਼ਰੀ, ਸਾਲਮ ਪੰਜਾ, ਸ਼ਿਲਾਜੀਤ, ਕੇਸਰ, ਕੌਂਚ ਬੀਜ, ਗੋਖਰੂ, ਬੀਜ ਬੰਦ, ਵਿਦਾਰੀਕੰਦ, ਅੰਬਰ, ਮਕਰਧਵੱਜ, ਸਵਰਨ ਭਸਮ ਤੇ ਹੋਰ ਉੱਤਮ ਔਸ਼ਧੀਆਂ ਨੂੰ ਮਿਲਾ ਕੇ ਇਕ ਅਜਿਹੀ ਦਵਾਈ ਤਿਆਰ ਕੀਤੀ ਗਈ ਹੈ, ਜਿਸ ਦਾ ਸੇਵਨ ਕਰਨ ਤੋਂ ਬਾਅਦ ਤੁਸੀਂ ਪੁਰਾਣੀ ਤੋਂ ਪੁਰਾਣੀ ਧਾਂਤ, ਸੁਪਨਦੋਸ਼, ਵੀਰਜ ਦਾ ਪਤਲਾਪਣ, ਮਰਦਾਨਾ ਕਮਜ਼ੋਰੀ, ਸ਼ੀਘਰਪਤਨ, ਜੋਸ਼ ਦੀ ਘਾਟ, ਨਸਾਂ ਦਾ ਢਿੱਲਾਪਣ, ਸੈਕਸ ਇੱਛਾ ਦੀ ਕਮੀ, ਮਸਾਨੇ ਦੀ ਕਮਜ਼ੋਰੀ, ਸ਼ੁਕਰਾਣੂ ਸਮੱਸਿਆ ਤੇ ਹੋਰ ਕਈ ਗੁਪਤ ਰੋਗਾਂ ਨੂੰ ਜੜ੍ਹੋਂ ਖ਼ਤਮ ਕਰ ਸਕਦੇ ਹੋ। ਇਸ ਆਯੁਰਵੈਦਿਕ ਨੁਸਖ਼ੇ ਦਾ ਇਕ ਵਾਰ ਪੂਰਾ ਕੋਰਸ ਕਰਨ ਤੋਂ ਬਾਅਦ ਵਾਰ-ਵਾਰ ਦਵਾਈ ਖਾਣ ਦੀ ਲੋੜ ਵੀ ਨਹੀਂ ਪੈਂਦੀ। ਵਧੇਰੇ ਉਮਰ ਕਾਰਨ ਮਰਦਾਨਾ ਤਾਕਤ ਦਾ ਕਮਜ਼ੋਰ ਹੋਣਾ ਕੁਦਰਤੀ ਹੈ ਪਰ ਕੁਝ ਲੋਕਾਂ 'ਚ ਇਹ ਲੱਛਣ ਸਮੇਂ ਤੋਂ ਪਹਿਲਾਂ ਹੀ ਦਿਸਣ ਲੱਗ ਜਾਂਦੇ ਹਨ। ਅੱਜਕਲ 50 ਸਾਲ ਛੱਡੋ 30-40 ਸਾਲ ਦੇ ਨੌਜਵਾਨਾਂ 'ਚ ਵੀ ਮਰਦਾਨਾ ਕਮਜ਼ੋਰੀ ਆ ਰਹੀ ਹੈ। ਮਰਦਾਨਾ ਕਮਜ਼ੋਰੀ, ਯੌਨ ਇੱਛਾ ਦੀ ਕਮੀ, ਸ਼ੀਘਰਪਤਨ, ਨਿਪੁੰਸਕਤਾ ਅਤੇ ਨਸਾਂ ਦਾ ਢਿੱਲਾਪਣ ਭਾਵੇਂ ਵਧ ਰਹੀ ਉਮਰ ਕਾਰਨ, ਜ਼ਿਆਦਾ ਅੰਗਰੇਜ਼ੀ ਦਵਾਈਆਂ ਦੀ ਵਰਤੋਂ, ਘਰੇਲੂ ਤੇ ਕਾਰੋਬਾਰ ਟੈਨਸ਼ਨ, ਬੀ.ਪੀ. ਜਾਂ ਸ਼ੂਗਰ ਕਾਰਨ ਹੋਵੇ। ਉਮਰ ਭਾਵੇਂ 50 ਹੋਵੇ ਜਾਂ 60 ਸਾਲ ਬਜ਼ੁਰਗ ਵੀਰ ਇਕ ਵਾਰ ਜ਼ਰੂਰ ਸਾਡੇ ਆਯੁਰਵੈਦਿਕ ਨੁਸਖ਼ੇ ਦਾ ਸੇਵਨ ਕਰਨ, ਬੁਢਾਪੇ 'ਚ ਵੀ ਜਵਾਨੀ ਵਰਗਾ ਪੂਰਾ ਜੋਸ਼ ਤੇ ਭਰਪੂਰ ਆਨੰਦ ਪਾਓ। ਇਸ ਤੋਂ ਇਲਾਵਾ ਪੁਰਾਣੇ ਤੋਂ ਪੁਰਾਣਾ ਰੇਸ਼ਾ, ਨਜ਼ਲਾ-ਜ਼ੁਕਾਮ, ਖਾਂਸੀ, ਸਾਹ ਦੀ ਐਲਰਜੀ, ਦਮਾ-ਅਸਥਮਾ, ਬਵਾਸੀਰ, ਖ਼ੂਨੀ ਹੋਵੇ ਜਾਂ ਬਾਦੀ, ਮੌਕੇ ਨਿਕਲਣਾ, ਭਗੰਦਰ, ਔਰਤਾਂ ਦੇ ਰੋਗਾਂ-ਲੇਕੋਰੀਆ (ਸਫੈਦ ਪਾਣੀ), ਵਜ਼ਨ ਵਧਾਉਣ, ਚਮੜੀ ਰੋਗ, ਜੋੜਾਂ ਦੇ ਦਰਦ ਤੇ ਸ਼ੂਗਰ ਕਾਰਨ ਆਈ ਮਰਦਾਨਾ ਕਮਜ਼ੋਰੀ ਦਾ ਆਯੁਰਵੈਦਿਕ ਦੇਸੀ ਇਲਾਜ। ਦਵਾਈ ਦੇਸ਼-ਵਿਦੇਸ਼ ਭੇਜਣ ਦਾ ਖ਼ਾਸ ਪ੍ਰਬੰਧ ਹੈ। ਦੇਸ਼ਾਂ ਤੇ ਵਿਦੇਸ਼ਾਂ 'ਚ ਬੈਠੇ ਹਜ਼ਾਰਾਂ ਨੌਜਵਾਨ ਤੇ ਬਜ਼ੁਰਗ ਵੀਰ ਆਪਣੇ ਰੋਗ ਮੁਤਾਬਿਕ 'ਰੌਸ਼ਨ ਹੈਲਥ ਕੇਅਰ' ਰੇਲਵੇ ਰੋਡ, ਜਲੰਧਰ (ਪੰਜਾਬ) ਕੋਲੋਂ ਆਪਣੀ ਆਯੁਰਵੈਦਿਕ ਦਵਾਈ ਦਾ ਨੁਸਖ਼ਾ ਬਣਵਾ ਰਹੇ ਹਨ। ਇਨ੍ਹਾਂ ਦੇ ਤਜਰਬੇਕਾਰ ਤੇ ਕੁਆਲੀਫਾਈਡ ਆਯੁਰਵੈਦਿਕ ਡਾਕਟਰ ਤੁਹਾਡੀ ਕਮਜ਼ੋਰੀ, ਉਮਰ ਤੇ ਰੋਗ ਮੁਤਾਬਕ ਇਕ ਅਜਿਹੀ ਆਯੁਰਵੈਦਿਕ ਦਵਾਈ ਬਣਾ ਕੇ ਦੇਣਗੇ, ਜਿਸ ਦਾ ਇਸੇਤਮਾਲ ਕਰਨ ਤੋਂ ਬਾਅਦ ਤੁਸੀਂ ਆਪਣੀ ਮਰਦਾਨਾ ਕਮਜ਼ੋਰੀ ਨੂੰ ਭੁੱਲ ਜਾਓਗੇ।

**ਸਰਹੱਦੀ ਪਿੰਡਾਂ ਦੇ ਨਾਲਿਆਂ ਦੇ ਪਾਣੀ ਦਾ ਪੱਧਰ ਵਧਣ ਕਾਰਨ ਆਉਣ-ਜਾਣ ਵਾਲੇ ਰਸਤੇ ਹੋਏ ਬੰਦ**

ਦੀਨਾਨਗਰ 16 ਮਈ। ਪਿਛਲੇ ਦੋ ਦਿਨ ਤੋਂ ਲਗਾਤਾਰ ਪੈ ਰਹੀ ਬਾਰਿਸ਼ ਤੋਂ ਬਾਅਦ ਜੰਮੂ-ਕਸ਼ਮੀਰ ਤੋਂ ਬਾਅਦ ਹੁਣ ਪੰਜਾਬ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਸਰਹੱਦੀ ਇਲਾਕਿਆਂ ਵਿੱਚ ਇਸਦਾ ਅਸਰ ਦੇਖਣ ਨੂੰ ਮਿਲਿਆ ਹੈ। ਜਾਣਕਾਰੀ ਅਨੁਸਾਰ 1 ਲੱਖ 14000 ਕਿਊਸਿਕ ਪਾਣੀ ਛੱਡੇ ਜਾਣ ਤੋਂ ਬਾਅਦ ਰਾਵੀ ਦਰਿਆ ਅਤੇ ਉੱਜ ਦਰਿਆ ਦਾ ਪੱਧਰ ਵੱਧ ਚੁੱਕਿਆ ਹੈ ਜਿਸ ਦਾ ਸਿੱਧਾ ਅਸਰ ਸਰਹੱਦੀ ਪਿੰਡਾਂ ਦੇ ਨਾਲ ਲੱਗਦੇ ਨੌਮਨੀ ਨਾਲਿਆਂ ਦੇ ਉੱਪਰ ਪਿਆ ਜਿਸ ਕਾਰਨ ਕਈ ਰਸਤੇ ਬੰਦ ਹੋ ਚੁੱਕੇ ਹਨ ਅਤੇ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਬਾਰਿਸ਼ ਦਾ ਜ਼ਿਆਦਾ ਅਸਰ ਕਿਸਾਨੀ ਦੇ ਨਾਲ ਜੁੜੇ ਹੋਏ ਲੋਕਾਂ 'ਤੇ ਬਹੁਤ ਜ਼ਿਆਦਾ ਪਿਆ ਹੈ। ਲੋਕ ਜਾਨ ਜੋਖਮ ਵਿੱਚ ਪਾ ਕੇ ਪੁਲ ਪਾਰ ਕਰਦੇ ਹੋਏ ਨਜ਼ਰ ਆ ਰਹੇ ਸਨ। ਸਰਹੱਦੀ ਪਿੰਡ ਚੌਂਤਰਾ, ਸਲਾਚ ਅਤੇ ਕਈ ਹੋਰ ਪਿੰਡਾਂ ਦਾ ਸੰਪਰਕ ਦੂਸਰੀ ਤਰਫ ਨਾਲਿਆਂ ਦੇ ਉੱਪਰ ਬਣੇ ਪੁਲਾਂ ਤੋਂ ਪਾਣੀ ਜ਼ਿਆਦਾ ਆਉਣ ਕਾਰਨ ਕੱਟਿਆ ਗਿਆ ਹੈ ਅਤੇ ਲੋਕ ਜਾਨ ਜੋਖਮ ਵਿਚ ਪਾ ਕੇ ਇਹ ਰਸਤੇ ਪਾਰ ਕਰ ਰਹੇ ਹਨ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਚੋਰਾਂ ਦੇ ਹੌਸਲੇ ਬੁਲੰਦ, ਸਰਕਾਰੀ ਸੇਵਾ ਕੇਂਦਰ 'ਚ ਕੀਤੀ ਚੋਰੀ, ਲੈ ਗਏ ਬੈਟਰੀਆਂ ਤੇ ਡੀਵੀਆਰ

**ਕੌਮੀ ਪਤ੍ਰਿਕਾ**

ਦੀਨਾਨਗਰ 'ਚ ਚੋਰੀ ਦੀਆਂ ਘਟਨਾਵਾਂ ਲਗਾਤਾਰ ਵੱਧ ਰਹੀਆਂ ਹਨ। ਇਸ ਦੀ ਤਾਜ਼ਾ ਮਿਸਾਲ ਬੀਤੀ ਰਾਤ ਉਸ ਵੇਲੇ ਵੇਖਣ ਨੂੰ ਮਿਲੀ ਜਦੋਂ ਅਣਪਛਾਤੇ ਚੋਰ ਕੋੜ੍ਹੀ ਆਸ਼ਰਮ ਨੇੜੇ ਸਥਿਤ ਇੱਕ ਸਰਕਾਰੀ ਸੇਵਾ ਕੇਂਦਰ ਵਿੱਚ ਦਾਖ਼ਲ ਹੋ ਗਏ। ਚੋਰਾਂ ਨੇ ਕੇਂਦਰ ਦੇ ਤਾਲੇ ਤੋੜ ਕੇ ਸੀਸੀਟੀਵੀ ਸਿਸਟਮ ਨਾਲ ਜੁੜੀਆਂ ਦੋ ਬੈਟਰੀਆਂ ਅਤੇ ਡੀਵੀਆਰ ਚੋਰੀ ਕਰ ਲਈਆਂ ਅਤੇ ਮੌਕੇ ਤੋਂ ਫਰਾਰ ਹੋ ਗਏ। ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਇਹ ਸੇਵਾ ਕੇਂਦਰ ਪੁਲਸ ਥਾਣੇ ਤੋਂ ਕੁਝ ਹੀ ਮੀਟਰ ਦੀ ਦੂਰੀ 'ਤੇ ਸਥਿਤ ਹੈ, ਫਿਰ ਵੀ ਚੋਰ ਬਿਨਾਂ ਕਿਸੇ ਡਰ ਦੇ ਵਾਰਦਾਤ ਨੂੰ ਅੰਜਾਮ ਦੇ ਕੇ ਭੱਜਣ ਵਿੱਚ ਕਾਮਯਾਬ ਰਹੇ। ਸਵੇਰੇ ਜਦੋਂ ਕਰਮਚਾਰੀ ਸੇਵਾ ਕੇਂਦਰ ਪਹੁੰਚੇ ਤਾਂ ਉਨ੍ਹਾਂ ਨੇ ਮੁੱਖ ਤਾਲੇ ਟੁੱਟੇ ਹੋਏ ਵੇਖੇ। ਅੰਦਰ ਜਾ ਕੇ ਪਤਾ ਲੱਗਾ ਕਿ ਦੋ ਬੈਟਰੀਆਂ ਅਤੇ ਡੀਵੀਆਰ ਗਾਇਬ ਸਨ। ਦਿਲਚਸਪ ਗੱਲ ਇਹ ਰਹੀ ਕਿ ਚੋਰ ਆਪਣਾ ਔਜ਼ਾਰਾਂ ਵਾਲਾ ਬੈਗ



ਮੌਕੇ 'ਤੇ ਹੀ ਛੱਡ ਗਿਆ। ਪੁਲਸ ਨੇ ਬੈਗ ਨੂੰ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮੰਨਿਆ ਜਾ ਰਿਹਾ ਹੈ ਕਿ ਚੋਰ ਕਾਹਲੀ ਵਿੱਚ ਭੱਜਦੇ ਸਮੇਂ ਆਪਣਾ ਸਾਮਾਨ ਉੱਥੇ ਹੀ ਭੁੱਲ ਗਿਆ। ਡੀਵੀਆਰ ਚੋਰੀ ਹੋਣ ਕਾਰਨ ਸੇਵਾ ਕੇਂਦਰ ਅੰਦਰ ਲੱਗੇ ਕੈਮਰਿਆਂ ਦੀ ਰਿਕਾਰਡਿੰਗ ਵੀ ਨਹੀਂ ਮਿਲ ਸਕੀ। ਪੁਲਸ ਨੇ ਨੇੜਲੇ ਇਲਾਕਿਆਂ ਦੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਵੀ ਖੰਗਾਲੀ, ਪਰ ਹਾਲੇ ਤੱਕ ਕੋਈ ਠੋਸ ਸੁਰਾਗ ਹੱਥ ਨਹੀਂ ਲੱਗਿਆ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਲਾਕੇ ਵਿੱਚ ਪਹਿਲਾਂ ਵੀ ਕਈ ਵਾਰ ਬੈਟਰੀ ਚੋਰੀ ਦੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ, ਪਰ ਪੁਲਸ ਪ੍ਰਸ਼ਾਸਨ ਇਨ੍ਹਾਂ ਨੂੰ ਰੋਕਣ ਵਿੱਚ ਅਸਫਲ ਰਿਹਾ ਹੈ। ਨਿਵਾਸੀਆਂ ਨੇ ਗੁੱਸਾ ਜਤਾਉਂਦਿਆਂ ਕਿਹਾ ਕਿ ਜਦੋਂ ਪੁਲਸ ਥਾਣੇ ਦੇ ਨੇੜੇ ਸਥਿਤ ਸਰਕਾਰੀ ਇਮਾਰਤ ਹੀ ਸੁਰੱਖਿਅਤ ਨਹੀਂ, ਤਾਂ ਆਮ ਲੋਕਾਂ ਦੀ ਸੁਰੱਖਿਆ ਦਾ ਅੰਦਾਜ਼ਾ ਆਸਾਨੀ ਨਾਲ ਲਗਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸੇਵਾ ਕੇਂਦਰ, ਜਿੱਥੇ ਹਰ ਰੋਜ਼ ਸੈਂਕੜੇ ਲੋਕ ਆਪਣੇ ਮਹੱਤਵਪੂਰਨ ਦਸਤਾਵੇਜ਼ਾਂ ਅਤੇ ਸਰਕਾਰੀ ਕੰਮਾਂ ਲਈ ਆਉਂਦੇ ਹਨ, ਉਹ ਖੁਦ ਹੀ ਸੁਰੱਖਿਆ ਲਈ ਤਰਸ ਰਿਹਾ ਹੈ। ਫਿਲਹਾਲ ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ, ਪਰ ਨਿਵਾਸੀਆਂ ਦਾ ਕਹਿਣਾ ਹੈ ਕਿ ਸਿਰਫ਼ ਜਾਂਚ ਅਤੇ ਭਰੋਸਿਆਂ ਨਾਲ ਗੱਲ ਨਹੀਂ ਬਣੇਗੀ। ਸਰਕਾਰੀ ਇਮਾਰਤਾਂ ਵਿੱਚ ਬੇਖੌਫ਼ ਹੋ ਕੇ ਚੋਰੀ ਕਰਨ ਵਾਲੇ ਅਜਿਹੇ ਚੋਰਾਂ ਵਿਰੁੱਧ ਸਖ਼ਤ ਕਾਰਵਾਈ ਕਰਨਾ ਹੁਣ ਪੁਲਸ ਪ੍ਰਸ਼ਾਸਨ ਲਈ ਵੱਡੀ ਚੁਣੌਤੀ ਬਣ ਗਿਆ ਹੈ।

## ਮਾਨਸਿਕ ਤਣਾਅ ਕਾਰਨ ਵਿਅਕਤੀ ਨੇ ਫਾਹਾ ਲੈ ਕੇ ਕੀਤੀ ਖ਼ੁਦਕੁਸ਼ੀ

ਅੰਮ੍ਰਿਤਸਰ 16 ਮਈ। ਮਾਨਸਿਕ ਤਣਾਅ ਕਾਰਨ ਇਕ ਵਿਅਕਤੀ ਵੱਲੋਂ ਫਾਹਾ ਲੈ ਕੇ ਖ਼ੁਦਕੁਸ਼ੀ ਕਰਨ ਦੇ ਮਾਮਲੇ 'ਚ ਥਾਣਾ ਖ਼?ਲਚੀਆਂ ਦੀ ਪੁਲਸ ਨੇ ਸ਼ਮਸ਼ੇਰ ਸਿੰਘ ਖ਼?ਲਾਫ਼ ਕੇਸ ਦਰਜ ਕੀਤਾ ਹੈ। ਸ਼ਿਕਾਇਤਕਰਤਾ ਨਵਪ੍ਰੀਤ ਕੌਰ ਨੇ ਦੱਸਿਆ ਕਿ ਉਸ ਦੇ ਪਿਤਾ ਅਮਰਜੀਤ ਸਿੰਘ ਨੇ ਆਪਣੇ ਲੜਕੇ ਜੀਵਨ ਸਿੰਘ ਨੂੰ ਵਿਦੇਸ਼ ਭੇਜਣ ਲਈ ਮੁਲਜ਼ਮ ਨੂੰ ਪੈਸੇ, ਪਾਸਪੋਰਟ ਅਤੇ ਹੋਰ ਦਸਤਾਵੇਜ਼ ਦਿੱਤੇ ਸਨ। ਸ਼ਮਸ਼ੇਰ ਸਿੰਘ ਨੇ ਨਾ ਤਾਂ ਉਸ ਦੇ ਭਰਾ ਨੂੰ ਵਿਦੇਸ਼ ਭੇਜਿਆ ਅਤੇ ਨਾ ਹੀ ਪੈਸੇ ਵਾਪਸ ਕੀਤੇ, ਸਗੋਂ ਉਸ ਦੇ ਪਿਤਾ ਨਾਲ ਕੁੱਟਮਾਰ ਵੀ ਕੀਤੀ। ਇਸੇ ਪ੍ਰੇਸ਼ਾਨੀ ਕਾਰਨ ਅਮਰਜੀਤ ਸਿੰਘ ਨੇ ਫਾਹਾ ਲੈ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਪੁਲਸ ਨੇ ਮੁਲਜ਼ਮ ਖ਼?ਲਾਫ਼ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਸਕੂਲੀ ਵਿਦਿਆਰਥੀਆਂ ਨਾਲ ਵੱਡਾ ਹਾਦਸਾ

ਸ੍ਰੀ ਮੁਕਤਸਰ ਸਾਹਿਬ 16 ਮਈ। ਸ੍ਰੀ ਮੁਕਤਸਰ ਸਾਹਿਬ ਦੇ ਗੁਰੂਹਰਸਹਾਏ ਰੋਡ 'ਤੇ ਤੜਕਸਾਰ ਵਾਪਰੇ ਦਰਦਨਾਕ ਸੜਕ ਹਾਦਸੇ ਵਿਚ ਇਕ ਵਿਦਿਆਰਥੀ ਦੀ ਮੌਤ ਹੋ ਗਈ ਜਦਕਿ ਇਕ ਵਿਦਿਆਰਥੀ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਸਥਾਨਕ ਗੁਰੂਹਰਸਹਾਏ ਰੋਡ 'ਤੇ ਸ਼ੁੱਕਰਵਾਰ ਸਵੇਰੇ ਕਰੀਬ 8 ਵਜੇ ਇਕ ਦਰਦਨਾਕ ਹਾਦਸਾ ਵਾਪਰਿਆ। ਸਕੂਲ ਜਾ ਰਹੇ ਦੋ ਵਿਦਿਆਰਥੀਆਂ ਦੀ ਸਕੂਟਰੀ ਖਰਾਬ ਸੜਕ 'ਤੇ ਸਲਿੱਪ ਕਰ ਗਈ ਅਤੇ ਪਿੱਛੇ ਤੋਂ ਆ ਰਹੇ ਇਕ ਟਰੱਕ ਦਾ ਪਹੀਆ ਸੜਕ 'ਤੇ ਡਿੱਗੇ ਇਕ ਵਿਦਿਆਰਥੀ ਦੇ ਉਪਰੋਂ ਲੰਘ ਗਿਆ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜਦਕਿ ਇਕ ਹੋਰ ਵਿਦਿਆਰਥੀ ਗੰਭੀਰ ਜ਼ਖ਼ਮੀ ਹੋ ਗਿਆ। ਮ੍ਰਿਤਕ ਦੀ ਪਛਾਣ ਪਰਵੀਸ਼ ਪੁੱਤਰ ਮੋਹਨ ਲਾਲ ਵਾਸੀ ਕੋਟਲੀ ਰੋਡ, ਖੇੜਾ ਕਲੋਨੀ ਵਜੋਂ ਹੋਈ ਹੈ, ਜੋਕਿ ਸ਼ਿਵਾਲਿਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਚ 11ਵੀਂ ਜਮਾਤ ਦਾ ਵਿਦਿਆਰਥੀ ਸੀ ਅਤੇ ਉਸ ਨੇ ਹਾਲ ਹੀ ਵਿਚ ਦਾਖਲਾ ਲਿਆ ਸੀ। ਜਦਕਿ ਜ਼ਖਮੀ ਨਿਤਿਨ ਕੁਮਾਰ ਪੁੱਤਰ ਰਾਮ ਕੁਮਾਰ ਵਾਸੀ ਮੋੜ ਰੋਡ ਗਲੀ ਨੰਬਰ 7 ਜੋਕਿ ਸਰਵਹਿੱਤਕਾਰੀ ਸਕੂਲ ਦਾ ਵਿਦਿਆਰਥੀ ਹੈ।

## ਪਿਆ ਨੋਟਾਂ ਦੀ ਮੀਂਹ, ਗਾਇਕ ਨੂੰ ਲੋਕਾਂ ਨੇ ਕੱਢਿਆਂ ਰੁਪਈਆਂ ਦੇ ਢੇਰ 'ਚੋਂ ਬਾਹਰਓ

ਨੈਸ਼ਨਲ ਡੈਸਕ 16 ਮਈ। ਗੁਜਰਾਤ ਦੇ ਜੂਨਾਗੜ੍ਹ ਜ਼ਿਲ੍ਹੇ ਦੇ ਪਿੰਡ ਖੰਭਾਲੀਆ 'ਚ ਇੱਕ ਅਜਿਹਾ ਨਜ਼ਾਰਾ ਦੇਖਣ ਨੂੰ ਮਿਲਿਆ, ਜਿਸ ਨੇ ਸਭ ਨੂੰ ਹੈਰਾਨ ਕਰ ਦਿੱਤਾ। ਇੱਕ ਧਾਰਮਿਕ ਪ੍ਰੋਗਰਾਮ 'ਚ ਕਲਾਕਾਰਾਂ 'ਤੇ ਇੰਨੇ ਨੋਟ ਵਰ੍ਹਾਏ ਗਏ ਕਿ ਉਹ ਨੋਟਾਂ ਦੇ ਢੇਰ ਹੇਠਾਂ ਦੱਬ ਗਏ। ਸੋਸ਼ਲ ਮੀਡੀਆ 'ਤੇ ਇਸ ਘਟਨਾ ਦੀਆਂ ਵੀਡੀਓਜ਼ ਤੇਜ਼ੀ ਨਾਲ ਵਾਇਰਲ ਹੋ ਰਹੀਆਂ ਹਨ। ਖੰਭਾਲੀਆ ਵਿੱਚ ਚੱਲ ਰਹੇ 'ਸ਼੍ਰੀਮਦ ਭਾਗਵਤ ਸਪਤਾਹ ਗਿਆਨ ਯੱਗ' ਦੌਰਾਨ ਇਸ ਸੰਗੀਤਕ ਸ਼ਾਮ ਦਾ ਆਯੋਜਨ ਕੀਤਾ ਗਿਆ ਸੀ। ਜਦੋਂ ਮਸ਼ਹੂਰ ਲੋਕ ਗਾਇਕ ਮਾਇਆ ਭਾਈ ਅਹੀਰ ਤੇ ਗੋਪਾਲ ਭਾਈ ਨੇ ਆਪਣੀ ਪੇਸ਼ਕਾਰੀ ਸ਼ੁਰੂ ਕੀਤੀ, ਤਾਂ ਸਰੋਤਾ ਇੰਨੇ ਮੁਗਧ ਹੋ ਗਏ ਕਿ ਮੰਚ 'ਤੇ 10, 20, 100 ਅਤੇ 500 ਰੁਪਏ ਦੇ ਨੋਟਾਂ ਦੀ ਬਾਰਿਸ਼ ਹੋਣ ਲੱਗੀ। ਪੂਰਾ ਸਟੇਜ ਨੋਟਾਂ ਨਾਲ ਭਰ ਗਿਆ ਅਤੇ ਲੋਕਾਂ ਦਾ ਉਤਸ਼ਾਹ ਦੇਖਣ ਯੋਗ ਸੀ। ਭਾਵੇਂ ਗੁਜਰਾਤ ਵਿੱਚ ਕਲਾਕਾਰਾਂ 'ਤੇ ਨੋਟ ਬਰਸਾਉਣ ਦੀ ਪਰੰਪਰਾ ਪੁਰਾਣੀ ਹੈ, ਪਰ ਇਸ ਵਾਰ ਇਸ ਦੇ ਪਿੱਛੇ ਦਾ ਮਕਸਦ ਬਹੁਤ ਨੇਕ ਹੈ। ਆਯੋਜਕਾਂ ਅਨੁਸਾਰ ਇਸ ਪ੍ਰੋਗਰਾਮ ਤੋਂ ਇਕੱਠੀ ਹੋਈ ਸਾਰੀ ਰਾਸ਼ੀ, ਪ੍ਰਬੰਧਕੀ ਖਰਚੇ ਕੱਢਣ ਤੋਂ ਬਾਅਦ 'ਅਹੀਰ ਚੈਰੀਟੇਬਲ ਟਰੱਸਟ' ਨੂੰ ਦਾਨ ਕੀਤੀ ਜਾਵੇਗੀ। ਇਸ ਦਾਨ ਦਾ ਇਸਤੇਮਾਲ ਕੁੜੀਆਂ ਦੀ ਉੱਚ ਸਿੱਖਿਆ ਤੇ ਉਨ੍ਹਾਂ ਦੇ ਉਜਵਲ ਭਵਿੱਖ ਲਈ ਕੀਤਾ ਜਾਵੇਗਾ। ਇਕੱਠੀ ਹੋਈ ਰਕਮ ਨਾਲ ਅਹਿਮਦਾਬਾਦ ਵਿੱਚ 'ਗੁਜਰਾਤ ਅਹੀਰ ਗਰਲਜ਼ ਹੋਸਟਲ' ਅਤੇ ਇੱਕ ਆਧੁਨਿਕ ਵਿਦਿਅਕ ਕੰਪਲੈਕਸ ਦਾ ਨਿਰਮਾਣ ਕੀਤਾ ਜਾਵੇਗਾ। ਇਲਾਕੇ ਦੇ ਲੋਕ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰ ਰਹੇ ਹਨ ਕਿਉਂਕਿ ਇਹ ਸਿੱਖਿਆ ਵਰਗੇ ਮਹੱਤਵਪੂਰਨ ਕਾਰਜ ਨੂੰ ਸਮਰਪਿਤ ਹੈ।


**NAME CHANGE**

I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**

I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**

I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**

I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**

I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**

I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**

ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਅਦਾਰੇ ਦੇ ਨਵਨਿਯੁਕਤ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ ਨਾਲ ਬੈਠਕ ਕਰਕੇ ਪੀਆਰਟੀਸੀ ਦੀ ਹੋਰ ਬਿਹਤਰੀ ਲਈ ਵਿਚਾਰ-ਵਟਾਂਦਰਾ ਕੀਤਾ। ਇਸ ਦੌਰਾਨ ਚੇਅਰਮੈਨ ਨੇ ਨਵੇਂ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ ਨੂੰ ਵਧਾਈ ਦਿੰਦਿਆਂ ਸਵਾਗਤ ਕੀਤਾ। ਇਸ ਮੌਕੇ ਏ ਐਮ ਡੀ ਨਵਦੀਪ ਕੁਮਾਰ ਵੀ ਹਾਜ਼ਰ ਸਨ।

ਐਡਵੋਕੇਟ ਹਰਪਾਲ ਜੁਨੇਜਾ ਨੇ ਪੀ.ਆਰ.ਟੀ.ਸੀ ਦੀ ਮੌਜੂਦਾ ਕਾਰਜਕਾਰੀ ਸਬੰਧੀ ਵਿਸਤਾਰ-ਪੂਰਵਕ ਵਿਚਾਰ ਵਟਾਂਦਰਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਵਾਸੀਆਂ ਦੀ ਸਹੂਲਤ ਲਈ ਪੀ.ਆਰ.ਟੀ.ਸੀ ਵੱਲੋਂ ਆਪਣੀ ਮਾਲਕੀ ਵਾਲੀਆਂ ਪਾਈਆ ਜਾਣ ਨਵੀਆਂ ਬੱਸਾਂ ਦੀ ਕਾਰਵਾਈ ਵਿੱਚ ਹੋਰ ਤੇਜੀ ਲਿਆਉਣ ਸਮੇਤ ਪੀ.ਆਰ.ਟੀ.ਸੀ ਦੇ ਹੋਰ ਵੱਖ ਵੱਖ ਮੱਹਤਵਪੂਰਨ ਮੁੱਦਿਆ ਉੱਪਰ ਚਰਚਾ ਕੀਤੀ।

ਚੇਅਰਮੈਨ ਜੁਨੇਜਾ ਨੇ ਐਮ ਡੀ ਮਨੀਸ਼ਾ ਰਾਣਾ ਨਾਲ ਬੈਠਕ ਦੌਰਾਨ ਪੀ.ਆਰ.ਟੀ.ਸੀ ਦੀ ਆਮਦਨ ਵਿੱਚ ਵਾਧਾ ਕਰਨ ਅਤੇ ਨਵੇ ਬੱਸ ਸਟੈਂਡ-ਬੱਸ ਸਟਾਪ ਦੀ ਉਸਾਰੀ ਅਤੇ ਪੀ.ਆਰ.ਟੀ.ਸੀ ਦੇ ਸਾਰੇ ਅਦਾਰਿਆਂ ਵਿੱਚ ਲਗਾਏ ਜਾਣ ਵਾਲੇ ਸੋਲਰ ਸਿਸਟਮ ਦੀ ਕਾਰਵਾਈ ਵਿੱਚ ਤੇਜੀ ਲਿਆਉਣ ਲਈ ਵਿਚਾਰ ਕੀਤਾ। ਉਨ੍ਹਾਂ ਕਿਹਾ ਕਿ ਸਾਂਝੇ ਹੰਭਲੇ ਨਾਲ ਪੀ.ਆਰ.ਟੀ.ਸੀ ਦੀ ਉਨੱਤੀ ਅਤੇ ਤਰੱਕੀ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

# ਨਗਰ ਕੌਂਸਲ/ਨਗਰ ਪੰਚਾਇਤ ਦੀਆਂ ਆਮ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੀ ਪ੍ਰਕਿਰਿਆ ਸ਼ੁਰੂ

**ਮਲੇਰਕੋਟਲਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮਾਲੇਰਕੋਟਲਾ ਵਿੱਚ ਨਗਰ ਕੌਂਸਲ ਮਾਲੇਰਕੋਟਲਾ, ਨਗਰ ਕੌਂਸਲ ਅਹਿਮਦਗੜ੍ਹ ਅਤੇ ਨਗਰ ਪੰਚਾਇਤ ਅਮਰਗੜ੍ਹ ਦੀਆਂ ਆਮ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੀ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ।

ਨਾਮਜ਼ਦਗੀਆਂ ਭਰਨ ਦੇ ਪਹਿਲੇ ਦਿਨ ਨਗਰ ਕੌਂਸਲ ਮਾਲੇਰਕੋਟਲਾ ਲ਼ਈ 1 ਉਮੀਦਵਾਰ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ। ਇਸ ਤੋਂ ਇਲਾਵਾ ਨਗਰ ਕੌਂਸਲ ਅਹਿਮਦਗੜ੍ਹ ਅਤੇ ਨਗਰ ਪੰਚਾਇਤ ਅਮਰਗੜ੍ਹ ਲਈ ਕਿਸੇ ਵੀ ਉਮੀਦਵਾਰ ਵੱਲੋਂ ਆਪਣਾ ਨਾਮਜਦਗੀ ਪੱਤਰ ਦਾਖਲ ਨਹੀਂ ਕੀਤਾ ਗਿਆ।

ਵਧੀਕ ਜ਼ਿਲਾ ਚੋਣਕਾਰ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਰਿੰਪੀ ਗਰਗ ਨੇ ਦੱਸਿਆ ਕਿ ਨਾਮਜ਼ਦਗੀਆਂ ਭਰਨ ਦੀ ਆਖ਼ਰੀ ਮਿਤੀ ਹੋਵੇਗੀ। ਨਾਮਜ਼ਦਗੀਆਂ ਦੀ ਪੜਤਾਲ 18 ਮਈ ਦਿਨ ਸੋਮਵਾਰ ਨੂੰ ਕੀਤੀ ਜਾਵੇਗੀ, ਜਦਕਿ ਨਾਮਜ਼ਦਗੀਆਂ ਵਾਪਸ ਲੈਣ ਦੀ ਆਖ਼ਰੀ ਮਿਤੀ 19 ਮਈ ਦਿਨ ਮੰਗਲਵਾਰ ਨਿਰਧਾਰਿਤ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਨਾਮਜ਼ਦਗੀਆਂ ਭਰਨ ਦੇ ਚਾਹਵਾਨ ਉਮੀਦਵਾਰ ਆਪਣੇ ਖੇਤਰ ਦੇ ਸਬੰਧਿਤ ਰਿਟਰਨਿੰਗ ਅਫ਼ਸਰ ਦੇ ਦਫ਼ਤਰ ਵਿਖੇ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਨਾਮਜ਼ਦਗੀ ਪੱਤਰ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਉਮੀਦਵਾਰਾਂ ਦੀ ਖ਼ਰਚਾ ਸੀਮਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਕੌਂਸਲ ਕਲਾਸ-1 ਦੇ ਉਮੀਦਵਾਰ ਲਈ ਖ਼ਰਚੇ ਦੀ ਹੱਦ 3.60 ਲੱਖ ਰੁਪਏ, ਨਗਰ ਕੌਂਸਲ ਕਲਾਸ-2 ਦੇ ਉਮੀਦਵਾਰ ਲਈ 2.30 ਲੱਖ ਰੁਪਏ, ਕਲਾਸ-3 ਲਈ 2 ਲੱਖ ਰੁਪਏ ਅਤੇ ਨਗਰ ਪੰਚਾਇਤਾਂ ਦੇ ਉਮੀਦਵਾਰਾਂ ਲਈ ਖ਼ਰਚਾ ਹੱਦ 1.40 ਲੱਖ ਰੁਪਏ ਨਿਰਧਾਰਤ ਕੀਤੀ ਗਈ ਹੈ।

ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨਗਰ ਕੌਂਸਲ/ਨਗਰ ਪੰਚਾਇਤ ਦੀਆਂ ਚੋਣਾਂ ਅਮਨ-ਅਮਾਨ ਨਾਲ ਨੇਪਰੇ ਚਾੜਨ ਲਈ ਵਚਨਵੱਧ ਹੈ।

# ਪ੍ਰੋਫੈਸਰ ਸਕਿੰਦਰ ਕੌਰ ਨੇ ਸਰਕਾਰੀ ਬਿਕਰਮ ਕਾਲਜ ਦੇ ਪ੍ਰਿੰਸੀਪਲ ਦੇ ਤੌਰ 'ਤੇ ਅਹੁਦਾ ਸੰਭਾਲਿਆ



**ਪਟਿਆਲਾ, 29 ਅਪ੍ਰੈਲ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਬਿਕਰਮ ਕਾਲਜ ਆਫ ਕਾਮਰਸ, ਪਟਿਆਲਾ ਵਿੱਚ ਪ੍ਰੋਫੈਸਰ ਸਕਿੰਦਰ ਕੌਰ ਨੇ ਪ੍ਰਿੰਸੀਪਲ ਦੇ ਤੌਰ 'ਤੇ ਅਹੁਦਾ ਸੰਭਾਲਿਆ। ਉਨ੍ਹਾਂ ਦਾ ਤਬਾਦਲਾ ਨਵਾਬ ਜੱਸਾ ਸਿੰਘ ਆਹਲੂਵਾਲੀਆ ਸਰਕਾਰੀ ਕਾਲਜ, ਕਪੂਰਥਲਾ ਤੋਂ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਉਹ ਸਰਕਾਰੀ ਕਾਲਜ ਫਾਰ ਗਰਲਜ਼, ਪਟਿਆਲਾ ਵਿੱਚ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਉਂਦੇ ਹੋਏ ਬਤੌਰ ਪ੍ਰਿੰਸੀਪਲ ਪ੍ਰਮੋਟ ਹੋਏ ਹਨ ।

ਸਾਲ 1945 ਵਿੱਚ ਸਥਾਪਿਤ ਬਿਕਰਮ ਕਾਲਜ ਆਫ ਕਾਮਰਸ, ਪੰਜਾਬ ਵਿੱਚ ਵਣਜ ਸਿੱਖਿਆ ਦੇ ਖੇਤਰ ਦੀਆਂ ਅਗੇਅਣ ਅਤੇ ਮਾਣਯੋਗ ਸੰਸਥਾਵਾਂ ਵਿੱਚੋਂ ਇੱਕ ਹੈ।

ਨਵੇਂ ਪ੍ਰਿੰਸੀਪਲ ਦੇ ਅਹੁਦਾ ਸੰਭਾਲਣ ਮੌਕੇ ਕਾਲਜ ਦੇ ਅਧਿਆਪਕਾਂ ਅਤੇ ਗੈਰ-ਅਧਿਆਪਕ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰੋ. ਸਕਿੰਦਰ ਕੌਰ ਨੇ ਸਟਾਫ ਨਾਲ ਸੰਵਾਦ ਕਰਦਿਆਂ ਕਾਲਜ ਦੇ ਅਕਾਦਮਿਕ ਮਿਆਰ ਨੂੰ ਹੋਰ ਉੱਚਾ ਚੁੱਕਣ, ਅਨੁਸ਼ਾਸਨ ਨੂੰ ਮਜ਼ਬੂਤ ਕਰਨ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਆਪਣੀ ਦ੍ਰਿੜ ਵਚਨਬੱਧਤਾ ਪ੍ਰਗਟਾਈ।

ਉਨ੍ਹਾਂ ਨੇ ਕਿਹਾ ਕਿ ਮਿਆਰੀ ਅਤੇ ਮੁੱਲ-ਆਧਾਰਿਤ ਸਿੱਖਿਆ ਦੇ ਨਾਲ-ਨਾਲ ਸਹਿ-ਪਾਠਕ੍ਰਮ ਗਤੀਵਿਧੀਆਂ, ਹੁਨਰ ਵਿਕਾਸ ਅਤੇ ਰੁਜ਼ਗਾਰ-ਕੇਂਦਰਿਤ ਪ੍ਰੋਗਰਾਂ ਨੂੰ ਹੋਰ ਪ੍ਰੋਤਸਾਹਿਤ ਕੀਤਾ ਜਾਵੇਗਾ। ਉਨ੍ਹਾਂ ਨੇ ਕਾਲਜ ਦੀਆਂ ਸਮ੍ਰਿੱਧ ਪਰੰਪਰਾਵਾਂ ਅਤੇ ਸੰਸਕਾਰਾਂ ਨੂੰ ਕਾਇਮ ਰੱਖਦੇ ਹੋਏ ਇਸਨੂੰ ਨਵੀਆਂ ਉਚਾਈਆਂ ਤੱਕ ਲੈ ਜਾਣ ਦਾ ਵਿਸ਼ਵਾਸ ਵੀ ਜਤਾਇਆ।

ਪ੍ਰੋ. ਸਕਿੰਦਰ ਕੌਰ ਨੇ ਉਮੀਦ ਪ੍ਰਗਟਾਈ ਕਿ ਸਟਾਫ ਦੇ ਸਾਂਝੇ ਯਤਨਾਂ ਅਤੇ ਸਮਰਪਣ ਨਾਲ ਕਾਲਜ ਅਕਾਦਮਿਕ, ਖੇਡਾਂ ਅਤੇ ਸੱਭਿਆਚਾਰਕ ਖੇਤਰਾਂ ਵਿੱਚ ਨਵੀਆਂ ਮੀਲ ਪੱਥਰ ਸਥਾਪਿਤ ਕਰੇਗਾ। ਇਸ ਮੌਕੇ ਸਟਾਫ ਮੈਂਬਰਾਂ ਵੱਲੋਂ ਵੀ ਉਨ੍ਹਾਂ ਨੂੰ ਸਫਲ ਅਤੇ ਯਸ਼ਸਵੀ ਕਾਰਜਕਾਲ ਲਈ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਪ੍ਰੋ. ਕੁਸੁਮ ਲਤਾ, ਸਾਬਕਾ ਸਰਕਾਰੀ ਕਾਲਜ ਲੜਕੀਆਂ ਪਟਿਆਲਾ ਦੇ ਪ੍ਰਿੰਸੀਪਲ ਪ੍ਰੋ. ਚਰਨਜੀਤ ਕੌਰ, ਪ੍ਰੋ. ਬਲਵਿੰਦਰ ਸਿੰਘ ਵੜੈਚ, ਪ੍ਰਿੰਸੀਪਲ ਪ੍ਰੋ. ਅਨੀਲਾ ਸੁਲਤਾਨਾ, ਪ੍ਰੋ. ਵਿਵੇਕ ਸਿੰਧੀ, ਡਾ. ਪਰਮਜੀਤ ਸਿੰਘ ਸਮੇਤ ਹੋਰ ਸਟਾਫ ਮੈਂਬਰ ਹਾਜ਼ਰ ਸਨ।

# ਤੰਬਾਕੂ ਐਕਟ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਿਹਤ ਵਿਭਾਗ ਦੀ ਟੀਮ ਨੇ ਕੀਤੀ ਕਾਰਵਾਈ, ਕੱਟੇ ਚਲਾਨ



**ਪਟਿਆਲਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

: ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਹੁਕਮਾਂ ਅਤੇ ਸਿਵਲ ਸਰਜਨ ਪਟਿਆਲਾ ਡਾ. ਸ਼ੈਲੀ ਜੇਤਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿਲਾ ਸਹਾਇਕ ਸਿਹਤ ਅਫ਼ਸਰ ਡਾ. ਇੰਦਰਪ੍ਰੀਤ ਰੰਧਾਵਾ ਦੀ ਅਗਵਾਈ ਵਿਚ ਤੰਬਾਕੂ ਐਕਟ ਦੇ ਸਬੰਧ ਵਿੱਚ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਮੌਕੇ ਡਾ. ਇੰਦਰਪ੍ਰੀਤ ਰੰਧਾਵਾ ਨੇ ਦੱਸਿਆ ਕਿ ਲੋਕਾਂ ਨੂੰ ਤੰਬਾਕੂ ਦੇ ਨੁਕਸਾਨ ਬਾਰੇ ਜਾਗਰੂਕ ਕੀਤਾ ਗਿਆ ਅਤੇ ਜਨਤਕ ਥਾਂਵਾਂ ਉਤੇ ਤੰਬਾਕੂ ਦਾ ਸੇਵਨ ਕਰਨ ਵਾਲਿਆਂ ਖਿਲਾਫ ਕਾਰਵਾਈ ਕੀਤੀ ਗਈ।ਉਹਨਾ ਦੱਸਿਆ ਕਿ ਤੰਬਾਕੂ ਐਕਟ ਦੀ ਉਲੰਘਣਾ ਕਰਨ ਵਾਲਿਆਂ ਦੇ ਦਸ ਚਲਾਨ ਕੱਟੇ ਗਏ ਅਤੇ 1200 ਰੁਪਏ ਜੁਰਮਾਨਾ ਵੀ ਕੀਤਾ ਗਿਆ।

ਸਰਕਾਰੀ ਮੈਡੀਕਲ ਕਾਲਜ ਪਟਿਆਲਾ, ਰਜਿੰਦਰਾ ਹਸਪਤਾਲ ਅਤੇ ਮਾਤਾ ਸਾਹਿਬ ਕੌਰ ਕਾਲਜ ਦੇ ਬਾਹਰ ਤੰਬਾਕੂ ਐਕਟ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਇਹ ਕਾਰਵਾਈ ਕੀਤੀ ਗਈ।

ਸਿਹਤ ਵਿਭਾਗ ਦੀ ਟੀਮ ਵੱਲੋਂ ਜਨਤਕ ਥਾਵਾਂ 'ਤੇ ਸਿਗਰਟਨੋਸ਼ੀ ਕਰਨ ਅਤੇ ਤੰਬਾਕੂ ਉਤਪਾਦਾਂ ਦੀ ਵਰਤੋਂ ਕਰਨ ਵਾਲਿਆਂ ਨੂੰ ਜਾਗਰੂਕ ਵੀ ਕੀਤਾ ਗਿਆ।

ਟੀਮ ਵਿੱਚ ਐਸ ਆਈ ਪਰਮਜੀਤ ਅਤੇ ਖੁਸ਼ਵੀਰ ਵੀ ਸ਼ਾਮਲ ਸਨ। ਇਸ ਮੌਕੇ ਅਧਿਕਾਰੀਆਂ ਨੇ ਕਿਹਾ ਕਿ ਸਿੱਖਿਆ ਸੰਸਥਾਵਾਂ ਅਤੇ ਹਸਪਤਾਲਾਂ ਦੇ ਨੇੜੇ ਤੰਬਾਕੂ ਦੀ ਵਿੱਕਰੀ ਅਤੇ ਵਰਤੋਂ 'ਤੇ ਪਾਬੰਦੀ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇਗਾ ਅਤੇ ਅਜਿਹੀਆਂ ਮੁਹਿੰਮਾਂ ਅੱਗੇ ਵੀ ਜਾਰੀ ਰਹਿਣਗੀਆਂ।

# ਲੁਧਿਆਣਾ ਦੀ ਧੀ ਦਾ ਕਮਾਲ: ਜੱਜ ਬਣਨਾ ਚਾਹੁੰਦੀ ਹੈ ਸੁਹਾਨੀ ਚੌਹਾਨ, ਹਾਸਲ ਕੀਤਾ ਦੂਜਾ ਸਥਾਨ

**ਲੁਧਿਆਣਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 12ਵੀਂ ਜਮਾਤ ਦੇ ਨਤੀਜਿਆਂ ਵਿੱਚ ਲੁਧਿਆਣਾ ਦੀ ਹੋਣਹਾਰ ਵਿਦਿਆਰਥਣ ਸੁਹਾਨੀ ਚੌਹਾਨ ਨੇ ਪੰਜਾਬ ਭਰ ਵਿੱਚ ਦੂਜਾ ਸਥਾਨ ਹਾਸਲ ਕਰਕੇ ਨਾ ਸਿਰਫ ਆਪਣੇ ਪਰਿਵਾਰ ਅਤੇ ਸਕੂਲ ਦਾ, ਸਗੋਂ ਪੂਰੇ ਜ਼ਿਲ੍ਹੇ ਦਾ ਮਾਣ ਵਧਾਇਆ ਹੈ। ਸੁਹਾਨੀ ਨੇ ਹੋਰ ਵਿਦਿਆਰਥੀਆਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਜੇਕਰ ਮਨ ਵਿੱਚ ਪੱਕਾ ਇਰਾਦਾ ਹੋਵੇ ਤਾਂ ਕੋਈ ਵੀ ਮੰਜ਼ਿਲ ਦੂਰ ਨਹੀਂ ਰਹਿੰਦੀ। ਉਸ ਨੇ ਕਿਹਾ ਕਿ ਮੋਬਾਈਲ ਅਤੇ ਸੋਸ਼ਲ ਮੀਡੀਆ ਤੋਂ ਦੂਰ ਰਹਿ ਕੇ ਇਕਾਗਰਤਾ ਨਾਲ ਪੜ੍ਹਾਈ ਕਰਨ ਨਾਲ ਵਧੀਆ ਨਤੀਜੇ ਹਾਸਲ ਕੀਤੇ ਜਾ ਸਕਦੇ ਹਨ।

ਬੀਸੀਐਮ ਸੀਨੀਅਰ ਸੈਕੰਡਰੀ ਸਕੂਲ ਫੋਕਲ ਪੁਆਇੰਟ ਦੀ ਵਿਦਿਆਰਥਣ ਸੁਹਾਨੀ ਨੇ ਆਰਟਸ ਸਟਰੀਮ ਵਿੱਚ 500 ਵਿੱਚੋਂ ਪੂਰੇ 500 ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਭਾਵੇਂ ਕਿ ਨਤੀਜੇ ਵਾਲੇ ਦਿਨ ਸੁਹਾਨੀ ਖੁਦ ਇੱਕ ਵਿਆਹ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਉੱਤਰ ਪ੍ਰਦੇਸ਼ ਗਈ ਹੋਈ ਹੈ ਪਰ ਜਿਵੇਂ ਹੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਨਤੀਜੇ ਦਾ ਐਲਾਨ ਕੀਤਾ ਗਿਆ ਤਾਂ ਉਸ ਦੇ ਸਕੂਲ ਪ੍ਰਬੰਧਕਾਂ ਵੱਲੋਂ ਵੱਡੀ ਸਕਰੀਨ ਤੇ ਉਸ ਨਾਲ ਵੀਡੀਓ ਕਾਲ ਤੇ ਗੱਲ ਕਰਦੇ ਹੋਏ ਵਧਾਈ ਦਿੱਤੀ ਗਈ। ਆਪਣੇ ਨਤੀਜੇ ਦੀ ਜਾਣਕਾਰੀ ਮਿਲਦੇ ਹੀ ਸੁਹਾਨੀ ਭਾਵਕ ਹੋ ਗਈ।

ਸੁਹਾਨੀ ਦੀ ਇਸ ਕਾਮਯਾਬੀ ਨਾਲ ਉਸ ਦੇ ਘਰ ਤੇ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਬਣ ਗਿਆ। ਸਕੂਲ ਪ੍ਰਬੰਧਕਾਂ, ਅਧਿਆਪਕਾਂ ਅਤੇ ਸਹਿਯੋਗੀਆਂ ਵੱਲੋਂ ਉਸ ਨੂੰ ਵਧਾਈਆਂ ਦਿੱਤੀਆਂ ਗਈਆਂ। ਸੁਹਾਨੀ ਨੇ ਆਪਣੀ ਇਸ ਸਫਲਤਾ ਦਾ ਸਿਹਰਾ ਆਪਣੇ ਮਾਪਿਆਂ, ਅਧਿਆਪਕਾਂ ਅਤੇ ਲਗਾਤਾਰ ਕੀਤੀ ਮਿਹਨਤ ਨੂੰ ਦਿੱਤਾ ਹੈ। ਸੁਹਾਨੀ ਨੇ ਦੱਸਿਆ ਕਿ ਉਸ ਦਾ ਬਚਪਨ ਤੋਂ ਹੀ ਸੁਪਨਾ ਜੱਜ ਬਣਨ ਦਾ ਹੈ। ਉਹ ਸਮਾਜ ਵਿੱਚ ਨਿਆਂ ਅਤੇ ਸੱਚਾਈ ਨੂੰ ਮਜ਼ਬੂਤ ਕਰਨ ਲਈ ਜੁਡੀਸ਼ਰੀ



ਵਿੱਚ ਜਾਣਾ ਚਾਹੁੰਦੀ ਹੈ। ਉਸ ਨੇ ਕਿਹਾ ਕਿ ਇਸ ਮੰਜ਼ਿਲ ਨੂੰ ਹਾਸਲ ਕਰਨ ਲਈ ਉਹ ਪਹਿਲਾਂ ਤੋਂ ਹੀ ਆਪਣੀ ਅਗਲੀ ਪੜ੍ਹਾਈ ਦੀ ਯੋਜਨਾ ਤਿਆਰ ਕਰ ਚੁੱਕੀ ਹੈ ਅਤੇ ਹੁਣ ਹੋਰ ਵੱਧ ਮਿਹਨਤ ਨਾਲ ਆਪਣੇ ਟੀਚੇ ਵੱਲ ਅੱਗੇ ਵਧੇਗੀ। ਉਸ ਨੇ ਕਿਹਾ ਕਿ ਸਫਲਤਾ ਹਾਸਲ ਕਰਨ ਲਈ ਸਮੇਂ ਦੀ ਕਦਰ ਅਤੇ ਨਿਯਮਿਤ ਪੜ੍ਹਾਈ ਬਹੁਤ ਜ਼ਰੂਰੀ ਹੈ। ਸੁਹਾਨੀ ਚੌਹਾਨ ਨੇ ਦੱਸਿਆ ਕਿ ਜਦੋਂ ਵੀ ਉਹ ਪੜ੍ਹਾਈ ਕਰਨ ਬੈਠਦੀ ਸੀ ਤਾਂ ਉਸ ਲਈ ਟੀਚਾ ਨਿਰਧਾਰਿਤ ਕਰ ਲੈਂਦੀ ਸੀ ਤੇ ਉਸ ਟੀਚੇ ਨੂੰ ਪੂਰਾ ਕਰਨ ਲਈ ਉਸ ਨੂੰ ਜਿੰਨਾ ਵੀ ਸਮਾਂ ਲੱਗਦਾ ਸੀ ਉਹ ਲਗਾਤਾਰ ਪੜ੍ਹਾਈ ਕਰਦੀ ਸੀ। ਇਸ ਦੌਰਾਨ ਉਹ ਆਪਣੇ ਛੇਵੀਂ ਵਿੱਚ ਪੜ੍ਹਦੇ ਛੋਟੇ ਭਰਾ ਸਨੀ ਚੌਹਾਨ ਨੂੰ ਵੀ ਪੜ੍ਹਾਈ ਵਿੱਚ ਮਦਦ ਕਰਦੀ ਸੀ। ਸੁਹਾਨੀ ਦੇ ਪਿਤਾ ਲਲਿਤ ਚੌਹਾਨ ਹਿਮਾਚਲ ਵੂਲਨ ਮਿੱਲ ਵਿੱਚ ਐਚ ਆਰ ਮੈਨੇਜਰ ਵਜੋਂ ਸੇਵਾ ਨਿਭਾ ਰਹੇ ਹਨ, ਜਦਕਿ ਉਸ ਦੀ ਮਾਤਾ ਪੂਜਾ ਚੌਹਾਨ ਗ੍ਰਿਹਣੀ ਹਨ। ਸੁਹਾਨੀ ਦੇ ਪਿਤਾ ਲਲਿਤ ਚੌਹਾਨ ਨੇ ਦੱਸਿਆ ਕਿ ਸੁਹਾਨੀ ਸ਼ੁਰੂ ਤੋਂ ਹੀ ਪੜ੍ਹਾਈ ਵਿੱਚ ਹੋਣਹਾਰ ਰਹੀ ਹੈ ਅਤੇ ਹਰ ਕਲਾਸ ਵਿੱਚ ਵਧੀਆ ਨਤੀਜੇ ਲਿਆਉਂਦੀ ਆ ਰਹੀ ਹੈ। ਇਸ ਤੋਂ ਪਹਿਲਾਂ 10ਵੀਂ ਜਮਾਤ ਵਿੱਚ ਵੀ ਉਸ ਨੇ 100 ਫੀਸਦੀ ਅੰਕ ਹਾਸਲ ਕੀਤੇ ਸਨ, ਪਰ ਉਮਰ ਘੱਟ ਹੋਣ ਕਾਰਨ ਉਸ ਨੂੰ ਤੀਜਾ ਸਥਾਨ ਮਿਲਿਆ ਸੀ।

ਉਧਰ ਸਕੂਲ ਦੇ ਅਧਿਆਪਕਾਂ ਨੇ ਦੱਸਿਆ ਕਿ ਸੁਹਾਨੀ ਬਹੁਤ ਅਨੁਸ਼ਾਸਿਤ ਅਤੇ ਮਿਹਨਤੀ ਵਿਦਿਆਰਥਣ ਹੈ। ਉਹ ਸਕੂਲ ਦੀਆਂ ਗਤੀਵਿਧੀਆਂ ਵਿੱਚ ਵੀ ਸਰਗਰਮ ਰਹਿੰਦੀ ਸੀ ਅਤੇ ਹਮੇਸ਼ਾ ਕੁਝ ਨਵਾਂ ਸਿੱਖਣ ਦੀ ਲਗਨ ਰੱਖਦੀ ਸੀ। ਅਧਿਆਪਕਾਂ ਮੁਤਾਬਕ ਉਸ ਦੀ ਇਹ ਸਫਲਤਾ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੇਗੀ। ਸੁਹਾਨੀ ਨੇ ਹੋਰ ਵਿਦਿਆਰਥੀਆਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਜੇਕਰ ਮਨ ਵਿੱਚ ਪੱਕਾ ਇਰਾਦਾ ਹੋਵੇ ਤਾਂ ਕੋਈ ਵੀ ਮੰਜ਼ਿਲ ਦੂਰ ਨਹੀਂ ਰਹਿੰਦੀ। ਉਸ ਨੇ ਕਿਹਾ ਕਿ ਮੋਬਾਈਲ ਅਤੇ ਸੋਸ਼ਲ ਮੀਡੀਆ ਤੋਂ ਦੂਰ ਰਹਿ ਕੇ ਇਕਾਗਰਤਾ ਨਾਲ ਪੜ੍ਹਾਈ ਕਰਨ ਨਾਲ ਵਧੀਆ ਨਤੀਜੇ ਹਾਸਲ ਕੀਤੇ ਜਾ ਸਕਦੇ ਹਨ। ਲੁਧਿਆਣਾ ਦੀ ਇਸ ਧੀ ਦੀ ਕਾਮਯਾਬੀ ਨਾਲ ਪੂਰੇ ਸ਼ਹਿਰ ਵਿੱਚ ਖੁਸ਼ੀ ਦੀ ਲਹਿਰ ਹੈ ਅਤੇ ਲੋਕ ਉਸ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦੇ ਰਹੇ ਹਨ।

# 23 ਮਈ ਨੂੰ ਦਿੜ੍ਹਬਾ ਵਿਖੇ ਪਰਿਵਾਰਾਂ, ਬੱਚਿਆਂ ਸਮੇਤ ਲਗਾਤਾਰ ਸੰਘਰਸ਼ ਵਿਚ ਸ਼ਾਮਲ ਹੋਣਗੇ ਜਲ ਸਪਲਾਈ ਕਾਮੇ : ਵਰਿੰਦਰ ਮੋਮੀ



**ਸਮਾਣਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ ਰਜਿ ਨੰ 31 ਜਿਲਾ ਪਟਿਆਲਾ ਦੀਆਂ ਮੀਟਿੰਗਾਂ ਅੱਜ ਹੈਡ ਆਫਿਸ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਪਟਿਆਲਾ ਵਿਖੇ ਜ਼ਿਲਾ ਪ੍ਰਧਾਨ ਜੀਤ ਸਿੰਘ ਬਠੋਈ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ ਵਿਸ਼ੇਸ਼ ਤੌਰ ਤੇ ਪਹੁੰਚੇ ਉਹਨਾਂ ਨੇ ਕਿਹਾ ਕਿ ਵੱਖ ਵੱਖ ਸਰਕਾਰੀ ਵਿਭਾਗਾਂ ਵਿੱਚ, ਇਨਲਿਸਟਮੈਂਟ, ਆਉਟਸਰੋਸ , ਠੇਕੇਦਾਰਾਂ, ਕੰਪਨੀਆਂ ਰਾਹੀਂ ਰੱਖੇ ਠੇਕਾ ਮੁਲਾਜਮਾਂ ਨੂੰ ਪੰਜਾਬ ਸਰਕਾਰ ਰੈਗੂਲਰ ਕਰਨ ਤੋਂ ਭੱਜ ਰਹੀ ਹੈ, ਉਥੇ ਦੂਜੇ ਪਾਸੇ ਸਰਕਾਰੀ ਵਿਭਾਗਾਂ ਦਾ ਨਿੱਜੀਕਰਨ/ਪੰਚਾਇਤੀਕਰਨ ਵਾਲੀਆਂ ਲੋਕ ਅਤੇ ਠੇਕਾ ਮੁਲਾਜਮ ਵਿਰੋਧੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ, ਜਿਸ ਕਾਰਨ ਠੇਕਾ ਮੁਲਾਜਮ ਆਪਣੇ ਕੱਚੇ ਰੁਜਗਾਰ ਨੂੰ ਬਚਾਉਣ ਅਤੇ ਸੁਰੱਖਿਅਤ ਕਰਨ ਲਈ ਠੇਕਾ ਮੁਲਾਜਮ ਸੰਘਰਸ਼ ਮੋਰਚਾ ਪੰਜਾਬ ਦੀ ਅਗੁਵਾਈ ਹੇਠ ਪੂਰਅਮਨ ਢੰਗ ਨਾਲ ਸੰਘਰਸ਼ ਕੀਤਾ ਜਾ ਰਿਹਾ ਹੈ। ਕੱਚੇ ਮੁਲਾਜਮਾਂ ਨੂੰ ਪੱਕੇ ਕਰਨ ਵਾਲੀ ਪੰਜਾਬ ਸਰਕਾਰ ਦੀ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਪੈਨਲ ਮੀਟਿੰਗ ਮਿਤੀ 19 ਮਈ 2026 ਨੂੰ ਪੰਜਾਬ ਭਵਨ, ਚੰਡੀਗੜ੍ਹ ਵਿਖੇ ਤੈਅ ਕੀਤੀ ਗਈ ਹੈ।

ਜੇਕਰ ਪੰਜਾਬ ਸਰਕਾਰ ਦੀ ਕੈਬਨਿਟ ਸਬ ਕਮੇਟੀ ਵੱਲੋਂ ਸਮੂਹ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜਮਾਂ ਨੂੰ ਪੱਕਾ ਕਰਨ ਲਈ ਕੋਈ ਸਾਰਥਕ ਹੱਲ ਕਰਕੇ ਇਸ ਸਬੰਧੀ ਨੋਟੀਫਿਕੇਸ਼ਨ 19 ਮਈ ਨੂੰ ਜਾਰੀ ਨਹੀਂ ਕੀਤਾ ਗਿਆ ਤਾਂ ਠੇਕਾ ਮੁਲਾਜਮ ਸੰਘਰਸ਼ ਮੋਰਚਾ ਪੰਜਾਬ ਵੱਲੋਂ 23 ਮਈ 2026 ਵਿਤ ਮੰਤਰੀ ਪੰਜਾਬ ਸਰਕਾਰ ਦੇ ਹੱਲਕੇ ਦਿੜ੍ਹਬਾ ਵਿਖੇ ਸੂਬਾ ਪੱਧਰੀ ਰੈਲੀ ਅਤੇ ਪਿੰਡਾਂ ਵਿਚ ਝੰਡਾ ਮਾਰਚ ਕੀਤਾ ਜਾਣਾ ਹੈ ਉਸ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ ਰਜਿ ਨੰ 31 ਜ਼ਿਲਾ ਪਟਿਆਲਾ ਦੇ ਵਰਕਰ ਪਰਿਵਾਰਾਂ, ਬੱਚਿਆਂ ਸਮੇਤ ਵੱਡੀ ਗਿਣਤੀ ਵਿਚ ਪਹੁੰਚਣਗੇ ਅਤੇ ਆਗੂਆਂ , ਨਰਿੰਦਰ ਸਿੰਘ ਬਹਾਦਰਗੜ੍ਹ ,ਬਲਕਾਰ ਸਿੰਘ ਕਕਰਾਲਾ, ਰਾਹੁਲ ਕੁਮਾਰ,ਪਰਵਿੰਦਰ ਸਿੰਘ ਕਲਿਆਣ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਪਿਛਲੇ ਲੰਮੇ ਅਰਸੇ ਤੋਂ ਆਊਟਸੋਰਸ, ਇਨਲਿਸਟਮੈਂਟ, ਕੰਪਨੀਆਂ, ਠੇਕੇਦਾਰਾਂ, ਸੁਸਾਇਟੀਆਂ, ਦਿਹਾੜੀਦਾਰ, ਡੇਲੀਵੇਜ ਆਦਿ ਕੈਗਾਗਿਰੀਆਂ ਅਧੀਨ ਲਗਾਤਾਰ ਸੇਵਾਵਾਂ ਦੇ ਰਹੇ ਠੇਕਾ ਵਰਕਰਾਂ ਨੂੰ ਸਬੰਧਤ ਵਿਭਾਗਾਂ ਵਿਚ ਮਰਜ ਕਰਕੇ ਰੈਗੂਲਰ ਕੀਤਾ ਜਾਵੇ ਅਤੇ ਸਮੂਹ ਵਰਕਰਾ ਤੇ 15 ਵੀ ਲੇਬਰ ਕਾਨਫਰੰਸ ਮੁਤਾਬਕ ਤਨਖਾਹ ਦੇਣ ਦਾ ਅਤੇ ਸਮੂਹ ਵਰਕਰ ਦੀ 58 ਸਾਲ ਦੀ ਰਿਟਾਇਰਮੈਂਟ ਹੋਣ ਤੇ 50 ਲੱਖ ਰੁਪਏ ਦੇਣ ਦਾ ਅਤੇ ਪਰਿਵਾਰ ਦਾ ਮੈਡੀਕਲ ਫਰੀ ਕਰਨ ਅਤੇ ਵਰਕਰ ਦੀ ਮੌਤ ਹੋਣ ਤੇ ਪਰਿਵਾਰ ਦੇ ਇੱਕ ਮੈਂਬਰ ਨੂੰ ਪੱਕੀ ਨੌਕਰੀ ਦੇਣ।

ਘਾਤਕ ਅਤੇ ਗ਼ੈਰ ਘਾਤਕ ਹਾਸਦੇ ਨਾਲ ਮੌਤ ਹੋਣ ? ਤੇ 50 ਲੱਖ ਰੁਪਏ ਦੇਣ ਦਾ ਨੋਟੀਫ਼ਿਕੇਸ਼ਨ ਜਾਰੀ ਕੀਤਾ ਜਾਵੇ ।

# ਮਹਾਰਾਜਾ ਇਨਕਲੇਵ 'ਚ ਕੋਰਟ ਦੇ ਹੁਕਮਾਂ 'ਤੇ ਸਪੀਕਰ ਰਾਹੀਂ ਹੋਈ ਮੁਨਿਆਦੀ

**ਪਟਿਆਲਾ, 16 ਮਈ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਟਰੱਸਟ ਜ਼ਮੀਨ ਘੋਟਾਲੇ ਅਤੇ ਰਜਿਸ਼ਟਰੀਆਂ ਦੇ ਘਪਲੇ ਵਿਚ ਮਾਣਯੋਗ ਕੋਰਟ ਦੇ ਸਖਤ ਹੁਕਮਾਂ 'ਤੇ ਅੱਜ ਸੂਲਰ ਦੀ ਮਹਾਰਾਜਾ ਇਨਕਲੇਵ ਕਲੋਨੀ ਵਿਚ 16 ਜਣਿਆਂ ਖਿਲਾਫ ਲਾਊਡ ਸਪੀਕਰਾਂ ਰਾਹੀਂ ਮੁਨਿਆਦੀ ਕਰਵਾਈ ਗਈ ਤੇ ਇਨ੍ਹਾਂ ਸਭ ਨੂੰ ਮਿਥੀ ਤਰੀਕ ਤੱਕ ਹਰ ਹਾਲਤ ਵਿਚ ਕੋਰਟ ਵਿਚ ਪੇਸ਼ ਹੋਣ ਦੇ ਹੁਕਮ ਦਿੱਦੇ ਗਏ, ਕਿਉਂਕਿ ਇਹ ਵਿਅਕਤੀ ਕੋਰਟ ਦੇ ਵਾਰ-ਵਾਰ ਸੱਦਣ 'ਤੇ ਵੀ ਅਦਾਲਤ ਵਿਚ ਪੇਸ਼ ਨਹੀਂ ਹੋ ਰਹੇ ਸਨ। ਇਨ੍ਹਾਂ 16 ਜਣਿਆਂ ਵਿਚ ਸੂਲਰ ਦਾ ਇਕ-ਦੋ ਨਾਮੀ ਪ੍ਰਾਪਰਟੀ ਡੀਲਰ ਵੀ ਹੈ, ਜਿਸ ਵਲੋਂ ਪਹਿਲਾਂ ਵੀ ਸੂਲਰ ਵਿਚ ਮੰਦਰ ਦੇ ਪਿੱਛੇ ਨਜਾਇਜ਼ ਕਲੋਨੀਆਂ ਕੱਟੀਆਂ ਗਈਆਂ ਹਨ। ਮਾਣਯੋਗ ਅਦਾਲਤ ਵਿਚ ਕਰਮਜੀਤ ਸਿੰਘ ਵਲੋਂ ਡਿਪਟੀ



ਕਮਿਸ਼ਨਰ ਸਮੇਤ 47 ਜਣਿਆਂ, ਜਿਨ੍ਹਾਂ ਵਿਚ ਪੁਲਿਸ ਦੇ ਵੱਡੇ-ਵੱਡੇ ਅਫਸਰ, ਪੁੱਡਾ ਦੇ ਅਧਿਕਾਰੀ ਸ਼ਾਮਲ ਹਨ, ਖਿਲਾਫ ਅਦਾਲਤ ਵਿਚ ਕੇਸ ਕੀਤਾ ਹੋਇਆ ਹੈ। ਇਸੇ ਤਹਿਤ ਮਾਣਯੋਗ ਅਦਾਲਤ ਵਲੋਂ ਅੱਜ ਮਹਾਰਾਜਾ ਇਨਕਲੇਵ ਵਿਚ ਓਪਨ ਮੁਨਿਆਦੀ ਕਰਨ ਦੇ ਹੁਕਮ ਜਾਰੀ ਕੀਤੇ।

ਇਥੇ ਹੋਈਆਂ ਕਥਿਤ ਜਾਅਲੀ ਰਜਿਸ਼ਟਰੀਆਂ ਸਬੰਧੀ ਬੈਂਕ ਨੇ ਵੀ ਆਪਣੇ ਲੈਟਰ ਹੈਡ 'ਤੇ ਲਿਖ ਕੇ ਦਿੱਤਾ ਹੈ ਕਿ ਜਿਹੜੇ ਅਸਟਾਮਾਂ ਦਾ ਭੁਗਤਾਨ ਕਰਮਜੀਤ ਸਿੰਘ ਪੁੱਤਰ ਪਾਲਾ ਸਿੰਘ ਦੇ ਨਾਮ 'ਤੇ ਹੋਇਆ ਹੈ, ਪਰ ਉਨ੍ਹਾਂ ਨੂੰ ਕਰਮਜੀਤ ਸਿੰਘ ਪੁੱਤਰ ਹਰਦੇਵ ਸਿੰਘ ਵਲੋਂ ਕਢਵਾ ਕੇ ਅੱਗੇ ਕਿਸੇ ਹੋਰ ਦੇ ਨਾਮ ਰਜਿਸ਼ਟਰੀਆਂ ਕਰਵਾਈਆਂ ਗਈਆਂ, ਜਦਕਿ ਕਰਮਜੀਤ ਸਿੰਘ ਨੂੰ ਰਜਿਸ਼ਟਰੀ ਨਹੀਂ ਕਰਵਾਈ ਗਈ। ਇਹ ਇਕ ਬਹੁਤ ਵੱਡਾ ਫਰਾਡ ਹੈ। ਜ਼ਿਕਰਯੋਗ ਹੈ ਕਿ ਜਿਸ ਥਾਂ 'ਤੇ ਮਹਾਰਾਜਾ ਇਕਲੇਵ ਕਲੋਨੀ ਹੈ, ਉਹ ਇਕ ਟਰੱਸਟ ਦੀ ਜਗ੍ਹਾਂ ਹੈ ਤੇ ਉਸਨੂੰ ਹੇਰਾ ਫੇਰੀ ਨਾਲ ਤਬਾਦਲਾ ਕਰਕੇ ਕਲੋਨੀ ਕੱਟੀ ਗਈ ਤੇ ਡੀਲਰਾਂ ਵਲੋਂ ਵੱਡੀ ਪੱਧਰ 'ਤੇ ਲੋਕਾਂ ਨਾਲ ਫਰਾਡ ਕੀਤਾ ਗਿਆ। ਲੋਕਾਂ ਵਲੋਂ ਵੀ ਨਸਮਝਦਾਰੀ ਵਰਤਦਿਆਂ ਅੰਖਾਂ ਬੰਦ ਕਰਕੇ ਇਥੇ ਵੱਡੇ ਪੱਧਰ 'ਤੇ ਪਲਾਟ ਤੇ ਕੋਠੀਆਂ ਖਰੀਦ ਲਈਆਂ, ਜਦਕਿ ਮਹਾਰਾਜਾ ਇਨਕਲੇਵ ਦੀ ਇਸ ਜ਼ਮੀਨ ਦਾ ਧੋਖਾ-ਧੜੀ ਨਾਲ ਤਬਾਦਲਾ ਕਰਵਾਇਆ ਗਿਆ ਤੇ ਅੱਗੋਂ ਲੋਕਾਂ ਨੂੰ ਵੀ ਠੱਗਿਆ ਗਿਆ। ਸੂਲਰ ਵਿਚ ਭੂਮਾਫੀਆ ਗੈਂਗ ਪੂਰੀ ਤਰ੍ਹਾਂ ਸਰਗਰਮ ਹੈ, ਜੋਕਿ ਭੋਲੇ ਭਾਲੇ ਲੋਕਾਂ ਨੂੰ ਆਪਣੇ ਜਾਲ ਵਿਚ ਫਸਾਉਂਦੇ ਹੋਏ ਲੁੱਟ ਕੇ ਪਾਰ ਜਾਂਦੇ ਹਨ ਤੇ ਬਾਅਦ ਵਿਚ ਲੋਕ ਦੇ ਪੱਲੇ ਸਿਰਫ ਧੋਖਾ ਤੇ ਨਮੋਸ਼ੀ ਰਹਿ ਜਾਂਦੀ ਹੈ।

# ਨਗਰ ਕੌਂਸਲ ਸਮਰਾਲਾ ਦੇ ਉਮੀਦਵਾਰਾਂ ਲਈ ਕਾਂਗਰਸ ਆਗੂਆਂ ਵੱਲੋਂ ਚੋਣ ਪ੍ਰਚਾਰ ਤੇਜ਼

**ਮਾਛੀਵਾੜਾ ਸਾਹਿਬ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਕੌਂਸਲ ਚੋਣਾਂ ਲਈ ਸਮਰਾਲਾ ਕਾਂਗਰਸ ਪਾਰਟੀ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਵਿੱਚ ਸ਼ਾਨਦਾਰ ਜਿੱਤ ਦਰਜ ਕਰੇਗੀ ਅਤੇ ਸਾਰੇ ਉਮੀਦਵਾਰ ਆਪਣੇ ਆਪਣੇ ਵਾਰਡਾਂ ਵਿੱਚੋਂ ਜਿੱਤ ਪ੍ਰਾਪਤ ਕਰਨਗੇ।

ਇਹਨਾ ਗੱਲਾਂ ਦਾ ਪ੍ਰਗਟਾਵਾ ਬਲਾਕ ਮਾਛੀਵਾੜਾ ਸਾਹਿਬ ਤੋਂ ਮੀਡੀਆ ਇੰਚਾਰਜ ਵਨੀਤ ਕੁਮਾਰ ਝੜੌਦੀ ਨੇ ਉਸ ਵੇਲੇ ਕੀਤਾ ਜਦੋਂ ਪਾਰਟੀ ਵੱਲੋਂ ਉਹਨਾਂ ਨੂੰ ਸਮਰਾਲਾ ਨਗਰ ਕੌਂਸਲ ਚੋਣਾਂ ਲਈ ਵਾਰਡ ਨੰਬਰ 11 ਤੋਂ ਉਮੀਦਵਾਰ ਰੁਪਿੰਦਰ ਕੌਰ ਰੂਪ ਪਤਨੀ ਵਿਸ਼ਾਲ ਭਾਰਤੀ ਦੀ ਚੋਣ



ਮੁਹਿੰਮ ਨੂੰ ਤੇਜ਼ ਕਰਨ ਲਈ ਉਨ੍ਹਾਂ ਦੀ ਵਿਸ਼ੇਸ਼ ਤੌਰ ਤੇ ਡਿਊਟੀ ਲਗਾਈ ਗਈ। ਉਹਨਾਂ ਦੱਸਿਆ ਕਿ ਮਾਛੀਵਾੜਾ ਸਾਹਿਬ ਤੋਂ ਉਹਨਾਂ ਦੇ ਨਾਲ ਸੋਸ਼ਲ ਮੀਡੀਆ ਇੰਚਾਰਜ ਯੂਥ ਆਗੂ ਸੁਖਦੀਪ ਸਿੰਘ ਸੋਨੀ ਸਰਪੰਚ ਅਤੇ ਅਮਨਦੀਪ ਸਿੰਘ ਗੁਰੋ ਵੀ ਵਿਸ਼ੇਸ਼ ਤੌਰ ਤੇ ਨਗਰ ਕੌਂਸਲ ਸਮਰਾਲਾ ਵਿੱਚ ਕਾਂਗਰਸੀ ਉਮੀਦਵਾਰ ਰੁਪਿੰਦਰ ਕੌਰ ਰੂਪ ਦੀ ਚੋਣ ਪ੍ਰਚਾਰ ਦਾ ਮੁੱਖ ਹਿੱਸਾ ਬਣਨਗੇ।

ਉਹਨਾਂ ਕਿਹਾ ਕਿ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਵਿੱਚ ਸਾਰੇ ਹੀ ਆਗੂਆਂ ਵੱਲੋਂ ਚੋਣ ਪ੍ਰਚਾਰ ਦੀਆਂ ਤਿਆਰੀਆਂ ਕਰ ਲਈਆਂ ਗਈਆਂ ਹਨ ਅਤੇ ਡੋਰ ਟੂ ਡੋਰ ਚੋਣ ਪ੍ਰਚਾਰ ਕਰਕੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਂਦਿਆਂ ਆਪਣੇ ਉਮੀਦਵਾਰਾਂ ਨੂੰ ਜਿਤਾਉਣ ਲਈ ਅਪੀਲ ਕੀਤੀ ਜਾਵੇਗੀ।

# ਸਾਫਟਵੇਅਰ ਇੰਜੀਨੀਅਰ ਬਣਨਾ ਚਾਹੁੰਦੀ ਹੈ ਪੰਜਾਬ ਭਰ 'ਚੋਂ ਤੀਜਾ ਸਥਾਨ ਹਾਸਲ ਕਰਨ ਵਾਲੀ ਦੀਵਾਂਸ਼ੀ



**ਲੁਧਿਆਣਾ, 9 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰਵੀਂ ਜਮਾਤ ਦੇ ਨਤੀਜਿਆਂ ਵਿੱਚ ਪੰਜਾਬ ਭਰ ਚੋਂ ਤੀਜਾ ਸਥਾਨ ਹਾਸਲ ਕਰਕੇ ਲੁਧਿਆਣਾ ਜ਼ਿਲ੍ਹੇ ਦਾ ਦੇ ਨਾਲ ਨਾਲ , ਆਪਣੇ ਸਕੂਲ ਅਤੇ ਆਪਣੇ ਮਾਤਾ ਪਿਤਾ ਦਾ ਮਾਣ ਵਧਾਉਣ ਵਾਲੀ ਤੇਜਾ ਸਿੰਘ ਸੁਤੰਤਰ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਦੀਵਾਂਸ਼ੀ ਸਾਫਟਵੇਅਰ ਇੰਜੀਨੀਅਰ ਬਣਨਾ ਚਾਹੁੰਦੀ ਹੈ। ਦੀਵਾਂਸ਼ੀ ਦੇ ਪਿਤਾ ਵਨੀਤ ਜੋਹਰ ਨਾਲ ਗੱਲਬਾਤ ਦੌਰਾਨ ਉਹਨਾਂ ਨੇ ਦੱਸਿਆ ਕਿ ਦੀਵਾਂਸ਼ੀ ਨੇ ਨਰਸਰੀ ਕਲਾਸ ਤੋਂ ਲੈ ਕੇ ਨੌਵੀਂ ਕਲਾਸ ਤੱਕ ਬੀਸੀਐਮ ਸਕੂਲ ਦੁਗਰੀ ਵਿੱਚ ਪੜ੍ਹਾਈ ਕੀਤੀ ਉਸ ਤੋਂ ਬਾਅਦ ਦੀਵਾਂਸ਼ੀ ਆਪਣੇ ਪਰਿਵਾਰ ਨਾਲ ਕੈਨੇਡਾ ਚਲੀ ਗਈ। ? ਕੈਨੇਡਾ ਵਿੱਚ ਉਸਨੇ ਦਸਵੀਂ ਜਮਾਤ ਵਿੱਚ ਦਾਖਲਾ ਲਿਆ ਅਤੇ ਦਸਵੀਂ ਪਾਸ ਕਰਨ ਤੋਂ ਬਾਅਦ ਦੁਬਾਰਾ ਲੁਧਿਆਣਾ ਵਾਪਸ ਆ ਕੇ ਗਿਆਰਵੀਂ ਜਮਾਤ ਵਿੱਚ ਤੇਜਾ ਸਿੰਘ ਸੁਤੰਤਰ ਮੈਮੋਰੀਅਲ ਸਕੂਲ ਸ਼ਿਮਲਾਪੁਰੀ ਵਿਖੇ ਦਾਖਲਾ ਲਿਆ।

ਕੈਨੇਡਾ ਦੀ ਪੜ੍ਹਾਈ ਦਾ ਸੈਸ਼ਨ ਅਲੱਗ ਹੋਣ ਕਰਕੇ ਸਾਲ 2024 ਜੁਲਾਈ ਮਹੀਨੇ ਵਿੱਚ ਭਾਰਤ ਆ ਕੇ ਦੀਵਾਂਸ਼ੀ ਨੇ ਦਾਖਲਾ ਲਿਆ। ਪੜ੍ਹਾਈ ਵਿੱਚ ਹੁਸ਼ਿਆਰ ਹੋਣ ਕਰਕੇ ਦੀਵਾਂਸ਼ੀ ਨੇ ਸੈਸ਼ਨ ਅੱਗੇ ਲੰਘ ਜਾਣ ਤੋਂ ਬਾਅਦ ਵੀ ਹਿੰਮਤ ਨਹੀਂ ਹਾਰੀ ਅਤੇ ਪੜ੍ਹਾਈ ਵਿੱਚ ਅੱਵਲ ਰਹੀ। ਦੀਵਾਂਸ਼ੀ ਦੇ ਪਿਤਾ ਵਿਨੀਤ ਜੌਹਰ ਨੇ ਦੱਸਿਆ ਕਿ ਥੋੜੀ ਬਹੁਤ ਦਿੱਕਤ ਵੀ ਆਈ ਕਿਉਂਕਿ ਦੀਵਾਂਸ਼ੀ ਨੇ ਪਹਿਲਾਂ ਸੀਬੀਐਸਈ ਸਕੂਲ (ਭਾਰਤ) ਵਿੱਚ ਪੜ੍ਹਾਈ ਕੀਤੀ ਉਸ ਤੋਂ ਬਾਅਦ ਕੈਨੇਡਾ ਚ ਇੰਟਰਨੈਸ਼ਨਲ ਪੜ੍ਹਾਈ ਤੇ ਫਿਰ ਹੁਣ ਪੰਜਾਬ ਬੋਰਡ ਦੀ ਪੜ੍ਹਾਈ।

# ਦਿਲਜੀਤ ਦੋਸਾਂਝ ਵੱਲੋਂ ਭਾਜਪਾ ਦੀ ਰਾਜਨੀਤੀ ਵਿੱਚ ਆਉਣ ਦੀ ਪੇਸ਼ਕਸ਼ ਠੁਕਰਾਉਣ ਤੋਂ ਬਾਅਦ ਉਸ ਖਿਲਾਫ ਧਮਕਾਉਣ ਦੀ ਸਿਆਸਤ ਸ਼ੁਰੂ ਹੋ ਗਈ ਹੈ: ਮਾਨ

**ਨਵੀਂ ਦਿੱਲੀ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਨੀਟ ਪੇਪਰ ਲੀਕ ਨੂੰ ਲੈ ਕੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਸਖਤ ਆਲੋਚਨਾ ਕਰਦਿਆਂ ਇਸ ਨੂੰ ਲੱਖਾਂ ਵਿਦਿਆਰਥੀਆਂ ਨਾਲ ਵਿਸ਼ਵਾਸਘਾਤ ਦੱਸਿਆ ਜਿਨ੍ਹਾਂ ਦੇ ਸੁਪਨੇ ਪ੍ਰੀਖਿਆ ਪ੍ਰਣਾਲੀ ਵਿੱਚ ਵਾਰ-ਵਾਰ ਅਸਫਲਤਾਵਾਂ ਕਾਰਨ ਚੂਰ-ਚੂਰ ਹੋ ਗਏ ਹਨ। ਕਈ ਮੁੱਦਿਆਂ 'ਤੇ ਭਾਜਪਾ ਨੂੰ ਨਿਸ਼ਾਨਾ ਬਣਾਉਂਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਹ ਵੀ ਕਿਹਾ ਕਿ ਪੰਜਾਬੀ ਗਾਇਕ ਦਿਲਜੀਤ ਦੋਸਾਂਝ ਵੱਲੋਂ ਭਾਜਪਾ ਦੇ ਇਸ਼ਾਰੇ 'ਤੇ ਰਾਜਨੀਤੀ ਵਿੱਚ ਆਉਣ ਤੋਂ ਇਨਕਾਰ ਕਰਨ ਤੋਂ ਬਾਅਦ, ਉਨ੍ਹਾਂ ਵਿਰੁੱਧ ਡਰਾਉਣ-ਧਮਕਾਉਣ ਦੀ ਮੁਹਿੰਮ ਵਿੱਢੀ ਗਈ ਹੈ।

ਪੰਜਾਬ ਚੋਣਾਂ ਤੋਂ ਪਹਿਲਾਂ ਲੋਕ ਪੱਖੀ ਸ਼ਾਸਨ ਅਤੇ ਭਲਾਈ ਨੂੰ 'ਆਪ' ਦੇ ਕੇਂਦਰੀ ਚੋਣ ਮੁੱਦੇ ਵਜੋਂ ਪੇਸ਼ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਪਾਰਟੀ ÷ਰੰਗਲਾ ਪੰਜਾਬ÷ ਦੇ ਮੁੱਦੇ 'ਤੇ ਨਵੇਂ ਸਿਰੇ ਤੋਂ ਫਤਵਾ ਮੰਗੇਗੀ, ਜਿਸਵਿੱਚ ਮੁਫਤ ਬਿਜਲੀ, ਨਕਦੀ ਰਹਿਤ ਸਿਹਤ ਸੰਭਾਲ ਅਤੇ ਵਿਕਾਸ-ਮੁਖੀ ਸ਼ਾਸਨ ਨੂੰ ਪ੍ਰਮੁੱਖ ਰੂਪ ਵਿਚ ਉਜਾਗਰ ਕੀਤਾ ਜਾਵੇਗਾ। ਮੀਡੀਆ ਨਾਲ ਗੱਲਬਾਤ ਦੌਰਾਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨੀਟ ਪਰਚਾ ਲੀਕ ਹੋਣ ਦੀ ਘਟਨਾ ਨੇ ਲੱਖਾਂ ਉਮੀਦਵਾਰਾਂ ਦੇ ਸੁਪਨਿਆਂ ਨੂੰ ਚਕਨਾਚੂਰ ਕਰ ਦਿੱਤਾ ਹੈ ਅਤੇ ਨਿਰਪੱਖ ਪ੍ਰੀਖਿਆ ਪ੍ਰਣਾਲੀ ਨੂੰ ਯਕੀਨੀ ਬਣਾਉਣ ਵਿੱਚ ਕੇਂਦਰ ਦੀ ਅਸਫਲਤਾ ਨੂੰ ਜਗ ਜ਼ਾਹਰ ਕੀਤਾ ਹੈ। ਉਨ੍ਹਾਂ ਅੱਗੇ ਕਿਹਾ, ਵਿਦਿਆਰਥੀਆਂ ਨੇ ਅਣਥੱਕ ਮਿਹਨਤ ਕੀਤੀ ਅਤੇ ਪ੍ਰੀਖਿਆ ਪਾਸ ਕਰਨ ਦੀ ਉਮੀਦ ਵਿੱਚ ਰਾਤਾਂ ਜਾਗ ਕੇ ਲੰਘਾਈਆਂ , ਪਰ ਪੇਪਰ ਲੀਕ ਨੇ ਉਨ੍ਹਾਂ ਦੀਆਂ ਰੀਝਾਂ ਵਲੂੰਧਰ ਦਿੱਤੀਆਂ ਹਨ।

ਮੁੱਖ ਮੰਤਰੀ ਨੇ ਕਿਹਾ, ਪ੍ਰੀਖਿਆਰਥੀ ਡੂੰਘੇ ਸਦਮੇ ਵਿੱਚ ਹਨ ਕਿਉਂਕਿ ਕੇਂਦਰ ਸਰਕਾਰ ਉਨ੍ਹਾਂ ਦੀਆਂ ਭਵਿੱਖੀ ਆਸਾਂ ਨਾਲ ਹੋਈ ਇਸ ਧੋਖਾਧੜੀ ਨੂੰ ਰੋਕਣ ਵਿੱਚ ਅਸਫਲ ਰਹੀ ਹੈ। ਇਸ ਪੇਪਰ ਲੀਕ ਕਾਰਨ ਲੱਖਾਂ ਉਮੀਦਾਂ ਟੁੱਟ ਗਈਆਂ ਹਨ।

ਕੇਂਦਰ ਨੂੰ ਪ੍ਰੀਖਿਆ ਸੁਤੰਤਰ ਅਤੇ ਨਿਰਪੱਖ ਰੂਪ ਵਿਚ ਕਰਵਾਉਣ ਨੂੰ ਯਕੀਨੀ ਬਣਾਉਣਾ ਚਾਹੀਦਾ ਸੀ, ਜਿਸ ਨਾਲ ਲੱਖਾਂ ਵਿਦਿਆਰਥੀਆਂ ਦੀ ਕਿਸਮਤ ਬਦਲ ਸਕਦੀ ਸੀ।

ਇੱਕ ਹੋਰ ਸਵਾਲ ਦੇ ਜਵਾਬ ਵਿੱਚ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਮੰਦਭਾਗਾ ਹੈ ਕਿ ਪ੍ਰਸਿੱਧ ਗਾਇਕ ਦਿਲਜੀਤ ਦੋਸਾਂਝ ਦੇ ਰਾਜਨੀਤੀ ਵਿੱਚ ਆਉਣ ਤੋਂ ਇਨਕਾਰ ਕਰਨ ਤੋਂ ਬਾਅਦ, ਭਾਜਪਾ ਨੇ ਉਨ੍ਹਾਂ ਵਿਰੁੱਧ ਡਰਾਉਣ-ਧਮਕਾਉਣ ਦੀਆਂ ਚਾਲਾਂ ਦਾ ਸਹਾਰਾ ਲਿਆ। ਉਨ੍ਹਾਂ ਕਿਹਾ ਕਿ ਤਾਮਿਲਨਾਡੂ ਦੇ ਰਾਜਨੀਤਿਕ ਪਿੜ ਵਿੱਚ ਅਭਿਨੇਤਾ ਵਿਜੇ ਦੀ ਸਫਲਤਾ ਤੋਂ ਬਾਅਦ, ਭਾਜਪਾ ਨੂੰ ਅਹਿਸਾਸ ਹੋਇਆ ਕਿ ਕਲਾਕਾਰਾਂ ਨੂੰ ਵਧੇਰੇ ਜਨਤਕ ਮਾਨਤਾ ਮਿਲਦੀ ਹੈ ਅਤੇ ਇਸ ਲਈ ਉਨ੍ਹਾਂ ਨੇ ਦਿਲਜੀਤ ਦੋਸਾਂਝ ਨੂੰ ਰਾਜਨੀਤੀ ਵਿੱਚ ਲਿਆਉਣ ਦੀ ਕੋਸ਼ਿਸ਼ ਕੀਤੀ, ਉਨ੍ਹਾਂ ਕਿਹਾ ਕਿ ਜਦੋਂ ਤੋਂ ਦਿਲਜੀਤ ਸਿੰਘ ਨੇ ਭਾਜਪਾ ਦੀ ਪੇਸ਼ਕਸ਼ ਠੁਕਰਾ ਦਿੱਤੀ।

ਹੈ, ਉਨ੍ਹਾਂ ਵਿਰੁੱਧ ਧਮਕਾਉਣ ਦੀ ਸਿਆਸਤ ਸ਼ੁਰੂ ਹੋ ਗਈ ਹੈ, ਜੋ ਕਿ ਮੂਲੋਂ ਗਲਤ ਹੈ।

ਉਨ੍ਹਾਂ ਦੇ ਮੈਨੇਜਰ ਦੇ ਘਰ 'ਤੇ ਹਮਲਾ ਕਰਨਾ ਧਮਕੀ ਦੀ ਇਸ ਰਾਜਨੀਤੀ ਨੂੰ ਦਰਸਾਉਂਦਾ ਹੈ ਵਿਕਾਸ ਅਤੇ ਭਲਾਈ ਏਜੰਡਾ 'ਆਪ' ਨੂੰ ਸੱਤਾ ਵਿੱਚ ਵਾਪਸ ਲਿਆਵੇਗਾ.

ਇਸ ਦੌਰਾਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰੰਗਲਾ ਪੰਜਾਬ ਬਣਾਉਣਾ ਪੰਜਾਬ ਵਿੱਚ 'ਆਪ' ਦਾ ਇੱਕੋ ਇੱਕ ਚੋਣ ਮੁੱਦਾ ਰਹੇਗਾ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 'ਆਪ' ਸਰਕਾਰ ਨੇ ਪਿਛਲੇ ਕੁਝ ਸਾਲਾਂ ਵਿੱਚ ਕਈ ਲੋਕ-ਪੱਖੀ ਅਤੇ ਵਿਕਾਸ-ਮੁਖੀ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ÷ਪੰਜਾਬ ਦੇ ਵਿਦਿਆਰਥੀ ਨੀਟ, ਜੇ.ਈ.ਈ ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ, ਲਗਭਗ 90% ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ, ਅਤੇ ਲੋਕ 10 ਲੱਖ ਰੁਪਏ ਦਾ ਨਕਦੀ ਰਹਿਤ ਡਾਕਟਰੀ ਇਲਾਜ ਕਰਵਾ ਰਹੇ ਹਨ, ਮੁੱਖ ਮੰਤਰੀ ਨੇ ਜੋਰ ਦਿੰਦਿਆਂ ਕਿਹਾ ਕਿ ÷ਅਸੀਂ ਵਿਕਾਸ, ਭਲਾਈ ਅਤੇ ਇਮਾਨਦਾਰ ਸ਼ਾਸਨ ਦੇ ਏਜੰਡੇ ਨਾਲ ਲੋਕਾਂ ਕੋਲ ਜਾਵਾਂਗੇ। ਪੰਜਾਬ ਵਿੱਚ ਸਰਬਪੱਖੀ ਵਿਕਾਸ ਹੋ ਰਿਹਾ ਹੈ ਅਤੇ ਲੋਕ ਇਨ੍ਹਾਂ ਪਹਿਲਕਦਮੀਆਂ ਦਾ ਦਿਲੋਂ ਸਮਰਥਨ ਕਰ ਰਹੇ ਹਨ। ਅਸੀਂ ਵੱਡੇ ਫਤਵੇ ਨਾਲ ਦੁਬਾਰਾ ਸਰਕਾਰ ਬਣਾਵਾਂਗੇ।

# ਨਗਰ ਕੌਂਸਲ/ਨਗਰ ਪੰਚਾਇਤ ਦੀਆਂ ਆਮ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੀ ਪ੍ਰਕਿਰਿਆ ਸ਼ੁਰੂ

**ਮਲੇਰਕੋਟਲਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮਾਲੇਰਕੋਟਲਾ ਵਿੱਚ ਨਗਰ ਕੌਂਸਲ ਮਾਲੇਰਕੋਟਲਾ, ਨਗਰ ਕੌਂਸਲ ਅਹਿਮਦਗੜ੍ਹ ਅਤੇ ਨਗਰ ਪੰਚਾਇਤ ਅਮਰਗੜ੍ਹ ਦੀਆਂ ਆਮ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੀ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ। ਨਾਮਜ਼ਦਗੀਆਂ ਭਰਨ ਦੇ ਪਹਿਲੇ ਦਿਨ ਨਗਰ ਕੌਂਸਲ ਮਾਲੇਰਕੋਟਲਾ ਲ਼ਈ 1 ਉਮੀਦਵਾਰ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ। ਇਸ ਤੋਂ ਇਲਾਵਾ ਨਗਰ ਕੌਂਸਲ ਅਹਿਮਦਗੜ੍ਹ ਅਤੇ ਨਗਰ ਪੰਚਾਇਤ ਅਮਰਗੜ੍ਹ ਲਈ ਕਿਸੇ ਵੀ ਉਮੀਦਵਾਰ ਵੱਲੋਂ ਆਪਣਾ ਨਾਮਜਦਗੀ ਪੱਤਰ ਦਾਖਲ ਨਹੀਂ ਕੀਤਾ ਗਿਆ।

ਵਧੀਕ ਜ਼ਿਲਾ ਚੋਣਕਾਰ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਰਿੰਪੀ ਗਰਗ ਨੇ ਦੱਸਿਆ ਕਿ 16 ਮਈ ਦਿਨ ਸ਼ਨੀਵਾਰ ਨਾਮਜ਼ਦਗੀਆਂ ਭਰਨ ਦੀ ਆਖ਼ਰੀ ਮਿਤੀ ਹੋਵੇਗੀ। ਨਾਮਜ਼ਦਗੀਆਂ ਦੀ



ਪੜਤਾਲ 18 ਮਈ ਦਿਨ ਸੋਮਵਾਰ ਨੂੰ ਕੀਤੀ ਜਾਵੇਗੀ, ਜਦਕਿ ਨਾਮਜ਼ਦਗੀਆਂ ਵਾਪਸ ਲੈਣ ਦੀ ਆਖ਼ਰੀ ਮਿਤੀ 19 ਮਈ ਦਿਨ ਮੰਗਲਵਾਰ ਨਿਰਧਾਰਿਤ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਨਾਮਜ਼ਦਗੀਆਂ ਭਰਨ ਦੇ ਚਾਹਵਾਨ ਉਮੀਦਵਾਰ ਆਪਣੇ ਖੇਤਰ ਦੇ ਸਬੰਧਿਤ ਰਿਟਰਨਿੰਗ ਅਫ਼ਸਰ ਦੇ ਦਫ਼ਤਰ ਵਿਖੇ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਨਾਮਜ਼ਦਗੀ ਪੱਤਰ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਉਮੀਦਵਾਰਾਂ ਦੀ ਖ਼ਰਚਾ ਸੀਮਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਕੌਂਸਲ ਕਲਾਸ-1 ਦੇ ਉਮੀਦਵਾਰ ਲਈ ਖ਼ਰਚੇ ਦੀ ਹੱਦ 3.60 ਲੱਖ ਰੁਪਏ, ਨਗਰ ਕੌਂਸਲ ਕਲਾਸ-2 ਦੇ ਉਮੀਦਵਾਰ ਲਈ 2.30 ਲੱਖ ਰੁਪਏ, ਕਲਾਸ-3 ਲਈ 2 ਲੱਖ ਰੁਪਏ ਅਤੇ ਨਗਰ ਪੰਚਾਇਤਾਂ ਦੇ ਉਮੀਦਵਾਰਾਂ ਲਈ ਖ਼ਰਚਾ ਹੱਦ 1.40 ਲੱਖ ਰੁਪਏ ਨਿਰਧਾਰਤ ਕੀਤੀ ਗਈ ਹੈ। ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨਗਰ ਕੌਂਸਲ/ਨਗਰ ਪੰਚਾਇਤ ਦੀਆਂ ਚੋਣਾਂ ਅਮਨ- ਅਮਾਨ ਨਾਲ ਨੇਪਰੇ ਚਾੜਨ ਲਈ ਵਚਨਵੱਧ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਚੋਣਾਂ ਲਈ ਰਿਟਰਨਿੰਗ ਅਫ਼ਸਰ ਅਤੇ ਸਹਾਇਕ ਰਿਟਰਨਿੰਗ ਅਫ਼ਸਰ ਨਿਯੁਕਤ ਕੀਤੇ ਗਏ ਹਨ, ਜੋ ਨਿਰਧਾਰਤ ਸਥਾਨਾਂ 'ਤੇ ਨਾਮਜ਼ਦਗੀਆਂ ਪ੍ਰਾਪਤ ਕਰਨਗੇ। ਉਨ੍ਹਾਂ ਕਿਹਾ ਕਿ ਸਬੰਧਤ ਰਿਟਰਨਿੰਗ ਅਫ਼ਸਰਾਂ ਵੱਲੋਂ ਚੋਣ ਪ੍ਰਕਿਰਿਆ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ।

## ਸੰਪਾਦਕੀ

# ਲੋਕਾਂ ਸਿਰ ਸਾਰੀ ਜ਼ਿੰਮੇਵਾਰੀ ?

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਚੋਣਾਂ ਤੋਂ ਬਾਅਦ 'ਕਟੌਤੀ' ਅਪਣਾਉਣ ਦੀ ਦਿੱਤੀ ਗਈ ਦੁਹਾਈ ਕਿਸੇ ਵੱਡੇ ਖ਼ਤਰੇ ਦਾ ਸੰਕੇਤ ਦਿੰਦੀ ਹੈ। ਜ਼ਾਹਿਰ ਹੈ ਕਿ ਭਾਰਤੀ ਅਰਥਚਾਰੇ ਦੇ ਮੁਹਾਜ਼ 'ਤੇ ਸਭ ਕੁਝ ਠੀਕ-ਠਾਕ ਨਹੀਂ ਹੈ। ਆਲਮੀ ਪੱਧਰ 'ਤੇ ਚੱਲ ਰਹੀਆਂ ਉਲਟ ਹਵਾਵਾਂ, ਖ਼ਾਸ ਕਰਕੇ ਪੱਛਮੀ ਏਸ਼ੀਆ ਦੀ ਜੰਗ, ਦੇਸ਼ ਦੇ ਅਰਥਚਾਰੇ 'ਤੇ ਮਾਰੂ ਅਸਰ ਪਾ ਰਹੀਆਂ ਹਨ ਜੋ ਕੋਵਿਡ-19 ਮਹਾਮਾਰੀ ਦੌਰਾਨ ਵੀ ਲੀਹ ਤੋਂ ਨਹੀਂ ਸੀ ਉੱਤਰਿਆ। ਪ੍ਰਧਾਨ ਮੰਤਰੀ ਨੇ ਦੇਸ਼ ਦੇ ਨਾਗਰਿਕਾਂ ਨੂੰ ਘਰ ਤੋਂ ਕੰਮ ਕਰਨ (ਵਰਕ ਫਰੌਮ ਹੋਮ), ਜਨਤਕ ਆਵਾਜਾਈ ਦੇ ਸਾਧਨਾਂ ਦੀ ਵਰਤੋਂ ਕਰਨ, ਗ਼ੈਰ-ਜ਼ਰੂਰੀ ਵਿਦੇਸ਼ੀ ਯਾਤਰਾਵਾਂ ਤੋਂ ਬਚਣ ਅਤੇ ਸੋਨੇ ਦੀ ਖ਼ਰੀਦਦਾਰੀ ਨੂੰ ਫਿਲਹਾਲ ਟਾਲਣ ਦੀ ਅਪੀਲ ਕੀਤੀ ਹੈ। ਮਹਾਮਾਰੀ ਦੇ ਪਰੇਸ਼ਾਨੀ ਭਰੇ ਦੌਰ ਦੌਰਾਨ ਅਪਣਾਈਆਂ ਗਈਆਂ ਆਦਤਾਂ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨੇ ਤੇਲ ਦੀ ਖਪਤ ਘਟਾਉਣ ਅਤੇ ਵਿਦੇਸ਼ੀ ਮੁਦਰਾ ਭੰਡਾਰ ਬਚਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਹੈ। ਉਨ੍ਹਾਂ ਵੱਲੋਂ 'ਨਾਗਰਿਕ ਸੱਤਿਆਗ੍ਰਹਿ' ਦਾ ਦਿੱਤਾ ਗਿਆ ਸੱਦਾ ਇੱਕ ਸਿਆਸੀ ਤੌਰ 'ਤੇ ਹੁਸ਼ਿਆਰੀ ਭਰਿਆ ਕਦਮ ਹੈ ਕਿਉਂਕਿ ਦੇਸ਼ ਦੇ ਬਹੁਤੇ ਸੂਬਿਆਂ ਵਿੱਚ ਭਾਜਪਾ ਦੀ ਆਪਣੀ ਜਾਂ ਸਹਿਯੋਗੀ ਪਾਰਟੀਆਂ ਨਾਲ ਮਿਲ ਕੇ ਬਣੀ ਹੋਈ ਸਰਕਾਰ ਹੈ। ਫਿਰ ਵੀ ਅਜਿਹਾ ਪ੍ਰਤੀਤ ਹੁੰਦਾ ਹੈ ਕਿ ਮੋਦੀ ਸਰਕਾਰ ਲੋਕਾਂ ਨੂੰ ਇੱਕ ਅਜਿਹੇ ਸੰਕਟ ਲਈ ਤਿਆਰ ਕਰ ਰਹੀ ਹੈ, ਜਿਸ ਦਾ ਅੰਦਾਜ਼ਾ ਲਗਾਉਣ ਵਿੱਚ ਉਹ ਖ਼ੁਦ ਨਾਕਾਮ ਰਹੀ ਹੈ।ਭਾਰਤ ਵੱਡੇ ਪੱਧਰ 'ਤੇ ਕੱਚੇ ਤੇਲ ਅਤੇ ਸੋਨੇ ਦੀ ਦਰਾਮਦ ਕਰਦਾ ਹੈ, ਜਿਸ ਕਾਰਨ ਆਲਮੀ ਬਾਜ਼ਾਰ ਵਿੱਚ ਕੀਮਤਾਂ ਵਧਣ ਨਾਲ ਸਾਡੇ ਵਿਦੇਸ਼ੀ ਮੁਦਰਾ ਭੰਡਾਰ 'ਤੇ ਭਾਰੀ ਬੋਝ ਪੈਂਦਾ ਹੈ। ਅਜਿਹੇ ਅਸਥਿਰ ਕੌਮਾਂਤਰੀ ਹਾਲਾਤ ਵਿੱਚ ਤੇਲ ਦੀ ਬੱਚਤ ਕਰਨ, ਘਰੇਲੂ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਅਤੇ ਦਰਾਮਦ 'ਤੇ ਨਿਰਭਰਤਾ ਘਟਾਉਣ ਵਰਗੇ ਸੁਝਾਅ ਬੇਸ਼ੱਕ ਤਰਕਸੰਗਤ ਪ੍ਰਤੀਤ ਹੁੰਦੇ ਹਨ। ਪਰ ਸਚਾਈ ਇਹ ਵੀ ਹੈ ਕਿ ਪਿਛਲੇ ਡੇਢ ਮਹੀਨੇ ਦੌਰਾਨ ਸਰਕਾਰ ਦਾ ਪੂਰਾ ਜ਼ੋਰ ਵਿਧਾਨ ਸਭਾ ਚੋਣਾਂ 'ਤੇ ਹੀ ਲੱਗਿਆ ਰਿਹਾ। ਇਸ ਦੌਰਾਨ ਆਰਥਿਕ ਪ੍ਰਬੰਧਨ ਨੂੰ ਬਿਲਕੁਲ ਹਾਸ਼ੀਏ 'ਤੇ ਧੱਕ ਦਿੱਤਾ ਗਿਆ। ਹੁਣ ਜਦੋਂ ਪਾਣੀ ਸਿਰ ਤੋਂ ਲੰਘਣ ਲੱਗਾ ਹੈ ਤਾਂ ਇਨ੍ਹਾਂ ਚੁਣੌਤੀਆਂ ਨਾਲ ਨਜਿੱਠਣ ਲਈ ਹੱਥ-ਪੈਰ ਮਾਰੇ ਜਾ ਰਹੇ ਹਨ।ਪਰਿਵਾਰਾਂ ਨੂੰ ਵਿਦੇਸ਼ਾਂ ਵਿੱਚ ਵਿਆਹ ਰਚਾਉਣ ਤੋਂ ਗੁਰੇਜ਼ ਕਰਨ ਜਾਂ ਸੋਨਾ ਨਾ ਖ਼ਰੀਦਣ ਦੀ ਸਲਾਹ ਦੇਣਾ ਅਸਲ ਵਿੱਚ ਰੁਪਏ ਦੀ ਤੇਜ਼ੀ ਨਾਲ ਡਿੱਗ ਰਹੀ ਕੀਮਤ ਕਾਰਨ ਪੈਦਾ ਹੋਈ ਘਬਰਾਹਟ ਨੂੰ ਦਰਸਾਉਂਦਾ ਹੈ। ਜਿਹੜੀ ਸਰਕਾਰ ਲਗਾਤਾਰ ਦੇਸ਼ ਦੀ ਮਜ਼ਬੂਤ ਆਰਥਿਕਤਾ ਦੇ ਦਾਅਵੇ ਕਰਦੀ ਰਹੀ ਹੈ, ਉਹ ਹੁਣ ਰਾਸ਼ਟਰੀ ਪੱਧਰ 'ਤੇ ਲੋਕਾਂ ਨੂੰ ਆਪਣੇ ਵਿਹਾਰ ਵਿੱਚ ਸੰਜਮ ਵਰਤਣ ਦੀਆਂ ਦੁਹਾਈਆਂ ਦੇ ਰਹੀ ਹੈ। ਅਜਿਹੇ ਕੁਝ ਕਦਮਾਂ ਦੇ ਉਲਟ ਨਤੀਜੇ ਵੀ ਨਿਕਲ ਸਕਦੇ ਹਨ। ਭਾਰਤ ਦਾ ਗਹਿਣਾ ਉਦਯੋਗ ਲੱਖਾਂ ਲੋਕਾਂ ਦੀ ਰੋਜ਼ੀ-ਰੋਟੀ ਦਾ ਸਾਧਨ ਹੈ ਅਤੇ ਸੋਨੇ ਦੀ ਖ਼ਰੀਦ ਵਿੱਚ ਵੱਡੀ ਗਿਰਾਵਟ ਅਮੀਰ ਨਿਵੇਸ਼ਕਾਂ ਨਾਲੋਂ ਇਸ ਖੇਤਰ ਦੇ ਕਾਰੀਗਰਾਂ ਤੇ ਮਜ਼ਦੂਰਾਂ ਨੂੰ ਵਧੇਰੇ ਸੱਟ ਮਾਰੇਗੀ। ਇਸੇ ਤਰ੍ਹਾਂ, 'ਘਰ ਤੋਂ ਕੰਮ ਕਰਨ' (ਵਰਕ ਫਰੌਮ ਹੋਮ) ਦੀ ਨੀਤੀ ਦੇਸ਼ ਦੀ ਕਾਮਿਆਂ ਦੀ ਵੱਡੀ ਆਬਾਦੀ ਲਈ ਵਿਹਾਰਕ ਨਹੀਂ ਹੈ। ਬੇਸ਼ੱਕ ਨਾਗਰਿਕ ਜ਼ਿੰਮੇਵਾਰੀ ਦੀ ਆਪਣੀ ਅਹਿਮੀਅਤ ਹੈ, ਪਰ ਇਹ ਕਿਸੇ ਵੀ ਤਰ੍ਹਾਂ ਠੋਸ ਸੰਕਟਕਾਲੀ ਵਿਉਂਤਬੰਦੀ ਦਾ ਬਦਲ ਨਹੀਂ ਹੋ ਸਕਦੀ। ਮੌਜੂਦਾ ਹਾਲਾਤ ਦੀ ਮੰਗ ਹੈ ਕਿ ਸਰਕਾਰ ਤੁਰੰਤ ਆਪਣੀਆਂ ਨੀਤੀਆਂ 'ਚ ਸੋਧ ਕਰੇ।

# ਘਰ 'ਤੇ ਗੋਲੀਬਾਰੀ ਦਾ ਦੋਸ਼

**ਲੁਧਿਆਣਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਥਾਣਾ ਜਮਾਲਪੁਰ ਦੇ ਇਲਾਕੇ ਮੁਹੱਲਾ ਗੁਰੂ ਨਾਨਕ ਅਸਟੇਟ ਸਾਹਿਬਾਣਾ ਪਿੰਡ ਤਾਜਪੁਰ ਬੇਟ ਵਿੱਚ ਇੱਕ ਔਰਤ ਵੱਲੋਂ ਆਪਣੇ ਸਾਥੀਆਂ ਨਾਲ ਮਿਲ ਕੇ ਗੁਆਂਢ ਵਿੱਚ ਰਹਿਣ ਵਾਲੇ ਇੱਕ ਪਰਿਵਾਰ ਦੇ ਘਰ 'ਤੇ ਕਥਿਤ ਹਮਲਾ ਕਰ ਕੇ ਭੰਨ-ਤੋੜ ਕਰਨ ਅਤੇ ਗੋਲੀਆਂ ਚਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲੀਸ ਨੇ ਇਸ ਸਬੰਧੀ 16 ਜਣਿਆਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ। ਮੁਹੱਲਾ ਗੁਰੂ ਨਾਨਕ ਅਸਟੇਟ ਸਾਹਿਬਾਣਾ ਲਿੰਕ ਰੋਡ ਵਾਸੀ ਕਿਰਨ ਗਰਗ ਆਪਣੇ ਪਤੀ ਮਨੀ ਗਰਗ ਨਾਲ ਦਵਾਈ ਲੈਣ ਲਈ ਗਈ ਹੋਈ ਸੀ। ਪਿੱਛੋਂ ਉਸ ਦੀ ਗੁਆਂਢਣ ਸੁਨਿਧੀ ਮਨੋਚਾ ਨੇ ਹਮਲਾਵਰਾਂ ਨਾਲ ਮਿਲ ਕੇ ਘਰ ਦੇ ਗੇਟ 'ਤੇ ਗੋਲੀਆਂ ਚਲਾਈਆਂ।

ਪੁਲੀਸ ਨੇ ਸੁਨਿਧੀ ਮਨੋਚਾ ਉਰਫ਼ ਨੈਨਾ, ਨਵੀਅਮ ਚੌਧਰੀ ਉਰਫ਼ ਸਿੱਧੂ ਉਰਫ਼ ਥਾਣਾ ਜਮਾਲਪੁਰ ਦੇ ਇਲਾਕੇ ਮੁਹੱਲਾ ਗੁਰੂ ਨਾਨਕ ਅਸਟੇਟ ਸਾਹਿਬਾਣਾ ਪਿੰਡ ਤਾਜਪੁਰ ਬੇਟ ਵਿੱਚ ਇੱਕ ਔਰਤ ਵੱਲੋਂ ਆਪਣੇ ਸਾਥੀਆਂ ਨਾਲ ਮਿਲ ਕੇ ਗੁਆਂਢ ਵਿੱਚ ਰਹਿਣ ਵਾਲੇ ਇੱਕ ਪਰਿਵਾਰ ਦੇ ਘਰ 'ਤੇ ਕਥਿਤ ਹਮਲਾ ਕਰ ਕੇ ਭੰਨ-ਤੋੜ ਕਰਨ ਅਤੇ ਗੋਲੀਆਂ ਚਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲੀਸ ਨੇ ਇਸ ਸਬੰਧੀ ਜਣਿਆਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ। ਮੁਹੱਲਾ ਗੁਰੂ ਨਾਨਕ ਅਸਟੇਟ ਸਾਹਿਬਾਣਾ ਲਿੰਕ ਰੋਡ ਵਾਸੀ ਕਿਰਨ ਗਰਗ ਆਪਣੇ ਪਤੀ ਮਨੀ ਗਰਗ ਨਾਲ ਦਵਾਈ ਲੈਣ ਲਈ ਗਈ ਹੋਈ ਸੀ।ਮਨੂ ਚੌਧਰੀ, ਪੁਨੀਤ ਬੈਂਸ ਉਰਫ਼ ਮਨੀ ਬੈਂਸ, ਵਿਸ਼ਾਲ ਗਿੱਲ, ਨੰਨਾ ਡੌਨ, ਗੌਰਵ ਸਿੰਘ ਤੇ 10 ਹੋਰਾਂ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ।

# ਪਿੰਡ ਕੋਟਲੀ ਨੂੰ ਸਰਕਾਰ ਵੱਲੋਂ ਮਿਲੀ ਜਿੰਮ ਦੀ ਸੌਗਾਤ

**ਸਮਾਣਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡ ਕੋਟਲੀ ਵਿੱਚ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਜਿੰਮ ਅਤੇ ਖੇਡ ਗਰਾਊਂਡ ਦਾ ਲੋਕਾਂ ਵੱਲੋਂ ਸਵਾਗਤ ਕੀਤਾ ਗਿਆ।

ਇਸ ਮੌਕੇ ਪਿੰਡ ਦੀ ਸਰਪੰਚ ਸੋਨੀਆ ਨੇ ਕਿਹਾ ਕਿ ਪਹਿਲੀ ਵਾਰ ਸਾਡੇ ਪਿੰਡ ਨੂੰ ਜਿੰਮ ਅਤੇ ਵਧੀਆ ਖੇਡ ਗਰਾਊਂਡ ਦੀ ਸਹੂਲਤ ਮਿਲੀ ਹੈ, ਜਿਸ ਨਾਲ ਪਿੰਡ ਦੇ ਨੌਜਵਾਨਾਂ ਅਤੇ ਬੱਚਿਆਂ ਨੂੰ ਵੱਡਾ ਲਾਭਹੋਵੇਗਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਵਰਜ਼ਿਸ਼ ਵੱਲ ਧਿਆਨ ਦੇਣਾ ਚਾਹੀਦਾ ਹੈ।

ਸਰਪੰਚ ਸੋਨੀਆ ਨੇ ਪੰਜਾਬ ਸਰਕਾਰ ਅਤੇ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੱਚਿਆਂ ਦੇ ਭਵਿੱਖ ਲਈ ਇਹ ਬਹੁਤ ਹੀ ਵਧੀਆ ਉਪਰਾਲਾ ਹੈ। ਇਸ ਮੌਕੇ ਸਮੂਹ ਮੈਂਬਰ ਗੁਰਜੰਟ ਸਿੰਘ, ਸੁਖਵਿੰਦਰ ਸਿੰਘ, ਅਮਰੀਕ ਸਿੰਘ, ਅਮਨਦੀਪ ਕੌਰ, ਜਸਵੀਰ ਕੌਰ ਵਿਕਰਮਜੀਤ ਵਿਕੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਸੀਤਾ ਗਰਾਮਰ ਸਕੂਲ ਦੀ ਵਿਦਿਆਰਥਣ ਜਸਕੋਮਲ ਕੌਰ ਦੀ ਲਿਖੀ ਕਹਾਣੀ ਪੰਜਾਬ ਪੱਧਰੀ ਮੁਕਾਬਲੇ ਵਿੱਚੋਂ ਪਹਿਲੇ ਸਥਾਨ ਆਉਣ ਤੇ ਸਨਮਾਨਿਤ



**ਮਲੇਰਕੋਟਲਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਬਾਲ ਮੈਗਜ਼ੀਨ ਆੜੀ ਦੇ ਸੰਪਾਦਕ ਸ੍ਰੀ ਪ੍ਰੇਮ ਸਰੂਪ ਛਾਜਲੀ ਅਤੇ ਪੂਰੀ ਟੀਮ ਵੱਲੋਂ ਪੰਜਾਬ ਦੇ ਬਾਲ ਲੇਖਕਾਂ ਦੇ ਕਹਾਣੀ ਲਿਖਣ ਮੁਕਾਬਲੇ ਕਰਵਾਏ ਗਏ। ਇਸ ਮੁਕਾਬਲੇ ਵਿੱਚ ਪੂਰੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਲਗਭਗ 54 ਬਾਲ ਲੇਖਕਾਂ ਨੇ ਭਾਗ ਲਿਆ। ਜਿਸ ਦਾ ਨਤੀਜਾ ਜੱਜ ਸਾਹਿਬਾਨ ਦੇ ਪੈਨਲ ਵੱਲੋਂ ਕੱਢਣ ਉਪਰੰਤ ਘੋਸ਼ਿਤ ਕੀਤਾ ਗਿਆ, ਜਿਸ ਵਿੱਚ ਮਿਡਲ ਵਰਗ ਵਿੱਚ ਸੀਤਾ ਗਰਾਮਰ ਸਕੂਲ ਮਾਲੇਰਕੋਟਲਾ ਦੀ ਬਾਲ ਲੇਖਿਕਾ ਜਸਕੋਮਲ ਕੌਰ ਪੁੱਤਰੀ ਲਖਵਿੰਦਰ ਸਿੰਘ, ਪਿੰਡ ਫਲੌਂਡ ਖੁਰਦ ਜਿਲ੍ਹਾ ਮਾਲੇਰਕੋਟਲਾ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਬਾਲ ਕਹਾਣੀ ਐਵਾਰਡ ਆਪਣੇ ਨਾਮ ਕਰ ਲਿਆ। ਆੜੀ ਮੈਗਜ਼ੀਨ ਦੇ ਸੰਪਾਦਕ ਸ੍ਰੀ ਪ੍ਰੇਮ ਸਰੂਪ ਛਾਜਲੀ ਜੀ ਅਤੇ ਉਨ੍ਹਾਂ ਦੀ ਟੀਮ ਵੱਲੋਂ ਜਸਕੋਮਲ ਕੌਰ ਨੂੰ ਨਗਦ ਰਾਸ਼ੀ, ਸਰਟੀਫਿਕੇਟ, ਸਨਮਾਨ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।ਇਸ ਹੋਣਹਾਰ ਬੱਚੀ ਨੇ ਆਪਣੇ ਮਾਪਿਆਂ ਅਤੇ ਸਕੂਲ ਦਾ ਇੱਕ ਵਾਰ ਫਿਰ ਤੋਂ ਨਾਮ ਰੌਸ਼ਨ ਕੀਤਾ ਹੈ ਕਿਉਂਕਿ ਇਸ ਬੱਚੀ ਨੂੰ ਪਹਿਲਾਂ ਨਵੰਬਰ 2024 ਵਿੱਚ ਪੰਜਾਬ ਭਵਨ ਸਰੀ ਕੈਨੇਡਾ ਵੱਲੋਂ ਕਰਵਾਈ ਗਈ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸ ਵਿੱਚ (ਕਵਿਤਾ ਮੁਕਾਬਲਾ ਮਿਡਲ ਵਰਗ ਵਿੱਚ) ਪਹਿਲਾ ਸਥਾਨ ਪ੍ਰਾਪਤ ਕਰਕੇ ਅੰਤਰਰਾਸ਼ਟਰੀ ਸ਼੍ਰੋਮਣੀ ਬਾਲ ਲੇਖਕ ਐਵਾਰਡ ਨਾਲ ਨਿਵਾਜਿਆ ਜਾ ਚੁੱਕਾ ਹੈ। ਸ੍ਰੀ ਸੁੱਖੀ ਬਾਠ ਜੀ ਪੰਜਾਬ ਭਵਨ ਸਰੀ ਕੈਨੇਡਾ ਅਤੇ ਉਂਕਾਰ ਸਿੰਘ ਤੇਜੇ ਵੱਲੋਂ ਬੇਟੀ ਜਸਕੋਮਲ ਕੌਰ ਨੂੰ ਫੋਨ ਕਰਕੇ ਮੁਬਾਰਕਬਾਦ ਦਿੱਤੀ ਗਈ।ਸੀਤਾ ਗਰਾਮਰ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਜਸਵੀਰ ਕੌਰ ਮੰਡੇਰ ਵੱਲੋਂ ਵੀ ਬੇਟੀ ਜਸਕੋਮਲ ਕੌਰ ਨੂੰ ਆਸ਼ੀਰਵਾਦ ਦਿੰਦਿਆਂ ਮੁਬਾਰਕਬਾਦ ਭੇਜੀ ਗਈ। ਬੱਚੀ ਦੇ ਪਿਤਾ ਨੇ ਆਪਣੀ ਖੁਸ਼ੀ ਜ਼ਾਹਿਰ ਕਰਦਿਆਂ ਦੱਸਿਆ ਬੇਟੀ ਜਸਕੋਮਲ ਕੌਰ - ਸ੍ਰੀ ਸੁੱਖੀ ਬਾਠ ਜੀ ਸੰਸਥਾਪਕ ਪੰਜਾਬ ਭਵਨ ਸਰੀ ਕੇਨੇਡਾ ਵੱਲੋਂ ਚਲਾਏ ਪ੍ਰੋਜੈਕਟ 'ਨਵੀਆਂ ਕਲਮਾਂ ਨਵੀਂ ਉਡਾਣ' ਨਾਲ ਜੁੜ ਕੇ ਪਿਛਲੇ ਕਈ ਸਾਲਾਂ ਤੋਂ ਕਵਿਤਾਵਾਂ ਅਤੇ ਕਹਾਣੀਆਂ ਲਿਖ ਰਹੀ ਹੈ, ਇਸ ਦੀ ਲਿਖੀ ਕਿਤਾਬ 'ਮੇਰੀਆਂ ਕਵਿਤਾਵਾਂ' 2024 ਵਿੱਚ ਲੋਕ ਅਰਪਣ ਹੋ ਚੁੱਕੀ ਹੈ ਅਤੇ ਜਸਕੋਮਲ ਕੌਰ ਨੂੰ 26 ਜਨਵਰੀ 2025 ਨੂੰ ਗਣਤੰਤਰਤਾ ਦਿਵਸ ਮੌਕੇ ਮਾਨਯੋਗ ਡਾ.ਰਵਜੋਤ ਸਿੰਘ ਕੈਬਨਿਟ ਮੰਤਰੀ ਪੰਜਾਬ ਅਤੇ ਜਿਲ੍ਹਾ ਪ੍ਰਸ਼ਾਸਨ ਮਾਲੇਰਕੋਟਲਾ ਵੱਲੋਂ ਵੀ ਸਨਮਾਨਿਤ ਕੀਤਾ ਜਾ ਚੁੱਕਾ ਹੈ।

ਉਨ੍ਹਾਂ ਵੱਲੋਂ ਸ੍ਰੀ ਸੁੱਖੀ ਬਾਠ ਜੀ ਅਤੇ ਪ੍ਰੋਜੈਕਟ ਇੰਚਾਰਜ ਉਂਕਾਰ ਸਿੰਘ ਤੇਜੇ ਜੀ ਦਾ ਧੰਨਵਾਦ ਕੀਤਾ ਗਿਆ ਅਤੇ ਕਹਾਣੀ ਮੁਕਾਬਲਾ ਕਰਵਾਉਣ ਵਾਲੀ ਆੜੀ ਮੈਗਜ਼ੀਨ ਦੀ ਪੂਰੀ ਟੀਮ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬੀ ਮਾਂ ਬੋਲੀ ਨੂੰ ਹੋਰ ਜਿਆਦਾ ਪ੍ਰਫੁੱਲਤ ਕਰਨ ਲਈ ਅਜਿਹੇ ਮੁਕਾਬਲੇ ਕਰਵਾਏ ਜਾਣੇ ਚਾਹੀਦੇ ਹਨ।ਉਨ੍ਹਾਂ ਪ੍ਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਆਪਣੀ ਬੇਟੀ ਜਸਕੋਮਲ ਕੌਰ ਦੀਆਂ ਪ੍ਰਾਪਤੀਆਂ ਦਾ ਸਿਹਰਾ ਗਾਈਡ ਅਧਿਆਪਕ ਮੈਡਮ ਗੁਰਪ੍ਰੀਤ ਕੌਰ ਟਿਵਾਣਾ ਅਤੇ ਜਸਦੀਪ ਸਿੰਘ ਮਿਊਜ਼ਿਕ ਟੀਚਰ ਨੂੰ ਦਿੱਤਾ।

# ਖੇਤੀ ਉਤਪਾਦਾਂ ਦੇ ਸਵੈ-ਮੰਡੀਕਰਨ ਅਤੇ ਐਗਮਾਰਕ ਸਬੰਧੀ ਸੈਮੀਨਾਰ

**ਬਠਿੰਡਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੰਡੀਕਰਨ ਵਿੰਗ ਖੇਤੀਬਾੜੀ ਵਿਭਾਗ ਬਠਿੰਡਾ ਵੱਲੋਂ ਖੇਤੀ ਉਤਪਾਦਾਂ ਦੇ ਮੰਡੀਕਰਨ ਅਤੇ ਐਗਮਾਰਕ ਸਬੰਧੀ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦੀ ਸ਼ੁਰੂਆਤ ਵਿੱਚ ਡਾ. ਕਿਰਨਦੀਪ ਕੌਰ ਖੇਤੀਬਾੜੀ ਵਿਕਾਸ ਅਫ਼ਸਰ ਬਠਿੰਡਾ ਨੇ ਜ਼ਿਲੇ ਦੇ ਵੱਖ-ਵੱਖ ਪਿੰਡਾਂ ਤੋਂ ਆਏ ਹੋਏ ਕਿਸਾਨਾਂ ਦਾ ਸੁਆਗਤ ਕੀਤਾ।




ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਪ੍ਰੀਤਪਾਲ ਕੌਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਕਿਸਾਨ ਭਰਾਵਾਂ ਨੂੰ ਖੇਤੀ ਉਪਜ ਤੋਂ ਆਮਦਨ ਵਧਾਉਣ ਲਈ ਮੰਗ ਅਨੁਸਾਰ ਪੈਦਾਵਾਰ ਕਰਕੇ ਸਵੈ ਮੰਡੀਕਰਨ ਕਰਨ ਤੇ ਜ਼ੋਰ ਦੇਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਵਿੱਚ ਖੇਤੀਬਾੜੀ ਉਤਪਾਦਾਂ ਦਾ ਮੰਡੀਕਰਨ ਕਰਨ ਲਈ ਸੋਸ਼ਲ ਮੀਡੀਆ ਦੀ ਵਰਤੋਂ ਕਰਨ ਨਾਲ ਗਾਹਕਾਂ ਦਾ ਦਾਇਰਾ ਬਹੁਤ ਜਲਦੀ ਅਤੇ ਵੱਡੇ ਪੱਧਰ ਤੇ ਵੱਧਦਾ ਹੈ।

ਇਸ ਦੌਰਾਨ ਡਾ. ਤੇਜਦੀਪ ਕੌਰ ਪ੍ਰੋਜੈਕਟ ਡਾਇਰੈਕਟਰ ਆਤਮਾ ਨੇ ਕਿਹਾ ਕਿ ਕਿਸਾਨ ਭਰਾ ਆਤਮਾ ਸਕੀਮ ਅਧੀਨ ਕਿਸੇ ਵੀ ਤਰ੍ਹਾਂ ਦੇ ਖੇਤੀਬਾੜੀ ਧੰਦੇ ਸਬੰਧੀ ਸਿਖਲਾਈ ਲੈਣ ਲਈ ਵਿਭਾਗ ਨਾਲ ਰਾਬਤਾ ਕਰ ਸਕਦੇ ਹਨ। ਪੰਜਾਬ ਐਗਰੋ ਅਦਾਰੇ ਵੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਮੈਡਮ ਧਰਮਵੀਰ ਕੌਰ ਨੇ ਪ੍ਰੋਸੈਸਿੰਗ ਯੂਨਿਟ ਸਥਾਪਿਤ ਕਰਨ ਲਈ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਸਾਂਝੀ ਕੀਤੀ। ਡਾ. ਰੀਨਾ ਰਾਣੀ ਬਾਗਬਾਨੀ ਵਿਕਾਸ ਅਫ਼ਸਰ ਬਠਿੰਡਾ ਨੇ ਬਾਗਬਾਨੀ ਵਿਭਾਗ ਵੱਲੋਂ ਦਿੱਤੀਆਂ ਜਾਂਦੀਆਂ ਵਿੱਤੀ ਸਹਾਇਤਾ ਵਾਲੀਆਂ ਸਕੀਮਾਂ ਸਬੰਧੀ ਜਾਣੂ ਕਰਵਾਇਆ।

ਡਾ. ਮਨਜਿੰਦਰ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਬਠਿੰਡਾ ਨੇ ਖੇਤੀ ਉਤਪਾਦਾਂ ਦੇ ਮੁੱਲ ਵਾਧਾ ਕਰਨ ਲਈ ਪ੍ਰੋਸੈਸਿੰਗ, ਗ੍ਰੇਡਿੰਗ, ਲੇਬਲਿੰਗ, ਬ੍ਰਾਂਡਿੰਗ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਉਤਪਾਦ ਐਗਮਾਰਕ ਕਰਵਾਉਣ ਦੇ ਫ਼ਾਇਦਿਆਂ ਅਤੇ ਪ੍ਰੀਕਿਰਿਆ ਬਾਰੇ ਦੱਸਿਆ।

ਸੈਮੀਨਾਰ ਵਿੱਚ ਸ਼ਾਮਲ ਸਮੂਹ ਕਿਸਾਨਾਂ? ਵੱਲੋਂ ਆਪਣੇ ਖੇਤੀ ਉਤਪਾਦਾਂ ਦੇ ਮੰਡੀਕਰਨ ਸਬੰਧੀ ਤਜਰਬੇ ਸਾਂਝੇ ਕੀਤੇ ਗਏ। ਇਸ ਮੌਕੇ ਮੰਡੀਕਰਨ ਵਿੰਗ ਦੇ ਅਧਿਕਾਰੀ ਕਰਮਚਾਰੀ ਅਤੇ ਜ਼ਿਲ੍ਹਾ ਬਠਿੰਡਾ ਦੇ ਅਗਾਂਹਵਧੂ ਕਿਸਾਨ ਮੌਜੂਦ ਸਨ

# ਹਿਊਮਨ ਰਾਇਟਸ ਕਮਿਸ਼ਨ ਵੱਲੋਂ ਥੈਲੇਸੀਮੀਆ ਪੀੜਤ ਬੱਚਿਆਂ ਨੂੰ ਦਵਾਈਆਂ ਭੇਂਟ



**ਹੁਸ਼ਿਆਰਪੁਰ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸਿਵਲ ਸਰਜਨ ਡਾ. ਮਨਦੀਪ ਕਮਲ ਦੀ ਅਗਵਾਈ ਹੇਠ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਥੈਲੇਸੀਮੀਆ ਪੀੜਤ ਬੱਚਿਆਂ ਲਈ ਵਿਸ਼ੇਸ਼ ਸਹਾਇਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਮੌਕੇ ਪੰਜਾਬ ਸਟੇਟ ਐਂਡ ਚੰਡੀਗੜ੍ਹ (ਯੂ.ਟੀ.) ਹਿਊਮਨ ਰਾਈਟਸ ਕਮਿਸ਼ਨ ਦੇ ਨੁਮਾਇੰਦਿਆਂ ਸ. ਵਰਿੰਦਰ ਪਾਲ ਸਿੰਘ ਮਾਨ, ਜੇ.ਪੀ. ਚੀਮਾ, ਵਿਨੋਦ ਓਹਰੀ, ਰਾਜੀਵ ਬਜਾਜ, ਬਲਜਿੰਦਰ ਸਿੰਘ, ਮਨੀ ਗੋਗੀਆ ਅਤੇ ਪਰਸ਼ੋਤਮ ਦੜੋਜ਼ ਵੱਲੋਂ ਭਾਗ ਲਿਆ ਗਿਆ ਅਤੇ ਥੈਲੇਸੀਮੀਆ ਪੀੜਤ ਬੱਚਿਆਂ ਨੂੰ ਜ਼ਰੂਰੀ ਦਵਾਈਆਂ ਦੀਆਂ ਕਿੱਟਾਂ ਭੇਂਟ ਕੀਤੀਆਂ ਗਈਆਂ।ਇਸ ਦੌਰਾਨ ਸ. ਵਰਿੰਦਰ ਪਾਲ ਸਿੰਘ ਮਾਨ ਵੱਲੋਂ ਸਿਵਲ ਹਸਪਤਾਲ ਹੁਸ਼ਿਆਰਪੁਰ ਦਾ ਦੌਰਾ ਵੀ ਕੀਤਾ ਗਿਆ। ਉਨ੍ਹਾਂ ਹਸਪਤਾਲ ਵਿੱਚ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ, ਸਫਾਈ ਪ੍ਰਬੰਧਾਂ ਅਤੇ ਇਲਾਜ ਸਹੂਲਤਾਂ ਦਾ ਜਾਇਜ਼ਾ ਲਿਆ ਅਤੇ ਸਿਹਤ ਵਿਭਾਗ ਵੱਲੋਂ ਕੀਤੇ ਜਾ ਰਹੇ ਪ੍ਰਬੰਧਾਂ 'ਤੇ ਸੰਤੁਸ਼ਟੀ ਪ੍ਰਗਟਾਈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਧੀਆ ਕੰਮ ਕੀਤਾ ਜਾ ਰਿਹਾ ਹੈ।ਇਸ ਮੌਕੇ ਸਿਵਲ ਸਰਜਨ ਡਾ. ਮਨਦੀਪ ਕਮਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਥੈਲੇਸੀਮੀਆ ਪੀੜਤ ਬੱਚਿਆਂ ਨੂੰ ਨਿਰੰਤਰ ਇਲਾਜ ਅਤੇ ਸਮਾਜਿਕ ਸਹਿਯੋਗ ਦੀ ਲੋੜ ਹੁੰਦੀ ਹੈ। ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਸੇਵਾ ਸਭ ਤੋਂ ਵੱਡਾ ਧਰਮ ਹੈ ਅਤੇ ਹਰ ਵਿਅਕਤੀ ਨੂੰ ਅਜਿਹੇ ਬੱਚਿਆਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ।

ਉਨ੍ਹਾਂ ਨੌਜਵਾਨਾਂ ਨੂੰ ਵਿਆਹ ਤੋਂ ਪਹਿਲਾਂ ਥੈਲੇਸੀਮੀਆ ਟੈਸਟ ਕਰਵਾਉਣ ਅਤੇ ਨਿਯਮਿਤ ਰੂਪ ਵਿੱਚ ਖੂਨਦਾਨ ਕਰਨ ਲਈ ਵੀ ਪ੍ਰੇਰਿਤ ਕੀਤਾ।ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਸੀਮਾ ਗਰਗ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਵਿੱਚ ਥੈਲੇਸੀਮੀਆ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਲਗਾਤਾਰ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸਮੇਂ ਸਿਰ ਜਾਂਚ ਅਤੇ ਸਹੀ ਇਲਾਜ ਨਾਲ ਥੈਲੇਸੀਮੀਆ ਪੀੜਤ ਬੱਚੇ ਵੀ ਆਮ ਜੀਵਨ ਜੀ ਸਕਦੇ ਹਨ। ਡਾ. ਸੀਮਾ ਨੇ ਦੱਸਿਆ ਕਿ ਥੈਲੇਸੀਮੀਆ ਦੇ ਇਲਾਜ ਵਿੱਚ ਸਭ ਤੋਂ ਮਹਿੰਗੀਆਂ ਦਵਾਈਆਂ ਆਮ ਤੌਰ 'ਤੇ Iron Chelation Therapy ਵਾਲੀਆਂ ਹੁੰਦੀਆਂ ਹਨ। ਇਹ ਦਵਾਈਆਂ ਇਸ ਲਈ ਦਿੱਤੀਆਂ ਜਾਂਦੀਆਂ ਹਨ ਕਿਉਂਕਿ ਵਾਰ-ਵਾਰ ਖੂਨ ਚੜ੍ਹਾਉਣ ਨਾਲ ਸਰੀਰ ਵਿੱਚ ਆਇਰਨ ਵੱਧ ਜਾਂਦਾ ਹੈ, ਜੋ ਦਿਲ, ਜਿਗਰ ਅਤੇ ਹੋਰ ਅੰਗਾਂ ਨੂੰ ਨੁਕਸਾਨ ਪਹੁੰਚਾ ਸਕਦਾ ਹੈ। ਉਨ੍ਹਾਂ ਇਸ ਉਪਰਾਲੇ ਲਈ ਹਿਊਮਨ ਰਾਈਟਸ ਕਮਿਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਹਿਯੋਗ ਨਾਲ ਲੋੜਵੰਦ ਬੱਚਿਆਂ ਨੂੰ ਵੱਡੀ ਮਦਦ ਮਿਲਦੀ ਹੈ ਅਤੇ ਸਮਾਜ ਵਿੱਚ ਮਨੁੱਖਤਾ ਦੀ ਭਾਵਨਾ ਮਜ਼ਬੂਤ ਹੁੰਦੀ ਹੈ।

ਮਨੁੱਖੀ ਅਧਿਕਾਰ ਕਮਿਸ਼ਨ ਦੇ ਨੁਮਾਇੰਦਿਆਂ ਨੇ ਕਿਹਾ ਕਿ ਲੋੜਵੰਦ ਅਤੇ ਬਿਮਾਰ ਬੱਚਿਆਂ ਦੀ ਸਹਾਇਤਾ ਕਰਨਾ ਹਰ ਇਨਸਾਨ ਦੀ ਨੈਤਿਕ ਜ਼ਿੰਮੇਵਾਰੀ ਹੈ ਅਤੇ ਅਜਿਹੇ ਸਮਾਜਿਕ ਕਾਰਜਾਂ ਵਿੱਚ ਹਰ ਸੰਸਥਾ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਥੈਲੇਸੀਮੀਆ ਪੀੜਤ ਬੱਚਿਆਂ ਦੇ ਇਲਾਜ ਵਿੱਚ ਵਰਤੀਆਂ ਜਾਣ ਵਾਲੀਆਂ ਦਵਾਈਆਂ ਕਾਫ਼ੀ ਮਹਿੰਗੀਆਂ ਹੁੰਦੀਆਂ ਹਨ, ਅਤੇ ਹਰ ਥਾਂ ਤੇ ਉਪਲਬਧ ਨਹੀਂ ਹੁੰਦੀਆਂ ਹਨ।ਇਸ ਲਈ ਸੰਸਥਾ ਵੱਲੋਂ ਲੋੜਵੰਦ ਪਰਿਵਾਰਾਂ ਦੀ ਸਹਾਇਤਾ ਲਈ ਸਮੇਂ-ਸਮੇਂ 'ਤੇ ਦਵਾਈਆਂ ਅਤੇ ਹੋਰ ਸਿਹਤ ਸਮੱਗਰੀ ਮੁਹੱਈਆ ਕਰਵਾਈ ਜਾਂਦੀ ਹੈ।ਇਸ ਮੌਕੇ ਤੇ ਡਾ. ਸਵਾਤੀ ਸ਼ੀਮਾਰ (ਡੀ.ਐਮ.ਸੀ.), ਡਾ. ਨਵਜੋਤ ਸਿੰਘ (ਐਸ.ਐਮ.ਓ.), ਡਾ. ਨੇਹਾ ਪਾਲ (ਐਸ.ਐਮ.ਓ.), ਤਰਸੇਮ ਲਾਲ ਮਾਸ ਮੀਡੀਆ ਅਫਸਰ ਅਤੇ ਰਵਿੰਦਰ ਜੱਸਲ ਡਿਪਟੀ ਮਾਸ ਮੀਡੀਆ ਅਫਸਰ ਸਮੇਤ ਸਿਹਤ ਵਿਭਾਗ ਦੇ ਅਧਿਕਾਰੀ, ਕਰਮਚਾਰੀ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ, ਮਾਪੇ ਅਤੇ ਵੱਡੀ ਗਿਣਤੀ ਵਿੱਚ ਬੱਚੇ ਹਾਜ਼ਰ ਸਨ।

# ਘਰ ਬਾਹਰ ਔਰਤ ਤੋਂ ਮੋਬਾਈਲ ਖੋਹਿਆ

**ਲੁਧਿਆਣਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਵਿੱਚ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਵੱਧਦੀਆਂ ਜਾ ਰਹੀਆਂ ਹਨ। ਹੁਣ ਤਾਂ ਔਰਤਾਂ ਘਰ ਤੇ ਬਾਹਰ ਵੀ ਸੁਰੱਖਿਅਤ ਨਹੀਂ ਹਨ। ਤਾਜ਼ਾ ਮਾਮਲਾ ਥਾਣਾ ਮੋਤੀ ਨਗਰ ਅਧੀਨ ਪੈਂਦੀ ਕੀਰਤੀ ਨਗਰ ਕਲੋਨੀ ਦਾ ਹੈ,

ਜਿੱਥੇ ਮੋਟਰਸਾਈਕਲ ਸਵਾਰ ਲੁੱਟੇਰਿਆਂ ਨੇ ਔਰਤ ਤੋਂ ਨਾ ਸਿਰਫ਼ ਮੋਬਾਈਲ ਖੋਹਿਆ, ਸਗੋਂ ਵਿਰੋਧ ਕਰਨ 'ਤੇ ਲੁਟੇਰੇ ਉਸਨੂੰ ਸੜਕ 'ਤੇ 200 ਮੀਟਰ ਤੱਕ ਤੱਕ ਘਸੀਟ ਕੇ ਲੈ ਗਏ। ਇਸ ਘਟਨਾ ਦੀ ਸੀ ਸੀ ਟੀ ਵੀ ਫੁਟੇਜ ਵੀ ਸਾਹਮਣੇ ਆਈ ਹੈ,

ਜਿਸ ਨੂੰ ਦੇਖ ਕੇ ਇਲਾਕਾ ਵਾਸੀ ਦਹਿਸ਼ਤ ਵਿੱਚ ਹਨ। ਜਾਣਕਾਰੀ ਅਨੁਸਾਰ ਘਟਨਾ ਮੌਕੇ ਪੀੜਤ ਸੁਸ਼ੀਲਾ ਆਪਣੇ ਘਰ ਦੇ ਬਾਹਰ ਬੈਠ ਕੇ ਪਤੀ ਨਾਲ ਫ਼ੋਨ 'ਤੇ ਗੱਲ ਕਰ ਰਹੀ ਸੀ।

ਸੂਚਨਾ ਮਿਲਣ ਮਗਰੋਂ ਮੋਤੀ ਨਗਰ ਥਾਣੇ ਦੀ ਪੁਲੀਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਨੂੰ ਛੇਤੀ ਗ੍ਰਿਫ਼ਤਾਰ ਕੀਤਾ ਜਾਵੇਗਾ।

# ਜ਼ਿਲ੍ਹੇ 'ਚ ਸਾਰੇ ਹੜ੍ਹ ਸੁਰੱਖਿਆ ਕਾਰਜ 20 ਜੂਨ ਤੱਕ ਮੁਕੰਮਲ ਕੀਤੇ ਜਾਣ: ਡਿਪਟੀ ਕਮਿਸ਼ਨਰ




**ਜਲੰਧਰ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਉਣ ਵਾਲੇ ਮਾਨਸੂਨ ਸੀਜ਼ਨ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਹੜ੍ਹ ਸੁਰੱਖਿਆ ਕਾਰਜਾਂ ਵਿੱਚ ਲੱਗੇ ਸਾਰੇ ਵਿਭਾਗਾਂ ਨੂੰ ਚੱਲ ਰਹੇ ਪ੍ਰਾਜੈਕਟ 20 ਜੂਨ, 2026 ਤੱਕ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਤਿਆਰੀ ਵਿੱਚ ਕੋਈ ਵੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਅੱਜ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੜ੍ਹ ਸੁਰੱਖਿਆ ਪ੍ਰਬੰਧਾਂ ਸਬੰਧੀ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਭਰ ਵਿੱਚ ਚੱਲ ਰਹੇ ਵੱਖ-ਵੱਖ ਹੜ੍ਹ ਪ੍ਰਬੰਧਨ ਪ੍ਰਾਜੈਕਟਾਂ ਦੀ ਪ੍ਰਗਤੀ ਦਾ ਵਿਸਥਾਰਪੂਰਵਕ ਮੁਲਾਂਕਣ ਕੀਤਾ। ਉਨ੍ਹਾਂ ਡਰੇਨੇਜ ਅਤੇ ਸਿੰਚਾਈ ਵਿਭਾਗਾਂ ਨੂੰ ਸਤਲੁਜ ਦਰਿਆ ਵਿੱਚੋਂ ਗਾਰ ਕੱਢਣ ਦਾ ਕੰਮ ਨਿਰਧਾਰਤ ਸਮੇਂ ਤੱਕ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਭਾਰੀ ਬਾਰਸ਼ ਦੌਰਾਨ ਦਰਿਆ ਦੇ ਵਾਧੂ ਪਾਣੀ ਦੇ ਸੁਚਾਰੂ ਵਹਾਅ ਨੂੰ ਯਕੀਨੀ ਬਣਾਉਣ ਲਈ ਇਹ ਬਹੁਤ ਜ਼ਰੂਰੀ ਹੈ।

ਸ੍ਰੀ ਵਾਲੀਆ ਨੇ ਸਾਰੇ ਸਬ-ਡਵੀਜ਼ਨਲ ਮੈਜਿਸਟ੍ਰੇਟਸ ਨੂੰ ਮਾਨਸੂਨ ਦੌਰਾਨ ਪੈਦਾ ਹੋਣ ਵਾਲੀ ਕਿਸੇ ਵੀ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਲਈ ਅਹਿਤਿਆਤ ਵਜੋਂ 31 ਮਈ ਤੱਕ ਖੋਜ ਅਤੇ ਬਚਾਅ ਟੀਮਾਂ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਤੋਂ ਲੋੜ ਪੈਣ 'ਤੇ ਵਸਨੀਕਾਂ ਨੂੰ ਸੁਰੱਖਿਅਤ ਥਾਵਾਂ @ਤੇ ਤਬਦੀਲ ਕਰਨ ਲਈ ਪਹਿਲਾਂ ਹੀ ਨਿਕਾਸੀ ਕੇਂਦਰਾਂ ਦੀ ਪਛਾਣ ਕਰ ਕੇ ਉਨ੍ਹਾਂ ਨੂੰ ਤਿਆਰ ਰੱਖਿਆ ਜਾਵੇ।

ਜ਼ਿਲ੍ਹੇ ਦੇ ਐਮਰਜੈਂਸੀ ਸਾਜ਼ੋ-ਸਾਮਾਨ ਦੀ ਸਮੀਖਿਆ ਕਰਦਿਆਂ ਡਿਪਟੀ ਕਮਿਸ਼ਨਰ ਨੇ ਵਿਭਾਗਾਂ ਨੂੰ ਹੜ੍ਹ ਨਾਲ ਨਜਿੱਠਣ ਦੇ ਉਪਾਵਾਂ ਨੂੰ ਮਜ਼ਬੂਤ ਕਰਨ ਲਈ ਲੋੜੀਂਦੀਆਂ ਕਿਸ਼ਤੀਆਂ, ਲਾਈਫ ਜੈਕਟਾਂ, ਸਰਚ ਲਾਈਟਾਂ, ਗੋਤਾਖੋਰ, ਰੇਤ ਦੀਆਂ ਬੋਰੀਆਂ, ਵਾਟਰ ਪੰਪ ਅਤੇ ਚਾਰਾ ਖ਼ਰੀਦਣ ਦੀ ਹਦਾਇਤ ਕੀਤੀ।

ਉਨ੍ਹਾਂ ਹੜ੍ਹ ਸੁਰੱਖਿਆ ਕਾਰਜਾਂ ਨਾਲ ਜੁੜੇ ਅਧਿਕਾਰੀਆਂ ਨੂੰ ਆਪਣੇ ਮੋਬਾਈਲ ਫੋਨਾਂ @ਤੇ ਸਚੇਤ ਐਪ ਇਨਸਟਾਲ ਕਰਨ ਦੇ ਨਿਰਦੇਸ਼ ਵੀ ਦਿੱਤੇ ਤਾਂ ਜੋ ਉਨ੍ਹਾਂ ਨੂੰ ਹੜ੍ਹਾਂ ਦੀ ਸ਼ੁਰੂਆਤੀ ਚਿਤਾਵਨੀ ਅਤੇ ਅਲਰਟ ਮਿਲ ਸਕਣ।

ਸੰਵੇਦਨਸ਼ੀਲ ਪਿੰਡਾਂ ਵਿੱਚ ਸਮੇਂ ਸਿਰ ਸੂਚਨਾ ਦੇ ਪ੍ਰਸਾਰ ਨੂੰ ਯਕੀਨੀ ਬਣਾਉਣ ਲਈ ਸ੍ਰੀ ਵਾਲੀਆ ਨੇ ਫੀਲਡ ਅਧਿਕਾਰੀਆਂ ਨੂੰ ਹੜ੍ਹ ਸੰਭਾਵਿਤ ਖੇਤਰਾਂ ਵਿੱਚ ਪਬਲਿਕ ਅਨਾਊਂਸਮੈਂਟ ਸਿਸਟਮ ਤਿਆਰ ਰੱਖਣ ਲਈ ਕਿਹਾ। ਉਨ੍ਹਾਂ ਸਤਲੁਜ ਦੇ ਕੰਢੇ, ਖਾਸ ਕਰ ਮੰਡਾਲਾ ਛੰਨਾ ਅਤੇ ਗਿੱਦੜਪਿੰਡੀ ਵਿਖੇ, ਬੰਨ੍ਹਾਂ ਨੂੰ ਮਜ਼ਬੂਤ ਕਰਨ ਸਬੰਧੀ ਰਿਪੋਰਟ ਵੀ ਮੰਗੀ, ਜਿੱਥੇ ਪਿਛਲੇ ਹੜ੍ਹਾਂ ਦੌਰਾਨ ਕਟਾਅ ਹੋਇਆ ਸੀ।

ਡਿਪਟੀ ਕਮਿਸ਼ਨਰ ਨੇ ਸਾਰੇ ਵਿਭਾਗਾਂ ਨੂੰ @ਹੜ੍ਹ ਸੁਰੱਖਿਆ ਕਾਰਜ ਯੋਜਨਾ@ ਅਤੇ @ਜ਼ਿਲ੍ਹਾ ਆਫ਼ਤ ਪ੍ਰਬੰਧਨ ਯੋਜਨਾ@ ਅੱਪਡੇਟ ਰੱਖਣ ਲਈ ਕਿਹਾ। ਉਨ੍ਹਾਂ ਕਿਹਾ ਕਿ ਹੜ੍ਹ ਵਰਗੀ ਕਿਸੇ ਵੀ ਸਥਿਤੀ ਦੀ ਰੋਕਥਾਮ ਲਈ ਅੰਤਰ-ਵਿਭਾਗੀ ਤਾਲਮੇਲ ਵਾਲੇ ਯਤਨ ਬਹੁਤ ਜ਼ਰੂਰੀ ਹਨ। ਉਨ੍ਹਾਂ ਅੱਗੇ ਕਿਹਾ ਕਿ ਮਾਨਸੂਨ ਸੀਜ਼ਨ ਦੌਰਾਨ ਸਥਿਤੀ ਦੀ ਨੇੜਿਓਂ ਨਜ਼ਰ ਰੱਖਣ ਲਈ 24⊘7 ਹੜ੍ਹ ਕੰਟਰੋਲ ਰੂਮ ਵੀ ਸਥਾਪਤ ਕੀਤਾ ਜਾਵੇਗਾ।

# ਡੇਂਗੂ ਤੇ ਚਿਕਨਗੁਨੀਆ ਦੀ ਰੋਕਥਾਮ ਲਈ ਸਿਹਤ ਵਿਭਾਗ ਅਤੇ ਰੈੱਡ ਕਰਾਸ ਟੀਮਾਂ ਨੇ ਚਲਾਈ ਜਾਗਰੂਕਤਾ ਮੁਹਿੰਮ



**ਹੁਸ਼ਿਆਰਪੁਰ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਡੇਂਗੂ ਅਤੇ ਚਿਕਨਗੁਨੀਆ ਦੀ ਰੋਕਥਾਮ ਲਈ ਸਿਹਤ ਵਿਭਾਗ ਅਤੇ ਰੈੱਡ ਕਰਾਸ ਦੀਆਂ ਟੀਮਾਂ ਵੱਲੋਂ ਵਿਆਪਕ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਇਸ ਸਿਲਸਿਲੇ ਵਿੱਚ ਅੱਜ ਹੁਸ਼ਿਆਰਪੁਰ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਰੈੱਡ ਕਰਾਸ ਵਲੰਟੀਅਰਾਂ ਨੇ ਸਿਹਤ ਵਿਭਾਗ ਦੀਆਂ ਟੀਮਾਂ ਨਾਲ ਮਿਲ ਕੇ ਘਰ-ਘਰ ਜਾ ਕੇ ਸਰਵੇ ਕੀਤਾ। ਇਸ ਮੁਹਿੰਮ ਵਿੱਚ ਕਾਰਮਲਾਈਟ ਚੈਰੀਟੇਬਲ ਸੁਸਾਇਟੀ ਦੇ ਵਲੰਟੀਅਰਾਂ ਨੇ ਵੀ ਸਰਗਰਮ ਭੂਮਿਕਾ ਨਿਭਾਈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨੂੰ ਡੇਂਗੂ ਅਤੇ ਚਿਕਨਗੁਨਿਆ ਵਰਗੀਆਂ ਬਿਮਾਰੀਆਂ ਪ੍ਰਤੀ ਜਾਗਰੂਕ ਕਰਨਾ ਅਤੇ ਇਨ੍ਹਾਂ ਦੇ ਫੈਲਾਅ ਨੂੰ ਰੋਕਣਾ ਹੈ। ਸਰਵੇ ਦੌਰਾਨ ਟੀਮਾਂ ਨੇ ਘਰਾਂ ਅਤੇ ਆਲੇ-ਦੁਆਲੇ ਪਾਣੀ ਇਕੱਠਾ ਹੋਣ ਵਾਲੇ ਬਰਤਨਾਂ, ਕੂਲਰਾਂ, ਗਮਲਿਆਂ, ਟਾਇਰਾਂ ਅਤੇ ਹੋਰ ਕੰਟੇਨਰਾਂ ਦੀ ਜਾਂਚ ਕੀਤੀ ਅਤੇ ਉਨ੍ਹਾਂ ਵਿੱਚ ਜਮ੍ਹਾਂ ਪਾਣੀ ਨੂੰ ਖਾਲੀ ਕਰਵਾਇਆ। ਨਾਲ ਹੀ ਲੋਕਾਂ ਨੂੰ ਇਹ ਵੀ ਸਮਝਾਇਆ ਗਿਆ ਕਿ ਅਜਿਹੇ ਕੰਟੇਨਰਾਂ ਨੂੰ ਹਫ਼ਤੇ ਵਿੱਚ ਘੱਟੋ-ਘੱਟ ਇੱਕ ਵਾਰ ਖਾਲੀ ਕਰਕੇ ਚੰਗੀ ਤਰ੍ਹਾਂ ਸਾਫ਼ ਅਤੇ ਸੁੱਕਾ ਜ਼ਰੂਰ ਰੱਖਣ, ਤਾਂ ਜੋ ਏਡੀਜ਼ ਮੱਛਰ ਦੇ ਲਾਰਵਾ ਨੂੰ ਨਸ਼ਟ ਕੀਤਾ ਜਾ ਸਕੇ।

ਉਨ੍ਹਾਂ ਕਿਹਾ ਕਿ ਏਡੀਜ਼ ਮੱਛਰ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੈ ਅਤੇ ਇਹੀ ਮੱਛਰ ਡੇਂਗੂ ਅਤੇ ਚਿਕਨਗੁਨੀਆ ਵਰਗੀਆਂ ਗੰਭੀਰ ਬਿਮਾਰੀਆਂ ਦਾ ਕਾਰਨ ਬਣਦਾ ਹੈ। ਇਸ ਲਈ ਨਾਗਰਿਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਟੀਮਾਂ ਵੱਲੋਂ ਲੋੜ ਵਾਲੇ ਇਲਾਕਿਆਂ ਵਿੱਚ ਲਾਰਵੀਸਾਈਡ ਸਪ੍ਰੇ ਵੀ ਕੀਤਾ ਗਿਆ ਤਾਂ ਜੋ ਮੱਛਰਾਂ ਦੇ ਪ੍ਰਜਨਨ ਨੂੰ ਰੋਕਿਆ ਜਾ ਸਕੇ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਅਤੇ ਆਲੇ-ਦੁਆਲੇ ਸਾਫ਼-ਸਫ਼ਾਈ ਬਣਾਈ ਰੱਖਣ ਅਤੇ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ, ਤਾਂ ਜੋ ਇਨ੍ਹਾਂ ਮੌਸਮੀ ਬਿਮਾਰੀਆਂ ਤੋਂ ਬਚਾਅ ਯਕੀਨੀ ਬਣਾਇਆ ਜਾ ਸਕੇ।

# ਪਿੰਡ ਕਾਹਨੂੰਵਾਨ ਵਿਖੇ ਕਿਸਾਨ ਵੱਲੋਂ ਲਗਾਈ ਅੱਗ ਨੂੰ ਮੌਕੇ 'ਤੇ ਪਹੁੰਚ ਕੇ ਅਧਿਕਾਰੀਆਂ ਕਾਬੂ ਪਾਇਆ

**ਗੁਰਦਾਸਪੁਰ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਅਗਵਾਈ ਵਿੱਚ ਜ਼ਿਲੇ ਅੰਦਰ ਸਿਵਲ ਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਵਲੋਂ ਫੀਲਡ ਵਿੱਚ ਰਹਿ ਕੇ ਕਿਸਾਨਾਂ ਨੂੰ ਫਸਲ ਦੀ ਰਹਿੰਦ ਖੂੰਹਦ ਨਾ ਸਾੜਨ ਦੀ ਅਪੀਲ ਕਰਨ ਦੇ ਨਾਲ ਨਾਲ ਖੇਤਾਂ ਵਿੱਚ ਲੱਗੀ ਅੱਗ ਨੂੰ ਬੁਝਾਇਆ ਵੀ ਜਾ ਰਿਹਾ ਹੈ।



ਬਲਾਕ ਕਾਹਨੂੰਵਾਨ ਦੇ ਨੋਡਲ ਅਫ਼ਸਰ -ਅਨਮੋਲਬੀਰ ਸਿੰਘ ਨੇ ਦੱਸਿਆ ਕਿ ਪਿੰਡ ਕਾਹਨੂੰਵਾਨ ਦੇ ਖੇਤਾਂ ਵਿੱਚ ਲੱਗੀ ਅੱਗ ਨੂੰ ਮੌਕੇ @ਤੇ ਪਹੁੰਚ ਕੇ ਕਾਬੂ ਪਾਇਆ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਡਾ. ਰਣਧੀਰ ਠਾਕਰ ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਜਿਲ੍ਹੇ ਅੰਦਰ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਨਾ ਸਾੜਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਅਧਿਕਾਰੀਆਂ ਵਲੋਂ ਫੀਲਡ ਵਿੱਚ ਰਹਿ ਕੇ ਨਾੜ ਨੂੰ ਸਾੜਨ ਵਾਲਿਆਂ ਵਿਰੁੱਧ ਕਾਰਵਾਈ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।

ਉਨ੍ਹਾਂ ਕਿਸਾਨਾਂ ਨੂੰ ਫਸਲ ਦੀ ਰਹਿੰਦ ਖੂੰਹਦ ਨਾ ਸਾੜਨ ਦੀ ਅਪੀਲ ਕਰਦਿਆਂ ਕਿਹਾ ਕਿ ਨਾੜ ਸਾੜਨ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਘੱਟਦੀ ਹੈ ਅਤੇ ਵਾਤਾਵਰਣ ਨੂੰ ਭਾਰੀ ਨੁਕਸਾਨ ਪਹੁੰਚਦਾ ਹੈ। ਇਸ ਲਈ ਕਿਸਾਨ ਨਾੜ ਨੂੰ ਸਾੜਨ ਦੀ ਬਜਾਏ ਹੋਰ ਵਿਕਲਪਾਂ ਜਿਵੇਂ ਕਿ ਮਸ਼ੀਨਰੀ ਦੀ ਵਰਤੋਂ ਕਰਕੇ ਖੇਤ ਵਿੱਚ ਹੀ ਖ਼ਪਤ ਕਰਨ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਅਤੇ ਸਾਫ਼-ਸੁਥਰਾ ਵਾਤਾਵਰਣ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

# ਮੋਟਰ ਵਹੀਕਲ ਐਕਟ 1988 ਦੇ ਨਿਯਮਾਂ ਦੀ ਉਲੰਘਣਾ ਵਾਲੇ ਵਹੀਕਲਾਂ ਦੇ ਚਲਾਉਣ ਤੇ ਪਾਬੰਦੀ : ਜ਼ਿਲ੍ਹਾ ਮੈਜਿਸਟ੍ਰੇਟ

**ਬਠਿੰਡਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਰਾਜੇਸ਼ ਧੀਮਾਨ, ਆਈ.ਏ.ਐਸ. ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਆਮ ਸੜਕਾਂ ਤੇ ਬਹੁਤ ਸਾਰੇ ਅਜਿਹੇ ਵਹੀਕਲ ਜੋ ਮੋਟਰ ਵਹੀਕਲ ਐਕਟ 1988 ਦੇ ਨਿਯਮਾਂ ਅਨੁਸਾਰ



ਸੜਕਾਂ ਤੇ ਚੱਲਣਯੋਗ ਹੀ ਨਹੀਂ ਹਨ, ਉਨ੍ਹਾਂ ਦੇ ਚਲਾਉਣ ਤੇ ਜ਼ਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਪਾਬੰਦੀ ਲਗਾਈ ਗਈ ਹੈ।

ਹੁਕਮਾਂ ਅਨੁਸਾਰ ਉਹ ਵਹੀਕਲ ਜੋ ਉਨ੍ਹਾਂ ਦੇ ਮਾਲਕਾਂ, ਪ੍ਰਬੰਧਕਾਂ ਜਾਂ ਉਹਨਾਂ ਦੇ ਮੁਲਾਜਮਾਂ ਵੱਲੋਂ ਚਲਾਏ ਜਾਂਦੇ ਹਨ, ਜਿਸ ਨਾਲ ਅਜਿਹੇ ਵਹੀਕਲ ਨਾ ਸਿਰਫ਼ ਸਰਕਾਰੀ ਹਦਾਇਤਾਂ ਤਹਿਤ ਬਣੇ ਪ੍ਰਦੂਸ਼ਣ ਤੇ ਨਿਯਮਾਂ ਦੀ ਉਲੰਘਣਾ ਕਰਦੇ ਹਨ, ਬਲਕਿ ਅਜਿਹੇ ਵਹੀਕਲਜ ਬਹੁਤ ਸਾਰੇ ਕੇਸਾਂ ਵਿੱਚ ਭਿਆਨਕ ਸੜਕ ਦੁਰਘਟਨਾਵਾਂ ਦਾ ਵੀ ਕਾਰਨ ਬਣਦੇ ਹਨ, ਜਿਸ ਨਾਲ ਆਮ ਜਨਤਾ ਦੀ ਸਿਹਤ, ਜਿੰਦਗੀ ਅਤੇ ਸੁਰੱਖਿਆ ਤੇ ਬਹੁਤ ਮਾੜਾ ਅਸਰ ਪੈਂਦਾ ਹੈ ਅਤੇ ਅਜਿਹੇ ਵਹੀਕਲਾਂ ਵੱਲੋਂ ਕੀਤੀਆਂ ਗਈਆਂ ਦੁਰਘਟਨਾਵਾਂ ਕਾਰਨ ਨਾ ਸਿਰਫ ਅਮਨ-ਕਾਨੂੰਨ ਭੰਗ ਹੁੰਦਾ ਹੈ ਬਲਕਿ ਅਜਿਹੇ ਵਹੀਕਲ ਲੋਕਾਂ ਵਿੱਚ ਲੜਾਈ ਝਗੜੇ ਦਾ ਕਾਰਨ ਵੀ ਬਣ ਜਾਂਦੇ ਹਨ। ਉਕਤ ਵਹੀਕਲਾਂ ਵੱਲੋਂ ਕੀਤੀਆਂ ਗਈਆਂ ਅਜਿਹੀਆਂ ਕੁਤਾਹੀਆਂ ਦਿਨ ਪ੍ਰਤੀ ਦਿਨ ਵਧਦੀਆਂ ਜਾ ਰਹੀਆਂ ਹਨ। ਇਸ ਲਈ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਤੇ ਰੋਕ ਲਾਉਣ ਲਈ ਹੁਕਮ ਜਾਰੀ ਕੀਤੇ ਗਏ ਹਨ।

ਹੁਕਮਾਂ ਅਨੁਸਾਰ ਜਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਵਹੀਕਲਾਂ ਦੇ ਮਾਲਕ, ਪ੍ਰਬੰਧਕ, ਉਹਨਾਂ ਦੇ ਮੁਲਾਜਮ ਜਾਂ ਪ੍ਰਤੀਨਿਧੀ ਅਜਿਹੇ ਕਿਸੇ ਵੀ ਵਹੀਕਲ ਨੂੰ ਜ਼ਿਲ੍ਹਾ ਬਠਿੰਡਾ ਦੀਆਂ ਸੜਕਾਂ, ਪ੍ਰਾਈਵੇਟ ਮਾਰਕੀਟਾਂ ਜਾਂ ਹੋਰ ਪਬਲਿਕ ਥਾਵਾਂ 'ਤੇ ਨਹੀਂ ਚਲਾਉਣਗੇ, ਜੋ ਮੋਟਰ ਵਹੀਕਲ ਐਕਟ 1988 ਦੇ ਤਹਿਤ ਬਣੇ ਨਿਯਮਾਂ ਅਨੁਸਾਰ ਸੜਕਾਂ ਤੇ ਚੱਲਣ ਦੇ ਯੋਗ ਨਹੀਂ ਹਨ।

ਇਹ ਹੁਕਮ 13 ਮਈ 2026 ਮਈ ਤੋਂ ਲੈ ਕੇ 12 ਜੁਲਾਈ 2026 ਤੱਕ ਲਾਗੂ ਰਹਿਣਗੇ।

## ਸਿਹਤ ਹੈ ਅਸਲੀ ਖ਼ਜ਼ਾਨਾ...



# ਹਾਈਪਰ ਤੇ ਹਾਈਪੋ ਥਾਇਰਾਇਡ ਦੇ ਲੱਛਣ ਤੇ ਇਲੈਕਟ੍ਰੋ – ਹੋਮਿਓਪੈਥਿਕ ਇਲਾਜ



ਡਾ. ਅਮਰੀਕ ਸਿੰਘ ਕੰਡਾ

ਅੱਜ ਕਲ ਭੱਜ-ਦੌੜ ਦੀ ਜ਼ਿੰਦਗੀ ਅਤੇ ਉਲਟਾ-ਪੁਲਟਾ ਖਾਣ ਨਾਲ ਇਮਿਊਨਿਟੀ ਕਮਜ਼ੋਰ ਹੋ ਰਹੀ ਹੈ। ਬਿਮਾਰੀਆਂ ਦੇ ਜਾਲ ਚ ਫਸ ਰਹੇ ਹਾਂ। ਐਲੋਪੈਥੀ ’ਚ ਕੋਈ ਇਲਾਜ ਨਹੀਂ, ਬਸ ਜ਼ਿੰਦਗੀ ਭਰ ਦਵਾਈ ਲੈਂਦੇ ਰਹੋ ਪਰ ਆਰਾਮ ਨਹੀਂ ਆਉਂਦਾ।

ਥਾਇਰਾਇਡ ਸਰੀਰ ’ਚ ਪਾਏ ਜਾਣ ਵਾਲੇ ਐਂਡੋਕਰਾਈਨ ਗਲੈਂਡ ’ਚੋਂ ਇਕ ਹੈ। ਥਾਇਰਾਇਡ ਗ੍ਰੰਥੀ ਗਰਦਨ ਵਿਚ ਸਾਹ ਵਾਲੀ ਨਾਲੀ ਦੇ ਉੱਪਰ ਅਤੇ ਸਵੱਰ-ਯੰਤਰ ਦੇ ਦੋਵੇਂ ਪਾਸਿਆਂ ’ਤੇ ਦੋ ਭਾਗਾਂ ’ਚ ਬਣੀ ਹੁੰਦੀ ਹੈ। ਇਹ ਥਾਈਰਾਕਸਿਨ ਨਾਂ ਦਾ ਹਾਰਮੋਨ ਬਣਾਉਂਦੀ ਹੈ। ਜਿਸ ਨਾਲ ਸਰੀਰ ’ਚ ਊਰਜਾ ਪ੍ਰੋਟੀਨ ਉਤਪਾਦਨ ਤੇ ਹੋਰ ਹਾਰਮੋਨਜ਼ ਦੇ ਪ੍ਰਤੀ ਹੋਣ ਵਾਲੀ ਸੰਵੇਦਨਸ਼ੀਲਤਾ ਨਿਯੰਤਰਿਤ ਹੁੰਦੀ ਹੈ।

ਇਸ ਦਾ ਆਕਾਰ ਤਿਤਲੀ ਵਰਗਾ ਹੁੰਦਾ ਹੈ। ਜਿਹੜੀ ਗਲੇ ’ਚ ਪਾਈ ਜਾਂਦੀ ਹੈ। ਇਹ ਗ੍ਰੰਥੀ ਪਾਚਨ ਤੇ ਊਰਜਾ ਦੀ ਮੁੱਖ ਗ੍ਰੰਥੀ ਹੈ। ਇਹ ਇਕ ਤਰ੍ਹਾਂ ਨਾਲ ਮਾਸਟਰ ਲੀਵਰ ਵਾਂਗ ਹੁੰਦੀ ਹੈ। ਜਿਹੜੀ ਜੀਨਜ਼ ਨੂੰ ਕੰਟਰੋਲ ਕਰਦੀ ਹੈ, ਜਿਸ ਨਾਲ ਕੋਸ਼ਿਕਾਵਾਂ ਆਪਣਾ ਕੰਮ ਠੀਕ ਤਰ੍ਹਾਂ ਕਰਦੀਆਂ ਹਨ।

ਇਸ ਗ੍ਰੰਥੀ ਦੇ ਸਹੀ ਤਰੀਕੇ ਨਾਲ ਕੰਮ ਨਾ ਕਰਨ ’ਤੇ ਬਹੁਤ ਸਾਰੀਆਂ ਸਮੱਸਿਆਵਾਂ ਆ ਜਾਂਦੀਆਂ ਹਨ। ਥਾਇਰਾਇਡ ਨੂੰ ਸਾਈਲੈਂਟ ਕਿਲਰ ਮੰਨਿਆ ਗਿਆ ਹੈ, ਕਿਉਂਕਿ ਇਸ ਦੇ ਲੱਛਣ ਮਰੀਜ ਨੂੰ ਹੌਲੀ-ਹੌਲੀ ਪਤਾ ਲਗਦੇ ਹਨ। ਪਰ ਉਦੋਂ ਤਕ ਦੇਰ ਹੋ ਚੁੱਕੀ ਹੁੰਦੀ ਹੈ। ਇਮਿਊਨ ਸਿਸਟਮ ’ਚ ਗੜਬੜੀ ਇਸ ਦੇ ਸ਼ੁਰੂਆਤੀ ਲੱਛਣ ਨੇ। ਜ਼ਿਆਦਾਤਰ ਡਾਕਟਰ ਐਂਟੀ ਬਾਡੀ ਟੈਸਟ ਨਹੀਂ ਕਰਦੇ ਜਿਸ ਨਾਲ ਆਟੋ-ਇਮਿਊਨਿਟੀ ਵਿਖਾਈ ਦਿੰਦੀ ਹੈ ।

## ਕਿਉਂ ਹੁੰਦਾ ਹੈ ਥਾਇਰਾਇਡ?

ਇਹ ਸਿਰਫ ਇਕ ਵਧੀ ਹੋਈ ਥਾਇਰਾਇਡ ਗ੍ਰੰਥੀ ਹੈ, ਜਿਸ ਦੀ ਹਾਰਮੋਨ ਬਨਾਉਣ ਦੀ ਸਮਰਥਾ ਘਟ ਜਾਂਦੀ ਹੈ। ਸੋਇਆ ਪ੍ਰੋਟੀਨ ਕੈਪਸੂਲ ਪਾਊਡਰ ’ਚ ਸੋਇਆ ਉਤਪਾਦਾਂ ਦੀ ਜ਼ਿਆਦਾ ਵਰਤੋਂ ਵੀ ਥਾਇਰਾਇਡ ਹੋਣ ਦਾ ਕਾਰਨ ਬਣਦਾ ਹੈ।

ਭੋਜਨ ਚ ਆਇਓਡੀਨ ਦੀ ਕਮੀ ਜਾਂ ਜਿਆਦਾ ਆਇਓਡੀਨ ਵੀ ਥਾਇਰਾਇਡ ਦੀ ਸਮੱਸਿਆ ਪੈਦਾ ਕਰਦਾ ਹੈ। ਇਸ ਲਈ ਸੇਂਧਾ ਨਮਕ ਖਾਣਾ ਚਾਹੀਦਾ ਹੈ। ਐਲੂਮੀਨੀਅਮ ਦੇ ਭਾਂਡੇ ਬਿਮਾਰੀਆਂ ਦੀ ਮਾਂ ਹੈ। ਮਿੱਟੀ, ਕਾਂਸੇ, ਚੀਨੀ ਦੇ ਭਾਂਡੇ ਵਰਤੋ।

ਗ੍ਰਬਸ ਰੋਗ ਵੀ ਥਾਇਰਾਇਡ ਦਾ ਵੱਡਾ ਕਾਰਨ ਹੈ। ਇਸ ਨਾਲ ਥਾਇਰਾਇਡ ਗ੍ਰੰਥੀ ਤੋਂ ਪੈਦਾ ਹੋਣ ਵਾਲੇ ਹਾਰਮੋਨ ਦਾ ਪੱਧਰ ਬਹੁਤ ਜ਼ਿਆਦਾ ਵਧ ਜਾਂਦਾ ਹੈ। ਇਹ ਰੋਗ ਜ਼ਿਆਦਾਤਾਰ 20-40 ਸਾਲ ਦੀ ਉਮਰ ’ਚ ਔਰਤਾਂ ਨੂੰ ਪ੍ਰਭਾਵਿਤ ਕਰਦਾ ਹੈ। ਇਹ ਰੋਗ ਗ਼ਲਤ ਆਦਤਾਂ ਤੇ ਖ਼ਾਨਦਾਨੀ ਵਿਕਾਰ ਹੈ। ਇਸ ਲਈ ਥਾਇਰਾਇਡ ਰੋਗ ਇਕ ਹੀ ਪਰਿਵਾਰ ’ਚ ਕਈ ਲੋਕਾਂ ਨੂੰ ਪ੍ਰਭਾਵਿਤ ਕਰ ਸਕਦਾ ਹੈ।

ਥਾਇਰਾਇਡ ਗਰਭ-ਅਵਸਥਾ ਵਿਚ ਹਾਰਮੋਨਜ਼ ਦੀ ਤਬਦੀਲੀ ਕਾਰਨ ਵੀ ਹੋ ਸਕਦਾ ਹੈ। ਜਦੋਂ ਬੱਚਾ ਹੋਣ ਵਾਲਾ ਹੁੰਦਾ ਹੈ ਤਾਂ ਜ਼ਿਆਦਤਾਰ ਔਰਤਾਂ ਤਣਾਅ ’ਚ ਹੁੰਦੀਆਂ ਹਨ। ਉਨ੍ਹਾਂ ਨੂੰ ਟੈਨਸ਼ਨ ਨਹੀਂ ਲੈਣੀ ਚਾਹੀਦੀ। ਮਹਾਵਾਰੀ ਵੇਲੇ ਵੀ ਹਾਰਮੋਨਜ਼ ’ਚ ਤਬਦੀਲੀ ਆਉਂਦੀ ਹੈ ਉਹ ਵੀ ਥਾਇਰਾਇਡ ਦਾ ਕਾਰਨ ਬਣਦੀ ਹੈ। ਥਾਇਰਾਇਡ ਹੋਣ ’ਤੇ ਕਬਜ਼ ਦਾ ਹੋਣਾ ਸ਼ੁਰਅਤੀ ਸਮੱਸਿਆ ਹੈ। ਖਾਣੇ ਦੇ ਪਚਣ ’ਚ ਦਿੱਕਤ ਹੁੰਦੀ ਹੈ। ਸਰੀਰ ਦੇ ਵਜ਼ਨ ’ਤੇ ਅਸਰ ਪੈਂਦਾ ਹੈ। ਹੱਥ ਪੈਰ ਠੰਡੇ ਰਹਿਣਾ ਵੀ ਇਸ ਦੀ ਨਿਸ਼ਾਨੀ ਹੈ। ਥਕਾਵਟ ਰਹਿਣਾ, ਸਰੀਰ ਹਰ ਵੇਲੇ ਥੱਕਿਆ ਰਹਿਣਾ, ਸੁਸਤੀ, ਆਲਸ ਆਦਿ ਦਾ ਹੋਣਾ, ਸਰੀਰ ਚ ਊਰਜਾ ਦੀ ਘਾਟ, ਚਮੜੀ ਦਾ ਖੁਸ਼ਕ ਹੋਣਾ, ਚਮੜੀ ਦੇ ਬਾਹਰੀ ਸੈੱਲ ਕਮਜ਼ੋਰ ਹੋਣ ਕਾਰਨ ਚਮੜੀ ਖੁਸ਼ਕ ਰਹਿਣ ਲਗਦੀ ਹੈ। ਜ਼ੁਕਾਮ ਦਾ ਹੋਣਾ, ਜੋ ਕਿ ਨਾਰਮਲ ਜ਼ੁਕਾਮ ਤੋਂ ਅਲੱਗ ਹੁੰਦਾ ਹੈ। ਭਾਵ, ਇਹ ਜ਼ੁਕਾਮ ਠੀਕ ਨਹੀਂ ਹੁੰਦਾ। ਇਹ ਥਾਇਰਾਇਡ ਦੀਆਂ ਨਿਸ਼ਾਨੀਆਂ ਹਨ।

ਇਸ ਸਮੱਸਿਆ ਨਾਲ ਮਰੀਜ਼ ਡਿਪਰੈਸ਼ਨ ’ਚ ਰਹਿਣ ਲਗਦਾ ਹੈ। ਉਸ ਦਾ ਮਨ ਕਿਸੇ ਕੰਮ ਨੂੰ ਨਹੀਂ ਕਰਦਾ, ਸੋਚਣ-ਸਮਝਣ ਦੀ ਸ਼ਕਤੀ ਕਮਜ਼ੋਰ ਹੋ ਜਾਂਦੀ ਹੈ। ਥਾਇਰਾਇਡ ਵਾਲੇ ਮਰੀਜ਼ ਦੇ ਵਾਲ ਝੜਨ ਲਗਦੇ ਹਨ। ਗੰਜਾਪਨ ਹੋ ਜਾਂਦਾ ਹੈ, ਅੱਖਾਂ ਦੇ ਵਾਲ ਝੜ ਜਾਂਦੇ ਹਨ। ਜੋੜਾਂ ’ਚ ਦਰਦ ਦੇ ਨਾਲ-ਨਾਲ ਸਰੀਰਕ ਤੇ ਮਾਨਸਿਕ ਵਿਕਾਸ ਮੱਧਮ ਪੈ ਜਾਂਦਾ ਹੈ।

## ਘਰੇਲੂ ਅਸਰਦਾਰ ਨੁਸਖੇ

- ਸਵੇਰੇ ਫਲਾਂ-ਸਬਜ਼ੀਆਂ ਦਾ ਮਿਕਸ ਜੂਸ ਪੀਓ।
- ਅਖਰੋਟ ਤੇ ਬਾਦਾਮ ’ਚ ਸੈਲੇਨੀਅਮ ਨਾਂ ਦਾ ਤੱਤ ਪਾਇਆ ਜਾਂਦਾ ਹੈ। ਇਕ ਔਂਸ ਅਖਰੋਟ ’ਚ ਨੂੰ ਮਾਈਕ੍ਰੋਗ੍ਰਾਮ ਸੇਲੇਨੀਅਮ ਹੁੰਦਾ ਹੈ, ਇਸ ਲਈ ਅਖਰੋਟ ਨੂੰ ਆਪਣੀ ਖ਼ੁਰਾਕ ਚ ਸ਼ਾਮਲ ਕਰੋ।
- ਕਾਲੀ ਮਿਰਚ, ਮਘਾਂ, ਸ਼ੁੰਢ ਨੂੰ ਖ਼ੁਰਾਕ ਦਾ ਹਿੱਸਾ ਬਣਾਓ।

## ਇਲੈਕਟ੍ਰੋ–ਹੋਮਿਓਪੈਥੀ ਦੁਆਰਾ ਇਲਾਜ

ਇਲੈਕਟ੍ਰੋ-ਹੋਮਿਓਪੈਥੀ ਦੁਆਰਾ ਇਲਾਜ ਦਾ ਨੁਸਖਾ ਹੈ: ਐੱਸ-2, ਐੱਲ-1, ਬਲਿਊ ਇਲੈਕਟ੍ਰੀਸਿਟੀ ਖਾਣੇ ਤੋਂ ਪਹਿਲਾਂ ਅਤੇ ਸੀ-2, ਐੱਫ-1, ਯੈਲੋ ਇਲੈਕਟ੍ਰੀਸਿਟੀ ਖਾਣੇ ਤੋਂ ਬਾਅਦ ਅਤੇ ਆਰ-8 ਗੋਲੀ ਸਵੇਰੇ-ਸ਼ਾਮ ਲਗਾਤਾਰ 3-4 ਮਹੀਨੇ ਖਾਓ। ਇਸ ਤੋਂ ਇਲਾਵਾ ਕਸਰਤ ਕਰੋ। ਖ਼ੁਸ਼ ਰਹੋ ।

**ਮੋਬਾਈਲ** 98557-35666

## ਯੋਗ ਭਜਾਏ ਰੋਗ


# ਮਾਈਗ੍ਰੇਨ ਦਾ ਆਸਾਨ ਇਲਾਜ

ਇਸ਼ਟ ਪਾਲ (ਵਿੱਕੀ)

ਅਸੀਂ ਅਕਸਰ ਵੇਖਦੇ ਹਾਂ ਕਿ ਸਰੀਰ ਵਿਚ ਕਫ ਅਤੇ ਪਿੱਤ ਦੇ ਵਧਣ ਨਾਲ ਸਾਡਾ ਸਾਰਾ ਜਾਂ ਅੱਧਾ ਸਿਰ ਦਰਦ ਕਰਨਾ ਸ਼ੁਰੂ ਹੋ ਜਾਂਦਾ ਹੈ। ਅਸਲ ’ਚ ਜਦੋਂ ਕਫ (ਨਜ਼ਲਾ) ਸਾਡੀ ਖੋਪੜੀ ਵਿਚ ਜਿਆਦਾ ਮਾਤਰਾ ’ਚ ਫੈਲ ਜਾਂਦਾ ਹੈ ਅਤੇ ਜਦ ਸਰੀਰ ਅੰਦਰ ਪਿੱਤ (ਤੇਜ਼ਾਬ) ਦੀ ਮਾਤਰਾ ਵਧ ਜਾਂਦੀ ਹੈ ਤਾਂ ਇਹ ਤੇਜ਼ਾਬ ਸਿਰ ਨੂੰ ਚੜ੍ਹਦਾ ਹੈ। ਇਨ੍ਹਾਂ ਦੋਹਾਂ ਕਾਰਨਾਂ ਕਰਕੇ ਪੂਰਾ ਜਾਂ ਅੱਧਾ ਸਿਰ ਦਰਦ ਕਰਨ ਲੱਗ ਪੈਂਦਾ ਹੈ। ਕਈ ਲੋਕ ਇਸ ਨੂੰ ‘ਮਾਈਗ੍ਰੇਨ’ ਦਾ ਨਾਂ ਦਿੰਦੇ ਹਨ।

ਆਮ ਤੌਰ ’ਤੇ ਜਦੋਂ ਮਾਈਗ੍ਰੇਨ ਹੋ ਜਾਂਦੀ ਹੈ ਤਾਂ ਐਲੋਪੈਥੀ ਇਲਾਜ ਪ੍ਰਣਾਲੀ ਵਿਚ ਰੋਗੀ ਨੂੰ ਤਰ੍ਹਾਂ-ਤਰ੍ਹਾਂ ਦੀਆਂ ਦਰਦ ਨਿਵਾਰਕ ਦਵਾਈਆਂ ਦਿੱਤੀਆਂ ਜਾਂਦੀਆ ਹਨ। ਜਿਨ੍ਹਾਂ ਨੂੰ ਬਹੁਤ ਲੰਬੇ ਸਮੇਂ ਤਕ ਲੈਣਾ ਪੈਂਦਾ ਹੈ। ਰੋਗੀ ਨੂੰ ਇਸ ਤਰ੍ਹਾਂ ਜਾਪਦਾ ਹੈ, ਜਿਵੇਂ ਉਸ ਨੂੰ ਕੋਈ ਵੱਡਾ ਰੋਗ ਲੱਗ ਗਿਆ ਹੋਵੇ। ਆਮ ਤੌਰ ’ਤੇ ਐਲੋਪੈਥੀ, ਹੋਮੀਓਪੈਥੀ ਤੇ ਆਯੁਰਵੇਦਿਕ ਦਵਾਈਆਂ ਨਾਲ ਮਾਈਗ੍ਰੇਨ ਦਾ ਇਲਾਜ ਜਲਦੀ ਨਹੀ ਹੁੰਦਾ

ਪਰ ਯੋਗ ਨਾਲ ਇਸ ਰੋਗ ਦਾ ਇਲਾਜ ਕੀਤਾ ਜਾ ਸਕਦਾ ਹੈ। ਯੋਗ ਦਾ ਸ਼ਟਕਰਮ ਜਾਂ ਖੱਟਕਰਮ ਭਾਗ ਸਰੀਰ ਦੀ ਸ਼ੁੱਧੀ ਲਈ ਵਰਤਿਆ ਜਾਂਦਾ ਹੈ। ਸ਼ਟਕਰਮ ਚ ਜਲਨੇਤੀ ਤੇ ਕੁੰਜਲ ਕਿਰਿਆ ਦਾ ਅਭਿਆਸ ਕਰ ਕੇ ਅਸੀਂ ਮਾਈਗ੍ਰੇਨ ਨੂੰ ਠੀਕ ਕਰ ਸਕਦੇ ਹਾਂ। ਇਹ ਦੋਵੇਂ ਕਿਰਿਆਵਾਂ ਸਰੀਰ ਅਤੇ ਖ਼ਾਸ ਤੌਰ ’ਤੇ ਖੋਪੜੀ ਨੂੰ ਸਾਫ਼ ਕਰਦੀਆਂ ਹਨ।



## ਜਲਨੇਤੀ

**ਵਿਧੀ** : ਕਾਂਗ ਆਸਣ (ਪੈਰਾਂ ਉੱਪਰ ਬੈਠਣਾ) ਵਿਚ ਬੈਠ ਕੇ ਜਾਂ ਖੜ੍ਹੇ ਹੋ ਕੇ ਮੋਢਿਆਂ ਨੂੰ ਅੱਗੇ ਵੱਲ ਝੁਕਾਅ ਕੇ ਜਲਨੇਤੀ ਕਿਰਿਆ ਕੀਤੀ ਜਾ ਸਕਦੀ ਹੈ। ਸਰੀਰ ਦੇ ਤਾਪਮਾਨ ਦੇ ਬਰਾਬਰ ਗਰਮ ਪਾਣੀ ਨੂੰ ਇਕ ਜਲਨੇਤੀ ਵਾਲੇ ਲੋਟੇ ’ਚ ਪਾ ਲਵੋ ਅਤੇ ਸਵਾਦ ਅਨੁਸਾਰ ਇਸ ਵਿਚ ਨਮਕ ਪਾਓ। ਪਾਣੀ ’ਚ ਨਮਕ ਦੀ ਮਾਤਰਾ ਜ਼ਿਆਦਾ ਨਹੀਂ ਹੋਣੀ ਚਾਹੀਦੀ। ਨਮਕ ਪਾਣੀ ’ਚ ਚੰਗੀ ਤਰ੍ਹਾਂ ਘੁਲ ਜਾਣਾ ਚਾਹੀਦਾ ਹੈ। ਇਸ ਤੋਂ ਬਾਅਦ ਲੋਟੇ ਨੂੰ ਇਕ ਹੱਥ ਨਾਲ ਫੜੋ ਤੇ ਇਸ ਦੀ ਨਾਲੀ ਨੂੰ ਆਪਣੇ ਨੱਕ ਦੇ ਛੇਕ (ਨਾਸਿਕਾ) ਵਿਚ ਪਾਓ। ਸਿਰ ਨੂੰ ਇਕ ਤਰਫ਼ ਝੁਕਾਅ ਦਿਓ ਅਤੇ ਪਾਣੀ ਦੇ ਦਬਾਅ ਨਾਲ ਨੱਕ ਦੇ ਦੂਸਰੇ ਛੇਕ ਵਿੱਚੋਂ ਪਾਣੀ ਨੂੰ ਆਪਣੇ ਆਪ ਬਾਹਰ ਆਉਣ ਦਿਓ। ਮੂੰਹ ਨੂੰ ਖੋਲ੍ਹ ਕੇ ਰੱਖੋ ਤਾਂ ਜੋ ਸਾਹ ਆਉਂਦਾ ਰਹੇ। ਇਹ ਕਿਰਿਆ ਕਰਦੇ ਸਮੇਂ ਸਾਹ ਮੂੰਹ ਨਾਲ ਲੈਂਦੇ ਰਹੋ। ਸਾਹ ਨੱਕ ਨਾਲ ਨਹੀਂ ਲੈਣਾ ਚਾਹੀਦਾ, ਇਸ ਨਾਲ ਪਾਣੀ ਦੇ ਫ਼ੇਫੜਿਆਂ ਵਿਚ ਜਾਣ ਦਾ ਡਰ ਹੁੰਦਾ ਹੈ। ਇਹੀ ਕਿਰਿਆ ਫਿਰ ਨੱਕ ਦੂਸਰੇ ਛੇਕ ਰਾਹੀਂ ਦੁਹਰਾਓ। ਕਿਰਿਆ ਨੂੰ ਕਰਨ ਤੋਂ ਬਾਅਦ ਨੱਕ ਨੂੰ ਸੁਕਾਉਣਾ ਬਹੁਤ ਜ਼ਰੂਰੀ ਹੈ। ਦੋਵਾਂ ਪੈਰਾਂ ਉੱਤੇ ਖੜ੍ਹੇ ਹੋ ਕੇ ਧਰਤੀ ਦੇ ਸਮਾਨਾਂਤਰ ਮੂੰਹ ਨੂੰ ਝੁਕਾਓ ਤੇ ਫਿਰ ਇਕ ਅੰਗੂਠੇ ਨਾਲ ਨੱਕ ਦੇ ਛੇਕ ਨੂੰ ਦਬਾ ਕੇ ਨੱਕ ਦੇ ਦੂਸਰੇ ਛੇਕ ਵਿੱਚੋਂ ਸਾਹ ਨੂੰ ਜ਼ੋਰ-ਜ਼ੋਰ ਨਾਲ ਬਾਹਰ ਕੱਢੋ। ਇਹ ਜਲਨੇਤੀ ਕਿਰਿਆ ਨੱਕ ਦੇ ਦੋਵਾਂ ਛੇਕਾਂ ਨਾਲ ਕਰਨੀ ਚਾਹੀਦੀ ਹੈ।

**ਸਮਾਂ** : ਜਲਨੇਤੀ ਕਿਰਿਆ ਸਵੇਰ ਵੇਲੇ ਖਾਲੀ ਪੇਟ ਕੀਤੀ ਜਾ ਸਕਦੀ ਹੈ।

### ਸਾਵਧਾਨੀਆਂ

ਜਿਨ੍ਹਾਂ ਦੇ ਨੱਕ ਵਿੱਚੋਂ ਖ਼ੂਨ ਆਉਂਦਾ ਹੋਵੇ, ਉਨ੍ਹਾਂ ਨੂੰ ਸਹੀ ਨਿਰਦੇਸ਼ਾਂ ਅਨੁਸਾਰ ਇਹ ਕਿਰਿਆ ਕਰਨੀ ਚਾਹੀਦੀ ਹੈ। ਧਿਆਨ ਰੱਖਿਆ ਜਾਵੇ ਕਿ ਪਾਣੀ ਜ਼ਿਆਦਾ ਗਰਮ ਨਾ ਹੋਵੇ ਤੇ ਨਮਕ ਪਾਣੀ ਵਿਚ ਚੰਗੀ ਤਰ੍ਹਾਂ ਘੁਲਿਆ ਹੋਇਆ ਹੋਵੇ।

## ਕੁੰਜਲ ਕਿਰਿਆ

ਇਹ ਕਿਰਿਆ ਧੋਤੀ ਕਿਰਿਆ ਦਾ ਇਕ ਭਾਗ ਹੈ। ਇਸ ਕਿਰਿਆ ਨਾਲ ਅਸੀਂ ਆਪਣੇ ਪੇਟ ਦੀ ਸਫ਼ਾਈ ਚੰਗੀ ਤਰ੍ਹਾਂ ਕਰ ਸਕਦੇ ਹਾਂ।

**ਵਿਧੀ**: ਕੁੰਜਲ ਕਿਰਿਆ ਕਰਨ ਤੋ ਪਹਿਲਾਂ ਸਾਫ਼ ਪਾਣੀ ਨੂੰ ਏਨਾ ਕੁ ਗਰਮ ਕਰੋ ਕਿ ਇਹ ਨਾ ਤਾਂ ਬਹੁਤ ਠੰਡਾ ਹੋਵੇ ਤੇ ਨਾ ਹੀ ਬਹੁਤਾ ਗਰਮ। ਇਹ ਏਨਾ ਕੁ ਗਰਮ ਹੋਵੇ ਕਿ ਆਸਾਨੀ ਨਾਲ ਪੀਤਾ ਜਾ ਸਕੇ। ਪਾਣੀ ਦੀ ਮਾਤਰਾ 3 ਤੋਂ 5 ਗਿਲਾਸ ਹੋਣੀ ਚਾਹੀਦੀ ਹੈ। ਪਾਣੀ ਵਿਚ ਸਵਾਦ ਅਨੁਸਾਰ ਨਮਕ ਪਾਓ। ਹਾਈ ਬਲੱਡ ਪ੍ਰੈਸ਼ਰ ਦੇ ਰੋਗੀ ਨੂੰ ਨਮਕ ਨਹੀਂ ਪਾਉਣਾ ਚਾਹੀਦਾ। ਇਸ ਪਾਣੀ ਨੂੰ ਜੱਗ ਵਿਚ ਪਾ ਕੇ ਕਾਂਗ ਆਸਣ ਵਿਚ ਬੈਠੋ। ਇਸ ਤੋ ਬਾਅਦ ਪਾਣੀ ਪੀਣਾ ਸ਼ੁਰੂ ਕਰੋ। ਇਹ ਧਿਆਨ ਰੱਖਣਾ ਜ਼ਰੂਰੀ ਹੈ ਕਿ ਪਾਣੀ ਰੁਕ-ਰੁਕ ਕੇ ਨਾ ਪੀਤਾ ਜਾਵੇ, ਸਗੋਂ ਨਿਰੰਤਰ ਪੀਂਦੇ ਰਹੋ। ਸਾਰਾ ਪਾਣੀ ਪੀਣ ਤੋ ਬਾਅਦ ਦੋਵਾਂ ਪੈਰਾਂ ਉੱਪਰ ਖੜ੍ਹੇ ਹੋ ਕੇ ਧਰਤੀ ਦੇ ਸਮਾਨਾਂਤਰ ਮੂੰਹ ਨੂੰ ਝੁਕਾਉਂਦੇ ਹੋਏ 90 ਡਿਗਰੀ ਦਾ ਕੋਣ ਬਣਾ ਕੇ ਝੁਕੋ ਤੇ ਸੱਜੇ ਹੱਥ ਦੀਆਂ 3 ਉਂਗਲੀਆਂ ਨੂੰ ਆਪਣੇ ਮੂੰਹ ਵਿਚ ਪਾਓ ਤੇ ਛੋਟੀ ਉਂਗਲੀ ਨਾਲ ਜੀਭ ਨੂੰ ਹਲਕਾ-ਹਲਕਾ ਦਬਾਓ। ਵੇਗ ਬਣਨ ਨਾਲ ਪੀਤਾ ਗਿਆ ਪਾਣੀ ਬਾਹਰ ਨਿਕਲਣ ਲੱਗੇਗਾ। ਕੁੰਜਲ ਕਿਰਿਆ ਕਰਦੇ ਸਮੇਂ ਗਲ਼ੇ ’ਤੇ ਜ਼ਿਆਦਾ ਦਬਾਅ ਨਾ ਪਾਓ, ਜੋ ਹਾਨੀਕਾਰਕ ਹੋ ਸਕਦਾ ਹੈ। ਤੁਸੀਂ ਜੋ ਪਾਣੀ ਪੀਤਾ ਹੈ, ਉਹ ਸਾਰਾ ਬਾਹਰ ਨਿਕਲਣਾ ਚਾਹੀਦਾ ਹੈ। ਜੇ ਸਾਰਾ ਪਾਣੀ ਬਾਹਰ ਨਹੀਂ ਨਿਕਲਦਾ ਤਾਂ ਘਬਰਾਉਣਾ ਨਹੀਂ ਚਾਹੀਦਾ। ਪਾਣੀ ਪਿਸ਼ਾਬ ਰਾਹੀਂ ਬਾਹਰ ਆ ਜਾਵੇਗਾ।

**ਸਮਾਂ** : ਇਹ ਕਿਰਿਆ ਸਵੇਰ ਵੇਲੇ ਖਾਲੀ ਪੇਟ ਕੀਤੀ ਜਾ ਸਕਦੀ ਹੈ।

### ਸਾਵਧਾਨੀਆਂ

ਕੁੰਜਲ ਕਿਰਿਆ ਕਰਨ ਲਈ ਸਾਫ਼ ਪਾਣੀ ਦੀ ਵਰਤੋਂ ਕਰੋ। ਕੁੰਜਲ ਕਿਰਿਆ ਕਰਦੇ ਸਮੇਂ ਪਾਣੀ ਰੁਕ-ਰੁਕ ਕੇ ਨਾ ਪੀਤਾ ਜਾਵੇ। ਹਾਈ ਬਲੱਡ ਪ੍ਰੈਸ਼ਰ ਦੇ ਮਰੀਜ਼ਾਂ ਨੂੰ ਪਾਣੀ ’ਚ ਨਮਕ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਦਿਲ ਦੇ ਰੋਗੀਆਂ ਨੂੰ ਇਹ ਕਿਰਿਆ ਨਹੀਂ ਕਰਨੀ ਚਾਹੀਦੀ। ਜੇ ਕਿਸੇ ਦੇ ਪੇਟ ਦਾ ਆਪ੍ਰੇਸ਼ਨ ਹੋਇਆ ਹੈ ਤਾਂ ਉਸ ਨੂੰ ਵੀ ਇਹ ਕਿਰਿਆ ਨੂੰ ਨਹੀਂ ਕਰਨੀ ਚਾਹੀਦੀ।

**ਮੋਬਾਈਲ** 98725-65003

# ਗਰਮੀਆਂ ਦੌਰਾਨ ਬੁਖ਼ਾਰ : ਸਾਵਧਾਨੀਆਂ

ਡਾ. ਰਿਪੁਦਮਨ ਸਿੰਘ

ਤੇਜ਼ ਗਰਮੀ ਕਦੇ ਕਦਾਈਂ ਬੁਖ਼ਾਰ ਦੀ ਵਜ੍ਹਾ ਬਣ ਸਕਦੀ ਹੈ। ਜੇ ਬੁਖ਼ਾਰ 102 ਡਿਗਰੀ ਫਰਨਹਾਈਟ ਤਕ ਹੈ ਅਤੇ ਕੋਈ ਹੋਰ ਖ਼ਤਰਨਾਕ ਲੱਛਣ ਨਹੀਂ ਹਨ ਤਾਂ ਮਰੀਜ਼ ਦੀ ਦੇਖਭਾਲ ਘਰ ਵਿਚ ਹੀ ਕੀਤੀ ਜਾ ਸਕਦੀ ਹੈ। ਮਰੀਜ਼ ਦੇ ਸਰੀਰ (ਮੱਥੇ ਅਤੇ ਛਾਤੀ) ਉੱਤੇ ਸਾਧਾਰਣ ਪਾਣੀ ਦੀਆਂ ਪੱਟੀਆਂ ਰੱਖੋ। ਇਹ ਪੱਟੀਆਂ ਤਦ ਤਕ ਰੱਖਦੇ ਰਹੋ ਜਦ ਤਕ ਸਰੀਰ ਦਾ ਤਾਪਮਾਨ ਘੱਟ ਨਾ ਹੋ ਜਾਵੇ। ਜੇ ਸਰੀਰ ਦਾ ਤਾਪਮਾਨ 102 ਡਿਗਰੀ ਤੋਂ ਵੀ ਜ਼ਿਆਦਾ ਹੈ ਤਾਂ ਫੌਰਨ ਡਾਕਟਰ ਨੂੰ ਦਿਖਾਓ।

ਬੁਖ਼ਾਰ ਵੇਲੇ ਮਰੀਜ਼ ਨੂੰ ਏਸੀ ਕਮਰੇ ਵਿਚ ਵੀ ਰੱਖ ਸਕਦੇ ਹੋ। ਜੇ ਅਜਿਹਾ ਸੰਭਵ ਨਹੀਂ ਤਾਂ ਪੱਖੇ ਦੀ ਹਵਾ ਹੇਠ ਰੱਖੋ। ਕਈ ਲੋਕ ਬੁਖ਼ਾਰ ਹੋਣ ’ਤੇ ਚਾਦਰ ਲੈ ਕੇ ਪੈ ਜਾਂਦੇ ਹਨ ਅਤੇ ਸੋਚਦੇ ਹਨ ਕਿ ਮੁੜ੍ਹਕਾ ਆਉਣ ਨਾਲ ਬੁਖ਼ਾਰ ਘੱਟ ਹੋ ਜਾਵੇਗਾ ਪਰ ਇਸ ਤਰ੍ਹਾਂ ਚਾਦਰ ਨਾਲ ਸਿਰ ਮੂੰਹ ਢਕ ਕੇ ਲੇਟਣਾ ਠੀਕ ਨਹੀਂ।

## ਟੈਬਲੇਟ ਦਿੰਦੇ ਸਮੇਂ ਰੱਖੋ ਧਿਆਨ

ਮਰੀਜ ਨੂੰ ਹਰ 6 ਘੰਟੇ ਵਿਚ ਪੈਰਾਸੀਟਾਮੋਲ (Paracetamol) ਦੀ ਇਕ ਗੋਲੀ ਦੇ ਸਕਦੇ ਹੋ। ਇਹ ਗੋਲੀ ਇਹ ਬਾਜ਼ਾਰ ਵਿਚ ਕਰੋਸਿਨ (crocin), ਕਾਲਪੋਲ (calpol) ਆਦਿ ਬਰਾਂਡ ਨਾਵਾਂ ਨਾਲ ਮਿਲਦੀ ਹੈ। ਦੂਜੀ ਕੋਈ ਗੋਲੀ ਡਾਕਟਰ ਤੋਂ ਪੁੱਛੇ ਬਿਨਾ ਨਾ ਦਿਓ। ਦੋ ਦਿਨ ਤਕ ਬੁਖ਼ਾਰ ਠੀਕ ਨਾ ਹੋਵੇ ਤਾਂ ਮਰੀਜ਼ ਨੂੰ ਡਾਕਟਰ ਕੋਲ ਜ਼ਰੂਰ ਲੈ ਕੇ ਜਾਓ। ਮਰੀਜ਼ ਨੂੰ ਪੂਰਾ ਆਰਾਮ ਕਰਨ ਦਿਓ। ਖ਼ਾਸਕਰ ਤੇਜ਼ ਬੁਖ਼ਾਰ ਵਿਚ। ਆਰਾਮ ਵੀ ਬੁਖ਼ਾਰ ਵਿਚ ਇਲਾਜ ਦਾ ਕੰਮ ਕਰਦਾ ਹੈ।

## ਪੇਟ ਦੀ ਗੜਬੜ

ਗਰਮੀਆਂ ਵਿਚ ਖਾਣੇ ’ਚ ਕੀਟਾਣੂ ਜ਼ਲਦੀ ਪੈਦਾ ਹੁੰਦੇ ਹਨ। ਜਿਸ ਕਾਰਨ ਖਾਣਾ ਜ਼ਲਦੀ ਖ਼ਰਾਬ ਹੋ ਜਾਂਦਾ ਹੈ। ਖ਼ਰਾਬ ਖਾਣਾ ਜਾਂ ਉਲਟਾ-ਸਿੱਧਾ ਖਾਣ ਨਾਲ ਗਰਮੀਆਂ ਵਿਚ ਕਈ ਵਾਰ ਡਾਇਰੀਆ ਯਾਨੀ ਉਲਟੀ-ਦਸਤ ਦੀ ਸ਼ਿਕਾਇਤ ਵੀ ਹੁੰਦੀ ਹੈ। ਲੂ ਲੱਗਣ ’ਤੇ ਵੀ ਇਹ ਸਮੱਸਿਆ ਹੋ ਸਕਦੀ ਹੈ। ਡਾਇਰੀਆ ਵਿਚ ਅਕਸਰ ਉਲਟੀ ਤੇ ਦਸਤ ਦੋਵੇਂ ਹੁੰਦੇ ਹਨ ਪਰ ਅਜਿਹਾ ਵੀ ਸੰਭਵ ਹੈ ਕਿ ਉਲਟੀਆਂ ਨਾ ਹੋਣ ਪਰ ਦਸਤ ਬਹੁਤ ਹੋ ਰਹੇ ਹੋਣ।

## ਤਿੰਨ ਤਰ੍ਹਾਂ ਦਾ ਹੁੰਦਾ ਹੈ ਡਾਇਰੀਆ

### 1 ਵਾਇਰਲ

ਇਹ ਵਾਇਰਸ ਜ਼ਰੀਏ ਹੁੰਦਾ ਹੈ ਤੇ ਜ਼ਿਆਦਾਤਰ ਛੋਟੇ ਬੱਚਿਆਂ ਵਿਚ ਹੁੰਦਾ ਹੈ। ਪੇਟ ਵਿਚ ਮਰੋੜ ਦੇ ਨਾਲ ਪਤਲੀਆਂ ਟੱਟੀਆਂ ਤੇ ਉਲਟੀ ਆਉਂਦੀ ਹੈ। ਕਾਫੀ ਕਮਜ਼ੋਰੀ ਮਹਿਸੂਸ ਹੁੰਦੀ ਹੈ ਲੇਕਿਨ ਇਹ ਜ਼ਿਆਦਾ ਖ਼ਤਰਨਾਕ ਨਹੀਂ ਹੁੰਦਾ।

### ਇਲਾਜ

ਵਾਇਰਲ ਡਾਇਰੀਆ ਵਿਚ ਮਰੀਜ਼ ਨੂੰ ਓਆਰਐੱਸ ਦਾ ਘੋਲ ਜਾਂ ਲੂਣ ਤੇ ਚੀਨੀ ਦੀ ਸ਼ਿਕੰਜਵੀ ਲਗਾਤਾਰ ਦਿੰਦੇ ਰਹੋ।। ਉਲਟੀ ਰੋਕਣ ਲਈ ਡੌਮਪੈਰੀਡੋਨ (Domperidone) ਅਤੇ ਟੱਟੀਆਂ ਰੋਕਣ ਲਈ ਰੇਸੇਸਾਡੋਟਰਿਲ (Racecadotrill) ਲੈ ਸਕਦੇ ਹੋ। ਪੇਟ ਵਿਚ ਮਰੋੜ ਹਨ ਤਾਂ ਮੈਫਟਲ ਸਪਾਸ (Maftal Spas) ਲੈ ਸਕਦੇ ਹੋ। 4 ਘੰਟੇ ਤੋਂ ਪਹਿਲਾਂ ਦੁਬਾਰਾ ਟੈਬਲੇਟ ਨਾ ਲਵੋ। ਇਕ ਦਿਨ ਵਿਚ ਉਲਟੀ ਜਾਂ ਦਸਤ ਨਾ ਰੁਕਣ ਤਾਂ ਮਰੀਜ਼ ਨੂੰ ਡਾਕਟਰ ਕੋਲ ਲੈ ਕੇ ਜਾਓ।



*ਬੁਖ਼ਾਰ ਹੋਣ ’ਤੇ ਮਰੀਜ਼ ਦੇ ਮੱਥੇ ਅਤੇ ਛਾਤੀ ਉੱਤੇ ਸਾਧਾਰਣ ਪਾਣੀ ਦੀਆਂ ਪੱਟੀਆਂ ਰੱਖੋ। ਇਹ ਪੱਟੀਆਂ ਤਦ ਤਕ ਰੱਖਦੇ ਰਹੋ ਜਦ ਤਕ ਸਰੀਰ ਦਾ ਤਾਪਮਾਨ ਘੱਟ ਨਾ ਹੋ ਜਾਵੇ। ਜੇ ਸਰੀਰ ਦਾ ਤਾਪਮਾਨ 102 ਡਿਗਰੀ ਤੋਂ ਵੀ ਜ਼ਿਆਦਾ ਹੈ ਤਾਂ ਫੌਰਨ ਡਾਕਟਰ ਨੂੰ ਦਿਖਾਓ...*

### 2 ਬੈਕਟੀਰੀਅਲ

ਇਸ ਵਿਚ ਤੇਜ਼ ਬੁਖ਼ਾਰ ਤੋਂ ਇਲਾਵਾ ਦਸਤ ਦੇ ਨਾਲ ਪੱਸ ਜਾਂ ਖ਼ੂਨ ਆਉਂਦਾ ਹੈ।

### ਇਲਾਜ

ਐਂਟੀ-ਬਾਇਓਟਿਕ ਦਵਾਈਆਂ ਦਿੱਤੀਆਂ ਜਾਂਦੀਆਂ ਹਨ ਪਰ ਸਿਰਫ ਡਾਕਟਰ ਦੀ ਸਲਾਹ ਨਾਲ ਹੀ ਪ੍ਰੋਬਾਇਓਟਿਕਸ ਵੀ ਦਿਤੀ ਜਾਂਦੀ ਹੈ। ਦਹੀਂ ਪ੍ਰੋਬਾਇਓਟਿਕਸ ਦਾ ਸਭ ਤੋਂ ਚੰਗਾ ਤੇ ਕੁਦਰਤੀ ਸਾਧਨ ਹੈ।

### 3 ਪ੍ਰੋਟੋਜ਼ੋਅਲ

ਇਸ ਵਿਚ ਵੀ ਬੁਖ਼ਾਰ ਦੇ ਨਾਲ ਟੱਟੀ ਵਿਚ ਪਸ ਜਾਂ ਖ਼ੂਨ ਆਉਂਦਾ ਹੈ।

### ਇਲਾਜ

ਪ੍ਰੋਟੋਜ਼ੋਅਲ ਇੰਫੈਕਸ਼ਨ ਵਿਚ ਐਂਟੀ-ਅਮੀਬਿਕ ਦਵਾਈ ਦਿੱਤੀ ਜਾਂਦੀ ਹੈ।


### ਖ਼ਾਸ ਗੱਲ

ਇਹ ਗ਼ਲਤ ਧਾਰਨਾ ਹੈ ਕਿ ਡਾਇਰੀਆ ਦੇ ਮਰੀਜ਼ ਨੂੰ ਖਾਣਾ-ਪੀਣਾ ਨਹੀਂ ਦੇਣਾ ਚਾਹੀਦਾ। ਮਰੀਜ਼ ਨੂੰ ਲਗਾਤਾਰ ਪਤਲੀਆਂ ਤੇ ਹਲਕੀਆਂ ਚੀਜ਼ਾਂ ਦਿੰਦੇ ਰਹੋ, ਜਿਵੇਂ ਕਿ ਨਾਰੀਅਲ ਪਾਣੀ, ਨਿੰਬੂ ਪਾਣੀ (ਹਲਕਾ ਲੂਣ ਤੇ ਚੀਨੀ ਮਿਲਿਆ), ਲੱਸੀ, ਦਾਲ ਦਾ ਪਾਣੀ, ਓਆਰਐੱਸ ਦਾ ਘੋਲ, ਪਤਲੀ ਖਿਚੜੀ, ਦਲੀਆ ਆਦਿ। ਸਿਰਫ਼ ਤਲੀਆਂ ਤੇ ਭੁੰਨੀਆਂ ਹੋਈਆਂ ਚੀਜ਼ਾਂ ਤੋਂ ਪਰਹੇਜ ਰੱਖੋ।

ਉੱਪਰ ਦਸੀਆਂ ਗੱਲਾਂ ਮਰੀਜ਼ ਦੀ ਜਾਣਕਾਰੀ ਲਈ ਹਨ। ਡਾਕਟਰ ਮਰੀਜ਼ ਦੀ ਜਾਂਚ ਪੜਤਾਲ ਕਰ ਕੇ ਹੀ ਬਿਹਤਰ ਇਲਾਜ ਕਰ ਸਕੇਗਾ, ਇਸ ਲਈ ਆਪ ਘਰੇ ਡਾਕਟਰ ਬਣਨ ਦੀ ਥਾਂ ਡਾਕਟਰ ਦੀ ਸਲਾਹ ਲਵੋ। ਗਰਮੀਆਂ ਵਿਚ ਬੁਖ਼ਾਰ ਨੂੰ ਹਲਕਿਆਂ ਨਹੀਂ, ਬਲਕਿ ਗੰਭੀਰਤਾ ਨਾਲ ਲਵੋ।

**ਮੋਬਾਈਲ** 98152-00134

# ਪੀਲੀਆ ਦੇ ਲੱਛਣ ਤੇ ਰੋਕਥਾਮ



ਡਾ. ਅਨਿਲ ਕੁਮਾਰ ਬੱਗਾ

ਜਿਗਰ ਦੀ ਇਨਫੈਕਸ਼ਨ ਤੇ ਸੋਜ਼ ਕਰਕੇ ਪੀਲੀਆ ਰੋਗ ਹੁੰਦਾ ਹੈ, ਜਿਸ ਨੂੰ ਡਾਕਟਰੀ ਭਾਸ਼ਾ ਵਿਚ ‘ਹੈਪੇਟਾਈਟਿਸ’ ਆਖਦੇ ਹਨ। ਇਹ ਬਿਮਾਰੀ ਕਿਸੇ ਵੀ ਉਮਰ ਦੇ ਵਿਅਕਤੀ ਨੂੰ ਸਰਦੀਆਂ ਤੇ ਗਰਮੀਆਂ, ਦੋਵਾਂ ਰੁੱਤਾਂ ’ਚ ਹੋ ਸਕਦੀ ਹੈ ਪਰ ਗਰਮੀਆਂ ’ਚ ਪ੍ਰਕੋਪ ਜ਼ਿਆਦਾ ਵੇਖਣ ਨੂੰ ਮਿਲਦਾ ਹੈ।

### ਕਾਰਨ

- ਜ਼ਿਗਰ ਜਾਂ ਲਿਵਰ ਤੋ ਪੈਦਾ ਹੋਣ ਵਾਲੇ ਤਰਲ ਪਦਾਰਥ ਪਿੱਤ (ਬਾਇਲਿਊਰੁਬਿਨ) ਦਾ ਖ਼ੂਨ ’ਚ ਜ਼ਿਆਦਾ ਰਿਸਾਵ ਹੋਣ ’ਤੇ ਵਿਅਕਤੀ ਪੀਲੀਏ ਦਾ ਸ਼ਿਕਾਰ ਹੋ ਜਾਂਦਾ ਹੈ।
- ਖਾਣ-ਪੀਣ ਦੀਆਂ ਗ਼ਲਤ ਆਦਤਾਂ ਤੇ ਸਾਫ਼-ਸਫ਼ਾਈ ਦੀ ਘਾਟ।
- ਪੇਟ ਵਿਚ ਕੀੜਿਆਂ ਦਾ ਹੋਣਾ, ਬਾਸੀ ਭੋਜਨ ਤੇ ਜ਼ਿਆਦਾ ਮਸਾਲੇਦਾਰ ਭੋਜਨ ਦੀ ਵਰਤੋਂ।
- ਸ਼ਰਾਬ, ਬੀਅਰ, ਚਾਹ, ਦਰਦ ਨਿਵਾਰਕ ਗੋਲੀਆਂ ਤੇ ਮੈਡੀਕਲ ਨਸ਼ੇ ਦੀ ਵਰਤੋਂ।
- ਪਿੱਤੇ ਦੀ ਪੱਥਰੀ, ਫੈਟੀ ਲਿਵਰ ਤੇ ਸ਼ੂਗਰ ਹੋਣ ’ਤੇ ਪੀਲੀਆ ਹੋਣ ਦੇ ਆਸਾਰ ਵਧ ਜਾਂਦੇ ਹਨ।
- ਟੀਕੇ ਵਾਲੀਆਂ ਸੂਈਆਂ ਸਾਂਝੀਆਂ ਵਰਤਣ ਨਾਲ।
- ਗਰਭਵਤੀ ਔਰਤਾਂ ਵੱਲੋਂ ਹਾਰਮੋਨਜ਼ ਦੀਆਂ ਦਵਾਈਆਂ ਦੀ ਜ਼ਿਆਦਾ ਵਰਤੋਂ ਕਰਨ ਨਾਲ।
- ਪੀਲੀਏ ਵਾਲੇ ਮਰੀਜ਼ ਨਾਲ ਰੇਜਰ ਜਾਂ ਟੁੱਥ-ਬਰੱਸ਼ ਸਾਂਝਾ ਕਰਨਾ।
- ਦੰਦਾਂ ਦੀ ਅਨ-ਹਾਈਜੀਨਿਕ ਸਰਜਰੀ ਤੇ ਨੇਲ ਕਟਰ ਦਾ ਸਾਂਝਾ ਇਸਤੇਮਾਲ।
- ਸਰੀਰ ’ਤੇ ਟੈਟੂ ਬਨਵਾਉਣਾ, ਨੱਕ ਤੇ ਕੰਨ ਵਿੰਨ੍ਹਣ ਵਾਲੇ ਔਜਾਰਾਂ ਦਾ ਗੰਦਾ ਹੋਣਾ।
- ਹੱਥਾਂ ਦੀ ਸਫ਼ਾਈ ਨਾ ਰੱਖਣਾ ਤੇ ਦੂਸ਼ਿਤ ਪਾਣੀ।

### ਲੱਛਣ

- ਮਰੀਜ਼ ਨੂੰ ਹਲਕਾ ਬੁਖ਼ਾਰ ਰਹਿੰਦਾ ਹੈ।
- ਰੋਟੀ ਨੂੰ ਵੇਖਦੇ ਹੀ ਉਬਕਾਈਆਂ ਆਉਣੀਆਂ ਸ਼ੁਰੂ ਹੋ ਜਾਂਦੀਆਂ ਹਨ।
- ਪਿਸ਼ਾਬ ਹਲਦੀ ਵਰਗਾ ਪੀਲਾ ਆਉਣਾ, ਚਮੜੀ ਤੇ ਅੱਖਾਂ ਦਾ ਚਿੱਟਾ ਭਾਗ ਪੀਲਾ ਹੋ ਜਾਂਦਾ ਹੈ।
- ਸਰੀਰ ਦਾ ਸੁਸਤ ਹੋਣਾ, ਥਕਾਵਟ ਤੇ ਕੰਮ ਨੂੰ ਮਨ ਨਾ ਕਰਨਾ।
- ਜ਼ਿਗਰ ਤੇ ਤਿੱਲੀ ਦੇ ਆਕਾਰ ਦਾ ਵਧ ਜਾਣਾ।
- ਨਹੁਆਂ ਦਾ ਰੰਗ ਸਫ਼ੈਦ ਤੋ ਪੀਲਾ ਹੋ ਜਾਣਾ
- ਪੇਟ ’ਚ ਦਰਦ ਰਹਿਣਾ।
- ਪਾਖ਼ਾਨਾ ਚਿੱਟਾ ਤੇ ਪਿਸ਼ਾਬ ਦਾ ਪੀਲਾ ਹੋ ਜਾਣਾ।
- ਖ਼ੂਨ ਦੀ ਕਮੀ (ਅਨੀਮੀਆ), ਚਮੜੀ ਤੇ ਜੋੜਾਂ ਦੀਆਂ ਤਕਲੀਫ਼ਾਂ ਦਾ ਹੋਣਾ।
- ਭਾਰ ਘਟ ਜਾਣਾ, ਪੇਟ ਵਿਚ ਪਾਣੀ ਭਰ ਜਾਣਾ ਤੇ ਖ਼ੂਨ ਦੀਆਂ ਉਲਟੀਆਂ, ਜ਼ਿਗਰ ਦਾ ਸਿਰੋਸਿਸ ਹੋ ਜਾਣਾ ਆਦਿ ਲੱਛਣ ਘਾਤਕ ਹੋ ਸਕਦੇ ਹਨ।

### ਵਿਸ਼ੇਸ਼ ਗੱਲ

- ਬਿਮਾਰੀ ਦੇ ਲੱਛਣ ਨੋਟ ਕਰਨ ਤੋਂ ਇਲਾਵਾ ਡਾਕਟਰ ਇਹ ਵੀ ਜਾਂਚ ਕਰੇ ਕਿ ਮਰੀਜ਼ ਨੂੰ ਕਿਸ ਕਿਸਮ ਦਾ ਪੀਲੀਆ ਹੈ। ਜਿਵੇਂ ਕਿ ਏ, ਬੀ, ਸੀ, ਡੀ ਤੇ ਈ।
- ਪੀਲੀਏ ਦੀ ਬਿਮਾਰੀ ਹੱਥ-ਹੌਲਾ ਜਾਂ ਫਾਂਡਾ ਕਰਵਾਉਣ, ਪੀਲਾ ਕਪੜਾ ਪਾਉਣ, ਧਾਗਾ-ਤਵੀਤ ਕਰਵਾਉਣ ਨਾਲ ਠੀਕ ਨਹੀਂ ਹੁੰਦੀ। ਅਜਿਹੇ ਵਹਿਮ ਘਾਤਕ ਹੋ ਸਕਦੇ ਹਨ।
- ਪੀਲੀਆ ਹੋਣ ’ਤੇ ਪੇਟ ਦੇ ਮਾਹਿਰ ਡਾਕਟਰ ਨੂੰ ਦਿਖਾਓ, ਜਿਸ ਨੂੰ ਮੈਡੀਕਲ ਭਾਸ਼ਾ ਵਿਚ ਗੈਸਟਰੋਲੋਜੀ ਦੇ ਡਾਕਟਰ ਵੀ ਕਹਿੰਦੇ ਹਨ।
- ਫਲਾਂ ਦਾ ਰਸ, ਗੰਨੇ ਦਾ ਰਸ, ਗੁਲੂਕੋਜ਼ ਪੀਓ। - ਚਾਵਲ, ਚੀਨੀ, ਮੂਲੀ ਦੇ ਪੱਤੇ, ਪਪੀਤਾ, ਗੁੜ, ਚੀਕੂ, ਉੱਬਲੇ ਹੋਏ ਆਲੂ ਤੇ ਪੌਸ਼ਟਿਕ ਭੋਜਨ ਕਾਫੀ ਹੱਦ ਤੱਕ ਠੀਕ ਹਨ।
- ਆਪਣੀ ਸੋਚ ਨੂੰ ਪਾਜ਼ੇਟਿਵ ਰੱਖੋ ਕੇ ਬੁਰੇ ਖ਼ਿਆਲਾਂ ਤੋ ਬਚੋ।
- ਇਲਾਜ ਦੌਰਾਨ ਵਾਰ-ਵਾਰ ਡਾਕਟਰ ਨਾ ਬਦਲੋ।
- ਲੋਕਾਂ ਦੇ ਦੱਸੇ ਟੋਟਕਿਆਂ ’ਤੇ ਵਿਸ਼ਵਾਸ ਨਾ ਕਰੋ।

**ਮੋਬਾਈਲ** 97798-84393



# ਚਮਤਕਾਰੀ ਨੁਸਖਾ

ਨਿਰਮਲ ਸਿੰਘ ਕਾਹਲੋਂ

ਇਸ ਸਮੇਂ ਦੁਨੀਆ ਵਿਚ ਲਗਪਗ ਇਕ ਅਰਬ ਵਿਅਕਤੀ ਐਸੀਡਿਟੀ ਜਾਂ ਤੇਜ਼ਾਬੀ ਮਾਦੇ ਜਾਂ ਛਾਤੀ ਦੇ ਸਾੜ ਤੋਂ ਪੀੜਤ ਹਨ। ਇਸ ਰੋਗ ਦੇ ਵਧਣ ਨਾਲ ਮਿਹਦੇ ਵਿਚ ਫੋੜਾ (ਪੈਪਟਿਕ ਅਲਸਰ) ਵੀ ਹੋ ਸਕਦਾ ਹੈ।

ਖ਼ੂਨ ਵਿਚ ਚਰਬੀ ਦੇ ਵੀ ਦੁਨੀਆ ਵਿਚ ਬਹੁਤ ਰੋਗੀ ਹਨ। ਭਾਰਤ ਵਿਚ ਵੀ 27 ਫ਼ੀਸਦੀ ਲੋਕ ਖ਼ੂਨ ਵਿਚ ਚਰਬੀ ਤੋਂ ਪੀੜਤ ਹਨ। ਬਹੁਤ ਸਾਰੇ ਲੋਕਾਂ ਦੇ ਗੋਡੇ ਪੀੜ ਕਰਦੇ ਹਨ। ਦੁਨੀਆ ਦੀ ਕਿਸੇ ਵੀ ਇਲਾਜ ਪ੍ਰਣਾਲੀ ਵਿਚ ਇਨ੍ਹਾਂ ਰੋਗਾਂ ਦਾ ਸਸਤਾ ਤੇ ਪੱਕਾ ਇਲਾਜ ਨਹੀਂ ਹੈ।

ਇਨ੍ਹਾਂ ਰੋਗਾਂ ਨੂੰ ਚਮਤਕਾਰੀ ਨੁਸਖਾ ਠੀਕ ਕਰ ਦਿੰਦਾ ਹੈ। ਸਮੱਗਰੀ ਬੜੀ ਹੀ ਸਸਤੀ ਅਤੇ ਆਮ ਮਿਲ ਜਾਂਦੀ ਹੈ। ਦਵਾਈ ਬਣਾਉਣੀ ਵੀ ਬੜੀ ਆਸਾਨ ਹੈ। ਰੋਗੀ ਆਪਣੀ ਦਵਾਈ ਆਪ ਬਣਾ ਕੇ ਵਰਤ ਸਕਦਾ ਹੈ। ਰਾਜੀ ਹੋ ਕੇ ਹੋਰ ਰੋਗੀਆਂ ਨੂੰ ਵੀ ਰਾਜੀ ਕਰ ਸਕਦਾ ਹੈ। ਸਮੱਗਰੀ ਵਿਚ ਕਿਸੇ ਕਿਸਮ ਦਾ ਜ਼ਹਿਰੀਲਾ ਤੱਤ ਜਾਂ ਨਸ਼ੇ ਵਾਲਾ ਸਾਮਾਨ ਨਹੀਂ ਹੈ। ਸਰੀਰ ਉੱਤੇ ਦਵਾਈ ਦਾ ਕੋਈ ਸਾਈਡ-ਇਫੈਕਟ ਜਾਂ ਮਾੜਾ ਅਸਰ ਨਹੀਂ ਪੈਂਦਾ।

### ਸਮੱਗਰੀ

ਸੁੰਢ ਦਾ ਪਾਊਡਰ - 100 ਗ੍ਰਾਮ
ਮਿੱਠਾ ਸੋਡਾ - 100 ਗ੍ਰਾਮ
ਲੋਹ ਭਸਮ - 20 ਗ੍ਰਾਮ

**ਨੋਟ** : ਮੋਟੇ ਵਿਅਕਤੀ 150 ਗ੍ਰਾਮ ਮਿੱਠਾ ਸੋਡਾ ਪਾ ਸਕਦੇ ਹਨ। ਲਗਾਤਾਰ ਸੇਵਨ ਕਰਨ ਲਈ ਹਰ ਵਾਰ ਲੋਹ ਭਸਮ ਪਾਉਣ ਦੀ ਲੋੜ ਨਹੀਂ ਹੈ।

*ਭਾਰਤ ਵਿਚ ਵੀ 27 ਫ਼ੀਸਦੀ ਲੋਕ ਖ਼ੂਨ ਵਿਚ ਚਰਬੀ ਤੋਂ ਪੀੜਤ ਹਨ। ਬਹੁਤ ਸਾਰੇ ਲੋਕਾਂ ਦੇ ਗੋਡੇ ਪੀੜ ਕਰਦੇ ਹਨ। ਦੁਨੀਆ ਦੀ ਕਿਸੇ ਵੀ ਇਲਾਜ ਪ੍ਰਣਾਲੀ ਵਿਚ ਇਨ੍ਹਾਂ ਰੋਗਾਂ ਦਾ ਸਸਤਾ ਤੇ ਪੱਕਾ ਇਲਾਜ ਨਹੀਂ ਹੈ। ਇਨ੍ਹਾਂ ਰੋਗਾਂ ਨੂੰ ਇਹ ਚਮਤਕਾਰੀ ਨੁਸਖਾ ਠੀਕ ਕਰ ਦਿੰਦਾ ਹੈ...*

### ਤੇਜ਼ਾਬੀ ਮਾਦਾ

***ਮਿਹਦੇ ਵਿਚ ਤੇਜ਼ਾਬੀ ਮਾਦੇ ਦਾ ਵਾਧਾ ਹੋਣ ਕਾਰਨ ਕਾਲਜੇ ਵਿਚ ਸਾੜ ਪੈਂਦਾ ਹੈ ਤੇ ਸੋਡਾ ਤੇਜ਼ਾਬੀ ਮਾਦੇ ਨੂੰ ਖਤਮ ਕਰਦਾ ਹੈ। ਦੁਨੀਆ ਵਿਚ ਇਕ ਅਰਬ ਤੋਂ ਵੱਧ ਲੋਕ ਇਸ ਰੋਗ ਤੋਂ ਪੀੜਤ ਹਨ। ਪ੍ਰਚਲਿਤ ਦਵਾਈ ਖਾਣ ਨਾਲ ਦਿਲ ਦੇ ਰੋਗ ਲੱਗ ਸਕਦੇ ਹਨ। ਸਵੇਰੇ ਦਾਤਣ ਕਰ ਕੇ 3-4 ਗਲਾਸ ਪਾਣੀ ਪੀ ਕੇ ਸੰਘ ਵਿਚ ਦਾਤਣ ਕਰੋ, ਉਲਟੀ ਆਏ ਗੀ। ਉਲਟੀ ਨਾਲ ਤੇਜ਼ਾਬੀ ਮਾਦਾ ਮਿਹਦੇ ’ਚੋਂ ਬਾਹਰ ਨਿਕਲੇਗਾ ਤੇ ਕਾਲਜੇ ਦੇ ਸਾੜ ਤੋਂ ਰਾਹਤ ਮਿਲੇਗੀ। ਇਸ ਔਸ਼ਧੀ ਨੂੰ ਰੋਜ਼ਾਨਾ ਸੇਵਨ ਕਰਨ ਨਾਲ 3-4 ਮਹੀਨੇ ਵਿਚ ਹੀ ਕਾਲਜੇ ਦਾ ਸਾੜ ਖਤਮ ਹੋ ਕੇ ਹਾਜ਼ਮਾ ਵੀ ਠੀਕ ਹੋ ਜਾਂਦਾ ਹੈ।***

### ਦਵਾਈ ਦੀ ਖ਼ੁਰਾਕ

ਸਮੱਗਰੀ ਨੂੰ ਆਪੋ ਵਿਚ ਮਿਲਾ ਕੇ ਇਕ ਗ੍ਰਾਮ ਦੇ ਕੈਪਸੂਲਾਂ ਵਿਚ ਭਰ ਲਵੋ। ਇਸ ਦੀ ਇਕ ਖ਼ੁਰਾਕ ਦੋ ਗ੍ਰਾਮ ਹੈ ਅਤੇ ਇਕ ਦਿਨ ਵਿਚ ਦੋ ਵਾਰ ਖਾਣੀ ਹੈ। ਕਮਜ਼ੋਰ ਵਿਅਕਤੀ ਲਈ ਇਕ ਗ੍ਰਾਮ ਦੀ ਇਕ ਖ਼ੁਰਾਕ ਕਾਫ਼ੀ ਹੈ। ਰੋਜ਼ਾਨਾ ਸਵੇਰੇ ਇਕ ਖ਼ੁਰਾਕ ਇਕ ਗਿਲਾਸ ਪਾਣੀ ਨਾਲ ਖਾ ਕੇ 2 ਤੋਂ 3 ਘੰਟੇ ਵਿਚ ਨਾਸ਼ਤਾ ਕਰੋ। ਰਾਤ ਦੀ ਰੋਟੀ ਖਾਣ ਤੋਂ ਦੋ ਘੰਟੇ ਪਹਿਲਾਂ ਜਾਂ ਦੋ ਘੰਟੇ ਬਾਅਦ ਪਾਣੀ ਜਾਂ ਦੁਧ ਨਾਲ ਦਵਾਈ ਦਾ ਸੇਵਨ ਕਰੋ।

### ਖ਼ੂਨ ਵਿਚ ਚਰਬੀ

***ਰੋਜ਼ਾਨਾ ਇਸ ਦਵਾਈ ਦਾ ਸੇਵਨ ਕਰਨ ਨਾਲ ਖ਼ੂਨ ਵਿੱਚੋਂ ਚਰਬੀ ਘਟਦੀ ਹੈ। ਖ਼ੂਨ ਦੀਆਂ ਨਾੜਾਂ ਵਿਚ ਜੰਮੀ ਚਰਬੀ ਜਾਂ ਗੰਦਗੀ ਖਤਮ ਹੁੰਦੀ ਹੈ ਤੇ ਖ਼ੂਨ ਦੀਆਂ ਸਖ਼ਤ ਨਾੜੀਆਂ ਲਚਕਦਾਰ ਹੋ ਕੇ ਖ਼ੂਨ ਦੇ ਸੰਚਾਰ ਨੂੰ ਠੀਕ ਰੱਖਦੀਆਂ ਹਨ। ਖ਼ੂਨ ਵਿੱਚੋਂ ਚਰਬੀ ਘੱਟ ਹੋਣ ਕਾਰਨ ਹਾਈ ਬਲੱਡ ਪ੍ਰੈਸ਼ਰ ਨਾਰਮਲ ਹੋ ਜਾਂਦਾ ਹੈ।***

ਸੁੰਢ ਅੱਧਰਕ ਤੋਂ ਬਣਦੀ ਹੈ ਤੇ ਮਿੱਠਾ ਸੋਡਾ ਹਾਜ਼ਮੇ ਨੂੰ ਠੀਕ ਕਰਦਾ ਹੈ। ਇਹ ਖੋਜ਼ ਮੇਰੀ ਧਰਮ ਪਤਨੀ ਕੁਲਦੀਪ ਕੌਰ ਦੀ ਹੈ ਅਤੇ ਲੋਹ ਭਸਮ ਮੈਂ (ਲੇਖਕ) ਨੇ ਪਾਈ ਹੈ। ਇਸ ਨੂੰ ਤੰਦਰੁਸਤ ਵਿਅਕਤੀ ਵੀ ਇਸਤੇਮਾਲ ਕਰ ਸਕਦਾ ਹੈ ਤੇ ਰੋਗੀ ਵੀ।

### ਦਵਾਈ ਖਾਣ ਦਾ ਤਰੀਕਾ

ਦਵਾਈ ਦੀ ਇਕ ਖ਼ੁਰਾਕ 2 ਗ੍ਰਾਮ ਹੈ ਅਤੇ ਇਸ ਨੂੰ ਇਕ ਦਿਨ ਵਿਚ ਦੋ ਵਾਰੀ ਸੇਵਨ ਕਰਨਾ ਚਾਹੀਦਾ ਹੈ। ਸਵੇਰੇ ਨਿਰਨੇ-ਕਾਲਜੇ ਇਕ ਖ਼ੁਰਾਕ ਇਕ ਗਿਲਾਸ ਪਾਣੀ ਨਾਲ ਸੇਵਨ ਕਰੋ ਤੇ ਇਸ ਦੇ 2-3 ਘੰਟੇ ਬਾਅਦ ਪ੍ਰਸਾਦਾ ਸੇਵਨ ਕਰੋ। ਰਾਤ ਨੂੰ ਇਕ ਖ਼ੁਰਾਕ ਪ੍ਰਸਾਦਾ ਸੇਵਨ ਕਰਨ ਤੋਂ ਦੋ ਘੰਟੇ ਪਹਿਲਾਂ ਜਾਂ ਦੋ ਘੰਟੇ ਬਾਅਦ ਇਕ ਗਲਾਸ ਪਾਣੀ ਨਾਲ ਸੇਵਨ ਕਰੋ। ਦਵਾਈ ਨੂੰ ਰੋਜ਼ ਸੇਵਨ ਕਰਨ ਨਾਲ 3-4 ਮਹੀਨੇ ਵਿਚ ਹੇਠ ਲਿਖੇ ਰੋਗ ਠੀਕ ਹੁੰਦੇ ਹਨ :

### ਗੋਡਿਆਂ ਦਾ ਦਰਦ

ਹਰ ਰੋਜ਼ ਚਾਹ ਪੀਣ ਕਾਰਨ ਸਮਾਂ ਪਾ ਕੇ ਵਿਅਕਤੀ ਦੇ ਗੋਡੇ ਪੀੜ ਕਰਦੇ ਹਨ। ਇਸ ਦਵਾਈ ਨੂੰ ਹਰ ਰੋਜ਼ ਸੇਵਨ ਕਰਨ ਨਾਲ 3-4 ਮਹੀਨੇ ਵਿਚ ਗੋਡਿਆਂ ਦਾ ਦਰਦ ਵੀ ਠੀਕ ਹੋ ਜਾਂਦਾ ਹੈ। ਲੋਹ ਭਸਮ ਦੀ ਤਾਸੀਰ ਠੰਡੀ ਹੁੰਦੀ ਹੈ ਤੇ ਇਹ ਨਵਾਂ ਖ਼ੂਨ ਪੈਦਾ ਕਰਦੀ ਹੈ, ਇਸ ਕਰਕੇ ਤਾ-ਭੁਸ ਦਾ ਰੋਗੀ ਵੀ ਠੀਕ ਹੋ ਜਾਂਦਾ ਹੈ ਤੇ ਉਸ ਦੇ ਸਰੀਰ ਵਿਚ ਨਵਾਂ ਖ਼ੂਨ ਵੀ ਪੈਦਾ ਹੁੰਦਾ ਹੈ। ਇਸ ਨਾਲ ਰੋਗ ਵੀ ਦੂਰ ਹੋਵੇਗਾ ਤੇ ਸਰੀਰ ’ਚ ਤਾਕਤ ਵੀ ਆਉਂਦੀ ਹੈ। ਰੋਗੀ ਨੂੰ ਦੁੱਧ, ਘਿਓ, ਦਹੀਂ ਤੇ ਦਹੀਂ ਦੀ ਲੱਸੀ ਵੀ ਸੇਵਨ ਕਰਨੀ ਚਾਹੀਦੀ ਹੈ।

ਜਿਸ ਦਾ ਰੋਗ ਬੜਾ ਪੁਰਾਣਾ ਹੈ, ਜਾਂ ਜਿਸ ਨੇ ਬਦਪ੍ਰਹੇਜ਼ੀ ਕਰਕੇ ਰੋਗ ਵਧਾ ਲਿਆ ਹੈ, ਉਸ ਨੂੰ ਰਾਜ਼ੀ ਹੋਣ ਵਿਚ ਵੱਧ ਸਮਾਂ ਲੱਗ ਸਕਦਾ ਹੈ। ਇਲਾਜ ਕਰਦੇ ਸਮੇਂ ਤੇ ਰਾਜ਼ੀ ਹੋ ਕੇ ਵੀ ਖਾਣ-ਪੀਣ ਦਾ ਪ੍ਰਹੇਜ਼ ਬੜਾ ਜ਼ਰੂਰੀ ਹੈ। ਮਾਸ, ਸ਼ਰਾਬ, ਹਰ ਪ੍ਰਕਾਰ ਦੇ ਨਸ਼ੇ ਚਾਹ ਤੇ ਕੌਫੀ ਕੁਦਰਤੀ ਭੋਜਨ ਨਹੀਂ ਹਨ। ਇਨ੍ਹਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ।

**ਮੋਬਾਈਲ** - 88729-46618

# ਹਰਜੋਤ ਸਿੰਘ ਬੈਂਸ ਨੇ ਸਥਾਨਕ ਸਰਕਾਰਾਂ ਮੰਤਰੀ ਵਜੋਂ ਅਹੁਦਾ ਸੰਭਾਲਿਆ

**ਚੰਡੀਗੜ੍ਹ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਇੱਥੇ ਮਿਊਂਸੀਪਲ ਭਵਨ ਵਿਖੇ ਸਥਾਨਕ ਸਰਕਾਰਾਂ ਵਿਭਾਗ ਦਾ ਕਾਰਜ ਭਾਰ ਸੰਭਾਲ ਲਿਆ ਹੈ। ਜ਼ਿਕਰਯੋਗ ਹੈ ਕਿ ਸਕੂਲ ਸਿੱਖਿਆ, ਉਚੇਰੀ ਸਿੱਖਿਆ ਅਤੇ ਭਾਸ਼ਾਵਾਂ, ਤਕਨੀਕੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੀ ਅਗਵਾਈ ਕਰ ਰਹੇ ਨੌਜਵਾਨ ਮੰਤਰੀ ਦਾ ਸਥਾਨਕ ਸਰਕਾਰਾਂ ਦੇ ਪ੍ਰਬੰਧਕੀ ਸਕੱਤਰ ਸ੍ਰੀ ਮਨਜੀਤ ਸਿੰਘ ਬਰਾੜ, ਵਿਸ਼ੇਸ਼ ਸਕੱਤਰ ਸ੍ਰੀਮਤੀ ਦੀਪਤੀ ਉੱਪਲ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀਆਂ ਨੇ ਨਿੱਘਾ ਸਵਾਗਤ ਕੀਤਾ।



ਅਹੁਦਾ ਸੰਭਾਲਣ ਉਪਰੰਤ ਸ. ਬੈਂਸ ਨੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਦਾ ਉਨ੍ਹਾਂ ਵਿੱਚ ਵਿਸ਼ਵਾਸ ਜਤਾਉਣ ਲਈ ਧੰਨਵਾਦ ਕੀਤਾ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।

ਉਨ੍ਹਾਂ ਨੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਚੱਲ ਰਹੇ ਪ੍ਰਾਜੈਕਟਾਂ ਦੀ ਸਮੀਖਿਆ ਕਰਨ ਲਈ ਮੀਟਿੰਗ ਬੁਲਾਈ ਅਤੇ ਉਨ੍ਹਾਂ ਨੂੰ ਰਹਿੰਦ-ਖੂੰਹਦ ਪ੍ਰਬੰਧਨ, ਬੁਨਿਆਦੀ ਢਾਂਚੇ ਦੇ ਨਵੀਨੀਕਰਨ ਅਤੇ ਨਾਗਰਿਕ-ਕੇਂਦ੍ਰਿਤ ਸੇਵਾਵਾਂ ਪ੍ਰਦਾਨ ਕਰਨ ਵਾਲੇ ਪ੍ਰਾਜੈਕਟਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ, ÷ਸਾਡੇ ਸ਼ਹਿਰੀ ਕੇਂਦਰ ਪੰਜਾਬ ਦੇ ਭਵਿੱਖ ਦਾ ਧੁਰਾ ਹਨ। ਸਿੱਖਿਆ ਖੇਤਰ ਦੀ ਤਰ੍ਹਾਂ ਸਥਾਨਕ ਸਰਕਾਰਾਂ ਵਿਭਾਗ ਵਿੱਚ ਵੀ ਪੂਰੀ ਪਾਰਦਰਸ਼ਤਾ ਅਤੇ ਕੁਸ਼ਲਤਾ ਯਕੀਨੀ ਬਣਾਉਣ ਨੂੰ ਤਰਜੀਹ ਦਿੱਤੀ ਜਾਵੇਗੀ।

# ਪੰਜਾਬ ਦੇ ਕਿਸਾਨਾਂ ਲਈ ਖੁਸ਼ਖਬਰੀ, ਭਗਵੰਤ ਮਾਨ ਸਰਕਾਰ ਸੂਬੇ ਵਿੱਚ ਖਾਦਾਂ ਦੀ ਕੋਈ ਕਮੀ ਨਹੀਂ ਆਉਣ ਦੇਵੇਗੀ

**ਨਵੀਂ ਦਿੱਲੀ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨਾਲ ਮੁਲਾਕਾਤ ਕੀਤੀ ਅਤੇ ਅਗਾਮੀ ਸਾਉਣੀ ਸੀਜ਼ਨ ਦੌਰਾਨ ਪੰਜਾਬ ਵਿੱਚ ਸੁਚਾਰੂ ਖਰੀਦ ਅਤੇ ਲਿਫਟਿੰਗ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਝੋਨੇ ਦੇ ਕੁਝ ਹਾਈਬ੍ਰਿਡ ਬੀਜਾਂ ਦੇ ਨੋਟੀਫਿਕੇਸ਼ਨ ਰੱਦ ਕਰਨ ਲਈ ਉਨ੍ਹਾਂ ਦੇ ਦਖਲ ਦੀ ਮੰਗ ਕੀਤੀ ਅਤੇ ਨਾਲ ਹੀ ਕੇਂਦਰ ਅੱਗੇ ਸੂਬੇ ਦੇ ਕਿਸਾਨਾਂ ਨਾਲ ਸਬੰਧਤ ਕਈ ਅਹਿਮ ਮੁੱਦੇ ਉਠਾਏ।

ਦਿੱਲੀ ਵਿੱਚ ਹੋਈ ਅਹਿਮ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨਿਰਵਿਘਨ ਖਾਦ ਸਪਲਾਈ ਅਤੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਦਾ ਭਰੋਸਾ ਦਿੰਦਿਆਂ ਕੇਂਦਰੀ ਬੀਜ ਕਮੇਟੀ ਵਿੱਚ ਪੰਜਾਬ ਦੀ ਪ੍ਰਤੀਨਿਧਤਾ ਦੀ ਮੰਗ ਕੀਤੀ ਅਤੇ 2026-27 ਲਈ ਕਣਕ ਦੇ ਬੀਜ ਸਬਸਿਡੀ ਅਲਾਟ ਕਰਨ @ਤੇ ਜ਼ੋਰ ਦਿੱਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿ ਪੰਜਾਬ ਦੇ ਕਿਸਾਨਾਂ ਨੇ ਕੇਂਦਰ ਦੇ 125 ਲੱਖ ਮੀਟ੍ਰਿਕ ਟਨ ਕਣਕ ਉਤਪਾਦਨ ਦੇ ਟੀਚੇ ਨੂੰ ਸਫਲਤਾਪੂਰਵਕ ਹਾਸਲ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੁਣ ਮੱਕੀ, ਦਾਲਾਂ, ਤੇਲ ਵਾਲੇ ਬੀਜ, ਸੂਰਜਮੁਖੀ ਅਤੇ ਬਾਜਰੇ ਰਾਹੀਂ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਝੋਨੇ ਦੀ ਕਾਸ਼ਤ @ਤੇ ਨਿਰਭਰਤਾ ਘਟਾਈ ਜਾ ਸਕੇ, ਤੇਜ਼ੀ ਨਾਲ ਘੱਟ ਰਹੇ ਧਰਤੀ ਹੇਠਲੇ ਪਾਣੀ ਦੇ ਭੰਡਾਰਾਂ ਨੂੰ ਬਚਾਇਆ ਜਾ ਸਕੇ ਅਤੇ ਪੰਜਾਬ ਨੂੰ ਸੂਬੇ ਦੇ ਖੇਤੀਬਾੜੀ ਭਵਿੱਖ ਲਈ ਖ਼ਤਰਾ ਬਣੇ ਡਾਰਕ ਜ਼ੋਨ ਸੰਕਟ ਵਿੱਚੋਂ ਬਾਹਰ ਕੱਢਿਆ ਜਾ ਸਕੇ।

ਕੇਂਦਰੀ ਖੇਤੀਬਾੜੀ ਮੰਤਰੀ ਨਾਲ ਮੁਲਾਕਾਤ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਸਤਾਵਿਤ ਬੀਜ ਬਿੱਲ-2025 ਅਧੀਨ ਕੇਂਦਰੀ ਬੀਜ ਕਮੇਟੀ ਵਿੱਚ ਪੰਜਾਬ ਦੀ ਪ੍ਰਤੀਨਿਧਤਾ ਦੀ ਜ਼ੋਰਦਾਰ ਵਕਾਲਤ ਕੀਤੀ ਅਤੇ ਸੂਬੇ ਵਿੱਚ ਫਸਲੀ ਵਿਭਿੰਨਤਾ ਅਤੇ ਖੇਤੀਬਾੜੀ ਸੁਧਾਰਾਂ ਲਈ ਕੇਂਦਰ ਤੋਂ ਵਧੇਰੇ ਸਮਰਥਨ ਦੀ ਮੰਗ ਕੀਤੀ।

ਮੁੱਖ ਮੰਤਰੀ ਨੇ ਸ਼ਿਵਰਾਜ ਸਿੰਘ ਚੌਹਾਨ ਨੂੰ ਦੱਸਿਆ ਕਿ ਭਾਵੇਂ ਪੰਜਾਬ ਦੇਸ਼ ਦੀ ਆਬਾਦੀ ਦਾ ਮਹਿਜ਼ 2 ਫ਼ੀਸਦ ਹੈ ਪਰ ਦੇਸ਼ ਦੇ ਅੰਨ ਭੰਡਾਰ ਵਿੱਚ ਇਹ ਸਾਲਾਨਾ ਲਗਭਗ 185 ਲੱਖ ਮੀਟਰਕ ਟਨ ਚੌਲ ਅਤੇ 125 ਲੱਖ ਮੀਟਰਕ ਟਨ ਕਣਕ ਦਾ ਯੋਗਦਾਨ ਪਾਉਂਦਾ ਹੈ, ਜਿਸ ਕਾਰਨ ਪੰਜਾਬ ਨੂੰ ਦੇਸ਼ ਦਾ ਅੰਨਦਾਤਾ ਕਿਹਾ ਜਾਂਦਾ ਹੈ। ਸਾਉਣੀ ਅਤੇ ਹਾੜੀ ਦੋਵਾਂ ਫਸਲਾਂ ਲਈ ਨਿਰਵਿਘਨ ਸਪਲਾਈ ਦੀ ਮਹੱਤਤਾ @ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ ਦੀ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਹ ਬੇਹੱਦ ਜ਼ਰੂਰੀ ਹੈ।

ਬੀਜ ਬਿੱਲ-2025 ਦਾ ਮੁੱਦਾ ਉਠਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਖੇਤੀਬਾੜੀ ਪ੍ਰਧਾਨ ਸੂਬਾ ਹੋਣ ਦੇ ਨਾਤੇ, ਪੰਜਾਬ ਕੌਮੀ ਖੁਰਾਕ ਪੂਲ ਵਿੱਚ ਵੱਡਾ ਯੋਗਦਾਨ ਪਾਉਂਦਾ ਹੈ, ਇਸ ਲਈ ਕੇਂਦਰੀ ਬੀਜ ਕਮੇਟੀ ਵਿੱਚ ਇਸ ਦੀ ਢੁਕਵੀਂ ਪ੍ਰਤੀਨਿਧਤਾ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਿਸਾਨਾਂ ਦੇ ਹਿੱਤਾਂ ਅਤੇ ਖੇਤੀਬਾੜੀ ਖੇਤਰ ਦੀ ਰਾਖੀ ਲਈ ਸੂਬਾ ਪੱਧਰੀ ਬੀਜ ਕਮੇਟੀ ਦੀ ਮੌਜੂਦਾ ਭੂਮਿਕਾ ਅਤੇ ਸ਼ਕਤੀਆਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਜਾਣਾ ਚਾਹੀਦਾ।

ਹਾਈਬ੍ਰਿਡ ਝੋਨੇ ਦੇ ਬੀਜਾਂ @ਤੇ ਚਿੰਤਾਵਾਂ ਜ਼ਾਹਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ, ਝੋਨੇ ਦੇ ਕੁਝ ਹਾਈਬ੍ਰਿਡ ਬੀਜਾਂ ਵਿੱਚ



ਮਿਲਿੰਗ ਦੌਰਾਨ ਦਾਣਾ ਟੁੱਟਣ ਦੀ ਉੱਚ ਦਰ ਦੇਖੀ ਗਈ ਹੈ ਅਤੇ ਸਿਫ਼ਾਰਸ਼ ਕੀਤੀਆਂ ਕਿਸਮਾਂ ਦੇ ਮੁਕਾਬਲੇ ਹੈੱਡ ਰਾਈਸ ਰਿਕਵਰੀ ਵੀ ਘੱਟ ਪਾਈ ਗਈ ਹੈ। ਅਜਿਹੀ ਉਪਜ ਭਾਰਤੀ ਖੁਰਾਕ ਨਿਗਮ ਵੱਲੋਂ ਨਿਰਧਾਰਤ ਗੁਣਵੱਤਾ ਮਾਪਦੰਡਾਂ ਦੇ ਅਨੁਕੂਲ ਨਹੀਂ ਹੈ ਜਿਸ ਕਾਰਨ ਖਰੀਦ ਦੌਰਾਨ ਕਿਸਾਨਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਆਗਾਮੀ ਸਾਉਣੀ ਸੀਜ਼ਨ-2026 ਦੇ ਮੱਦੇਨਜ਼ਰ, ਪੰਜਾਬ ਵਿੱਚ ਇਨ੍ਹਾਂ ਹਾਈਬ੍ਰਿਡ ਝੋਨੇ ਦੇ ਬੀਜਾਂ ਵਿੱਚੋਂ ਕੁਝ ਬੀਜਾਂ ਦਾ ਨੋਟੀਫੀਕੇਸ਼ਨ ਰੱਦ ਕਰਨ ਲਈ ਪਹਿਲ ਦੇ ਆਧਾਰ @ਤੇ ਲੋੜੀਂਦੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਕਿਸਾਨ ਭਾਈਚਾਰੇ ਦੇ ਵਡੇਰੇ ਹਿੱਤ ਵਿੱਚ ਸੁਚਾਰੂ ਖਰੀਦ ਅਤੇ ਲਿਫਟਿੰਗ ਕਾਰਜਾਂ ਨੂੰ ਯਕੀਨੀ ਬਣਾਇਆ ਜਾ ਸਕੇ।

ਪੰਜਾਬ ਵੱਲੋਂ ਉਠਾਏ ਗਏ ਮੁੱਦਿਆਂ ਦੇ ਜਵਾਬ ਵਿੱਚ, ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਮੁੱਖ ਮੰਤਰੀ ਨੂੰ ਭਰੋਸਾ ਦਿੱਤਾ ਕਿ ਹਾਈਬ੍ਰਿਡ ਝੋਨੇ ਦੇ ਬੀਜਾਂ ਦੇ ਮੁੱਦੇ ਦੀ ਜਾਂਚ ਕਰਨ ਅਤੇ ਸੂਬੇ ਵਿੱਚ ਸੁਚਾਰੂ ਖਰੀਦ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਇੱਕ ਵਿਸ਼ੇਸ਼ ਕਮੇਟੀ ਬਣਾਈ ਜਾਵੇਗੀ।

ਇੱਕ ਹੋਰ ਅਹਿਮ ਮੁੱਦੇ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਕਣਕ ਦੇ ਝਾੜ ਨੂੰ ਬਰਕਰਾਰ ਰੱਖਣ ਲਈ ਸਾਲਾਨਾ ਲਗਭਗ 33 ਫ਼ੀਸਦ ਕਣਕ ਦੇ ਬੀਜ ਨੂੰ ਬਦਲਣ ਦੀ ਲੋੜ ਹੁੰਦੀ ਹੈ। ਪੰਜਾਬ ਵਿੱਚ ਖੇਤੀਬਾੜੀ ਉਤਪਾਦਕਤਾ ਨੂੰ ਬਿਹਤਰ ਬਣਾਉਣ ਲਈ ਬੀਜ ਬਦਲਣ ਦੀ ਦਰ ਨੂੰ ਵਧਾਉਣਾ ਸਮੇਂ ਦੀ ਲੋੜ ਹੈ।

ਕੇਂਦਰ ਤੋਂ ਸਹਾਇਤਾ ਦੀ ਮੰਗ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਿਵਰਾਜ ਸਿੰਘ ਚੌਹਾਨ ਨੂੰ ਕ੍ਰਿਸ਼ੀ ਉੱਨਤੀ ਯੋਜਨਾ ਤਹਿਤ ਵਿੱਤੀ ਸਾਲ 2026-27 ਦੀ ਸਾਲਾਨਾ ਕਾਰਜ ਯੋਜਨਾ ਲਈ ਕਣਕ ਦੀ ਬੀਜ ਸਬਸਿਡੀ ਦੀ ਪ੍ਰਵਾਨਗੀ ਅਤੇ ਵੰਡ ਲਈ ਬੇਨਤੀ ਕੀਤੀ। ਮੁੱਖ ਮੰਤਰੀ ਨੇ ਕਿਹਾ, ਖੇਤੀਬਾੜੀ ਖੇਤਰ ਦੇ ਵਿਆਪਕ ਵਿਕਾਸ ਅਤੇ ਕਿਸਾਨਾਂ ਦੀ ਭਲਾਈ ਲਈ ਅਜਿਹਾ ਕਰਨਾ ਬੇਹੱਦ ਜ਼ਰੂਰੀ ਹੈ। ਇਹ ਵਿਗਿਆਨਕ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਵਿੱਚ ਮਦਦ ਕਰੇਗਾ ਜਿਸ ਨਾਲ ਉਤਪਾਦਕਤਾ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ।

ਮੁੱਖ ਮੰਤਰੀ ਨੇ ਕੇਂਦਰ ਸਰਕਾਰ ਤੋਂ ਪੰਜਾਬ ਵਿੱਚ ਫਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਲਈ ਪੂਰਨ ਸਹਿਯੋਗ ਦੀ ਮੰਗ ਕੀਤੀ ਤਾਂ ਜੋ ਕਿਸਾਨਾਂ ਨੂੰ ਹੌਲੀ-ਹੌਲੀ ਕਣਕ-ਝੋਨੇ ਦੇ ਚੱਕਰ ਵਿੱਚੋਂ ਬਾਹਰ ਕੱਢਿਆ ਜਾ ਸਕੇ। ਉਨ੍ਹਾਂ ਅੱਗੇ ਕਿਹਾ, ÷ਵਿਭਿੰਨਤਾ ਨਾ ਸਿਰਫ਼ ਪੇਂਡੂ ਆਰਥਿਕਤਾ ਨੂੰ ਮਜ਼ਬੂਤ ਕਰਨ ਸਗੋਂ ਪੰਜਾਬ ਵਿੱਚ ਤੇਜ਼ੀ ਨਾਲ ਘੱਟ ਰਹੇ ਭੂਮੀਗਤ ਪਾਣੀ ਦੇ ਭੰਡਾਰਾਂ ਨੂੰ ਬਚਾਉਣ ਲਈ ਵੀ ਜ਼ਰੂਰੀ ਹੈ।

ਭੂਮੀਗਤ ਪਾਣੀ ਦੀ ਚਿੰਤਾਜਨਕ ਸਥਿਤੀ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਪੰਜਾਬ ਦੇ ਕੁੱਲ 150 ਬਲਾਕਾਂ ਵਿੱਚੋਂ 117 ਬਲਾਕਾਂ ਵਿੱਚ ਭੂਮੀਗਤ ਪਾਣੀ ਦਾ ਪੱਧਰ ਪਹਿਲਾਂ ਹੀ ਡਾਰਕ ਜ਼ੋਨ ਵਿੱਚ ਦਾਖਲ ਹੋ ਚੁੱਕਾ ਹੈ।

ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਬਦਲਵੀਆਂ ਫਸਲਾਂ @ਤੇ ਵੀ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) ਲਾਗੂ ਕਰਨ ਦੀ ਅਪੀਲ ਕੀਤੀ ਤਾਂ ਜੋ ਕਿਸਾਨਾਂ ਨੂੰ ਫਸਲੀ ਵਿਭਿੰਨਤਾ ਲਈ ਉਤਸ਼ਾਹਿਤ ਕੀਤਾ ਜਾ ਸਕੇ, ਕਿਸਾਨਾਂ ਲਈ ਬਿਹਤਰ ਆਮਦਨ ਯਕੀਨੀ ਬਣਾਈ ਜਾ ਸਕੇ ਅਤੇ ਸੂਬੇ ਦੇ ਜਲ ਸਰੋਤਾਂ ਦੀ ਸੰਭਾਲ ਕੀਤੀ ਜਾ ਸਕੇ।

# ਮੁੱਖ ਮੰਤਰੀ ਸਿਹਤ ਯੋਜਨਾ ਤੇ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਰਜਿਸਟ੍ਰੇਸ਼ਨ 'ਚ ਤੇਜ਼ੀ ਲਿਆਂਦੀ ਜਾਵੇ : ਡਿਪਟੀ ਕਮਿਸ਼ਨਰ



**ਜਲੰਧਰ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਅੱਜ ਸਿਹਤ ਵਿਭਾਗ ਅਤੇ ਸਮਾਜਿਕ ਸੁਰੱਖਿਆ ਵਿਭਾਗ ਨੂੰ ਪੰਜਾਬ ਸਰਕਾਰ ਦੀ ਪ੍ਰਮੁੱਖ ਮੁੱਖ ਮੰਤਰੀ ਸਿਹਤ ਯੋਜਨਾ ਅਤੇ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਰਜਿਸਟ੍ਰੇਸ਼ਨ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਜ਼ਿਲ੍ਹੇ ਦਾ ਹਰੇਕ ਯੋਗ ਨਿਵਾਸੀ ਇਨ੍ਹਾਂ ਸਕੀਮਾਂ ਦਾ ਲਾਭ ਲੈ ਸਕੇ। ਉਨ੍ਹਾਂ ਕਿਹਾ ਕਿ ਸਿਹਤ ਯੋਜਨਾ ਤਹਿਤ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਡਾਕਟਰੀ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ।

ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਯੋਜਨਾ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਇਸ ਗੱਲ @ਤੇ ਜ਼ੋਰ ਦਿੱਤਾ ਕਿ ਕੋਈ ਵੀ ਯੋਗ ਲਾਭਪਾਤਰੀ ਸੂਬਾ ਸਰਕਾਰ ਵੱਲੋਂ ਪ੍ਰਦਾਨ ਕੀਤੇ ਜਾ ਰਹੇ ਸਿਹਤ ਸੁਰੱਖਿਆ ਕਵਰ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਅਧਿਕਾਰੀਆਂ ਨੂੰ ਜ਼ਮੀਨੀ ਪੱਧਰ @ਤੇ ਜਾਗਰੂਕਤਾ ਮੁਹਿੰਮਾਂ ਨੂੰ ਹੋਰ ਤੇਜ਼ ਕਰਨ ਅਤੇ ਵਿਸ਼ੇਸ਼ ਰਜਿਸਟ੍ਰੇਸ਼ਨ ਅਭਿਆਨ ਚਲਾਉਣ ਲਈ ਕਿਹਾ ਤਾਂ ਜੋ ਯੋਜਨਾ ਵਿੱਚ ਵਿਆਪਕ ਜਨਤਕ ਭਾਗੀਦਾਰੀ ਯਕੀਨੀ ਬਣਾਈ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਪਰਿਵਾਰਾਂ ਨੂੰ ਮਹਿੰਗੇ ਡਾਕਟਰੀ ਇਲਾਜ ਤੋਂ ਵਿੱਤੀ ਸੁਰੱਖਿਆ ਪ੍ਰਦਾਨ ਕਰਨਾ ਅਤੇ ਸਮਾਜ ਦੇ ਸਾਰੇ ਵਰਗਾਂ ਲਈ ਪਹੁੰਚਯੋਗ ਸਿਹਤ ਸੰਭਾਲ ਸਹੂਲਤਾਂ ਯਕੀਨੀ ਬਣਾਉਣਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਹੋਰ ਕੈਂਪ ਲਗਾਉਣ ਅਤੇ ਕਾਮਨ ਸਰਵਿਸ ਸੈਂਟਰਾਂ, ਸੇਵਾ ਕੇਂਦਰਾਂ ਅਤੇ ਨਿਰਧਾਰਤ ਕੈਂਪਾਂ ਰਾਹੀਂ ਸੁਚਾਰੂ ਰਜਿਸਟ੍ਰੇਸ਼ਨ ਸਹੂਲਤਾਂ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਸ਼੍ਰੀ ਵਾਲੀਆ ਨੇ ਲੋਕ-ਪੱਖੀ ਯੋਜਨਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਸਿਹਤ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਅਤੇ ਫੀਲਡ ਵਿੱਚ ਕੰਮ ਕਰ ਰਹੇ ਅਧਿਕਾਰੀਆਂ/ਕਰਮਚਾਰੀਆਂ ਵਿਚਕਾਰ ਬਿਹਤਰ ਤਾਲਮੇਲ ਦੀ ਲੋੜ @ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਵਸਨੀਕਾਂ ਨੂੰ ਆਪਣੇ ਪਰਿਵਾਰਾਂ ਲਈ ਸਿਹਤ ਕਵਰ ਪ੍ਰਾਪਤ ਕਰਨ ਲਈ ਬਿਨਾਂ ਕਿਸੇ ਦੇਰੀ ਦੇ ਆਪਣੀ ਰਜਿਸਟ੍ਰੇਸ਼ਨ ਪੂਰੀ ਕਰਨ ਦੀ ਅਪੀਲ ਕੀਤੀ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਹੋਈ ਪ੍ਰਗਤੀ ਦਾ ਵੀ ਜਾਇਜ਼ਾ ਲਿਆ, ਜਿਸਦਾ ਉਦੇਸ਼ ਅਨੁਸੂਚਿਤ ਜਾਤੀ ਵਰਗ ਦੀਆਂ ਯੋਗ ਔਰਤਾਂ ਨੂੰ 1,500 ਰੁਪਏ ਅਤੇ ਜਨਰਲ ਵਰਗ ਦੀਆਂ ਯੋਗ ਔਰਤਾਂ ਨੂੰ 1,000 ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਹੈ। ਇਸ ਯੋਜਨਾ ਨੂੰ ਮਹਿਲਾ ਸਸ਼ਕਤੀਕਰਨ ਵੱਲ ਇੱਕ ਮਹੱਤਵਪੂਰਣ ਕਦਮ ਦੱਸਦਿਆਂ ਉਨ੍ਹਾਂ ਅਧਿਕਾਰੀਆਂ ਨੂੰ ਜ਼ਿਲ੍ਹੇ ਭਰ ਵਿੱਚ ਹੋਰ ਰਜਿਸਟ੍ਰੇਸ਼ਨ ਕੈਂਪ ਲਗਾਉਣ ਦੇ ਨਿਰਦੇਸ਼ ਦਿੱਤੇ।

ਇਸ ਤੋਂ ਇਲਾਵਾ ਸ਼੍ਰੀ ਵਾਲੀਆ ਨੇ ਮਾਲ ਵਿਭਾਗ ਦੇ ਕੰਮਕਾਜ, ਈਜ਼ੀ ਪ੍ਰਾਪਰਟੀ ਰਜਿਸਟ੍ਰੇਸ਼ਨ ਸਕੀਮ ਤਹਿਤ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਸਬ-ਰਜਿਸਟਰਾਰਾਂ ਨੂੰ ਲੰਬਿਤ ਮਾਮਲਿਆਂ ਦਾ ਸਮੇਂ ਸਿਰ ਨਿਪਟਾਰਾ ਅਤੇ ਜਮ੍ਹਾਬੰਦੀਆਂ ਨੂੰ ਪੂਰਾ ਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

# ਹਲਕਾ ਖਡੂਰ ਸਾਹਿਬ ਦੇ ਪਿੰਡ ਮਿਆਣੀ ਤੋਂ ਤੀਰਥ ਯਾਤਰਾ ਵਾਸਤੇ ਬਸ ਹੋਈ ਰਵਾਨਾ

**ਖਡੂਰ ਸਾਹਿਬ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਖਡੂਰ ਸਾਹਿਬ ਦੇ ਪਿੰਡ ਮਿਆਣੀ ਤੋਂ ਤੀਰਥ ਯਾਤਰਾ ਵਾਸਤੇ ਬੱਸ ਰਵਾਨਾ ਹੋਈ ਹੈ।ਪੰਜਾਬ ਦੇ ਮੁੱਖ ਮੰਤਰੀ ਵੱਲੋਂ ਸ਼ੁਰੂ ਕੀਤੀ ਗਈ ਤੀਰਥ ਯਾਤਰਾ ਸਕੀਮ ਦਾ ਪੰਜਾਬ ਦੇ ਲੋਕ ਵੱਡੇ ਪੱਧਰ 'ਤੇ ਲਾਭ ਲੈ ਰਹੇ ਹਨ। ਇਸ ਸਕੀਮ ਦੇ ਤਹਿਤ ਸੂਬੇ ਦੇ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਲਈ ਸ਼ਰਧਾਲੂਆਂ ਨੂੰ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਜਿਸ ਨਾਲ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

ਹਲਕਾ ਖਡੂਰ ਸਾਹਿਬ ਦੇ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਇਹ ਤੀਰਥ ਯਾਤਰਾ ਸਕੀਮ ਆਮ ਲੋਕਾਂ ਲਈ ਬਹੁਤ ਹੀ ਲਾਭਦਾਇਕ ਸਾਬਤ ਹੋ ਰਹੀ ਹੈ। ਉਹਨਾਂ ਕਿਹਾ ਕਿ ਖਾਸ ਕਰਕੇ ਬਜ਼ੁਰਗ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰ ਇਸ ਸਕੀਮ ਦਾ ਵੱਡੇ ਪੱਧਰ 'ਤੇ ਫਾਇਦਾ ਲੈ ਰਹੇ ਹਨ।

ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ ਭਲਾਈ ਵਾਲੀਆਂ ਸਕੀਮਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਵਚਨਬੱਧ ਹੈ। ਉਹਨਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਸੁਵਿਧਾਵਾਂ ਪ੍ਰਦਾਨ ਕਰਨਾ ਹੈ ਅਤੇ ਤੀਰਥ ਯਾਤਰਾ ਸਕੀਮ ਵੀ ਇਸੇ ਦਿਸ਼ਾ ਵਿੱਚ ਇੱਕ ਵੱਡਾ ਕਦਮ ਹੈ।

ਉਹਨਾਂ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ ਅਤੇ ਹੋਰ ਲੋਕਾਂ ਨੂੰ ਵੀ ਇਸ ਬਾਰੇ ਜਾਣੂ ਕਰਵਾਇਆ ਜਾਵੇ। ਵਿਧਾਇਕ ਲਾਲਪੁਰਾ ਜੀ ਨੇ ਕਿਹਾ ਕਿ ਹੁਣ ਤੱਕ ਪਿੰਡ ਕੰਬੋ, ਐਮ ਮੱਲੀਆਂ, ਜੀਓ ਬਾਲਾ ਆਦਿ ਪਿੰਡਾਂ ਦੀ ਸੰਗਤ ਤੀਰਥ ਯਾਤਰਾ ਕਰ ਚੁੱਕੀ ਹੈ। ਸੰਗਤ ਵਿੱਚ ਇਸ ਪ੍ਰਤੀ ਬਹੁਤ ਉਤਸਾਹ ਪਾਇਆ ਜਾ ਰਿਹਾ ਹੈ।

ਗੱਲਬਾਤ ਕਰਦੇ ਸਮੇਂ ਉਹਨਾਂ ਦੇ ਨਾਲ ਚੇਅਰਮੈਨ ਅਮਿੰਦਰ ਸਿੰਘ ਐਮੀ, ਹਲਕਾ ਕੋਆਰਡੀਨੇਟਰ ਕੁਲਦੀਪ ਸਿੰਘ ਫੇਲੋਕ, ਜਿਲ੍ਹਾ ਕੋਆਰਡੀਨੇਟਰ ਮੈਡਮ ਅੰਜੂ ਵਰਮਾ ਜੀ, ਆਦਿ ਹਾਜਰ ਸਨ।

# 121 ਕਰੋੜ 46 ਲੱਖ ਦੀ ਲਾਗਤ ਨਾਲ ਲੱਗੀ ਵਿਕਾਸ ਦੇ ਕੰਮਾਂ ਦੀ ਝੜੀ

**ਫਾਜ਼ਿਲਕਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਲਾਲਾਬਾਦ ਦੇ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਵੱਲੋਂ ਦਸ ਦਿਨ ਦਸ ਵੱਡੇ ਐਲਾਨ ਦਾ ਜੋ ਵਾਅਦਾ ਕੀਤਾ ਗਿਆ ਸੀ ਉਹ ਅੱਜ ਪੂਰਾ ਹੋ ਗਿਆ ਹੈ! ਜਿਸ ਤਹਿਤ ਹਲਕਾ ਜਲਾਲਾਬਾਦ ਵਿੱਚ 121 ਕਰੋੜ 46 ਲੱਖ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਦੇ ਕੰਮ ਸ਼ੁਰੂ ਹੋਏ ਹਨ!

ਜਲਾਲਾਬਾਦ ਦੇ ਵਿਧਾਇਕ ਗੋਲਡੀ ਕੰਬੋਜ ਨੇ ਦੱਸਿਆ ਕਿ ਹਲਕਾ ਜਲਾਲਾਬਾਦ ਵਿੱਚ ਆਧੁਨਿਕ ਵਾਟਰ ਟਰੀਟਮੈਂਟ ਪਲਾਂਟ ਲਈ 40 ਕਰੋੜ 82 ਲੱਖ ਅਤੇ ਜਲਾਲਾਬਾਦ ਸਿਵਲ ਹਸਪਤਾਲ ਨੂੰ 8 ਕਰੋੜ 90 ਲੱਖ ਦੀ ਗਰਾਂਟ ਜਾਰੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ 9 ਕਰੋੜ 85 ਲੱਖ ਰੁਪਏ ਦੀ ਲਾਗਤ ਨਾਲ ਸੰਤ ਬਾਰਾ ਤਾਰਾ ਸਿੰਘ ਖੁਸ਼ਦਿਲ ਜੀ ਅਨਾਜ, ਵੈਜੀਟੇਬਲ, ਫਰੂਟ ਅਤੇ ਜਾਮਨ ਮੰਡੀ ਅਰਨੀਵਾਲਾ ਵਿਖ਼ੇ 14 ਏਕੜ ਵਿੱਚ ਤਿਆਰ ਹੋਵੇਗੀ! ਅਰਨੀਵਾਲਾ ਵਾਸੀਆਂ ਲਈ 21 ਕਰੋੜ 39 ਲੱਖ ਦੀ ਲਾਗਤ ਨਾਲ ਆਧੁਨਿਕ ਸੀਵਰੇਜ ਸਿਸਟਮ, ਸਿਵਲ ਹਸਪਤਾਲ ਜਲਾਲਾਬਾਦ ਵਿਖੇ 1.5 ਕਰੋੜ ਦੀ ਲਾਗਤ ਨਾਲ ਨਵਾਂ ਪ੍ਰਾਈਮਰੀ ਹੈਲਥ ਸੈਂਟਰ ਦਾ ਨੀਂਹ ਪੱਥਰ, 13 ਕਰੋੜ 48 ਲੱਖ ਦੀ ਲਾਗਤ ਨਾਲ ਜਲਾਲਾਬਾਦ ਬਾਈਪਾਸ ਸ਼ਹੀਦ ਊਧਮ ਸਿੰਘ ਮਾਰਗ, ਜਲਾਲਾਬਾਦ ਸ਼ਹਿਰ ਵਿੱਚ 55 ਲੱਖ ਦੀ ਲਾਗਤ ਨਾਲ ਰਾਣੀ ਮਹਿਲ ਪਬਲਿਕ ਲਾਈਬ੍ਰੇਰੀ, ਪਿੰਡ ਨਕੇਰੀਆ ਵਿਖੇ 6 ਕਰੋੜ 91 ਲੱਖ ਦੀ ਲਾਗਤ ਨਾਲ ਸੇਮ



ਦਾ ਪ੍ਰਾਜੈਕਟ ਦੀ ਸ਼ੁਰੂਆਤ ਹੋਵੇਗੀ! 8 ਕਰੋੜ 88 ਲੱਖ ਦੀ ਲਾਗਤ ਨਾਲ ਪਿੰਡ ਜੈਮਲਵਾਲਾ ਤੋਂ ਪਾਲੀਵਾਲਾਂ ਨੂੰ ਜੋੜਨ ਵਾਲੀ ਨਵੀਂ ਪੁੱਲ ਬਣੇਗੀ! ਇਸ ਤੋਂ ਇਲਾਵਾ 9 ਕਰੋੜ 18 ਲੱਖ ਦੀ ਲਾਗਤ ਨਾਲ ਬਰਕਤਵਾ ਨਹਿਰ ਬਣ ਕੇ ਤਿਆਰ ਹੋ ਚੁੱਕੀ ਹੈ।

ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਕਿਹਾ ਸੀ ਉਹ ਕਰ ਦਿਖਾਇਆ ਹੈ ਤੇ ਉਨਾਂ ਵੱਲੋਂ 10 ਦਿਨ ਤੇ 10 ਵੱਡੇ ਐਲਾਨ ਦਾ ਜੋ ਵਾਅਦਾ ਕੀਤਾ ਗਿਆ ਸੀ ਉਹ ਵੀ ਪੂਰਾ ਕਰ ਦਿਖਾਇਆ ਗਿਆ ਹੈ! ਉਹਨਾਂ ਕਿਹਾ ਕਿ ਸੂਬੇ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਯਤਨਸ਼ੀਲ ਹੈ ਤੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦਾ ਕੋਈ ਵੀ ਸ਼ਹਿਰ ਤੇ ਪਿੰਡ ਵਿਕਾਸ ਪੱਖੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਹਲਕਾ ਜਲਾਲਾਬਾਦ ਵਿੱਚ ਵਿਕਾਸ ਦੇ ਕੰਮਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਤੇ ਕੋਈ ਵੀ ਵਿਕਾਸ ਦਾ ਕੰਮ ਕਿਸੇ ਵੀ ਪਿੰਡ ਵਿੱਚ ਰਹਿੰਦਾ ਹੈ !

# ਸੀਬੀਐੱਸਈ ਸੀਨੀਅਰ ਸੈਕੰਡਰੀ ਸਕੂਲ ਦੇ ਨਤੀਜੇ ਐਲਾਨੇ ਗਏ: ਚੰਡੀਗੜ੍ਹ ਦੇ ਸਰਕਾਰੀ ਸਕੂਲਾਂ ਦਾ ਨਤੀਜਾ ਰਾਸ਼ਟਰੀ ਸੀਬੀਐੱਸਈ ਔਸਤ ਤੋਂ ਬਿਹਤਰ

**ਨਵੀਂ ਦਿੱਲੀ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀਬੀਐੱਸਈ/CBSE) ਨੇ ਅੱਜ ਸੀਨੀਅਰ ਸੈਕੰਡਰੀ ਅਤੇ ਸੈਕੰਡਰੀ ਕਲਾਸਾਂ ਦੇ ਨਤੀਜੇ ਐਲਾਨੇ। ਯੂ.ਟੀ. ਚੰਡੀਗੜ੍ਹ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੀ ਕੁੱਲ ਪਾਸ ਪ੍ਰਤੀਸ਼ਤਤਾ 87.25% ਰਹੀ, ਜਦਕਿ ਪਿਛਲੇ ਸਾਲ ਇਹ 88.79% ਸੀ। ਇਸ ਤਰ੍ਹਾਂ ਇਸ ਵਰ੍ਹੇ ਨਤੀਜੇ ਵਿੱਚ 1.54 ਪ੍ਰਤੀਸ਼ਤ ਅੰਕਾਂ ਦੀ ਮਾਮੂਲੀ ਗਿਰਾਵਟ ਦਰਜ ਕੀਤੀ ਗਈ ਹੈ।

ਰਾਸ਼ਟਰੀ ਪੱਧਰ @ਤੇ ਸੀਬੀਐੱਸਈ ਦੀ ਕੁੱਲ ਪਾਸ ਪ੍ਰਤੀਸ਼ਤਤਾ 85.2% ਰਹੀ, ਜੋ ਪਿਛਲੇ ਵਰ੍ਹੇ ਦੇ 88.39% ਦੇ ਮੁਕਾਬਲੇ 3.19 ਪ੍ਰਤੀਸ਼ਤ ਅੰਕ ਘੱਟ ਹੈ।

ਇਸ ਤਰ੍ਹਾਂ ਯੂ.ਟੀ. ਚੰਡੀਗੜ੍ਹ ਦੇ ਸਰਕਾਰੀ ਸਕੂਲਾਂ ਦੀ ਪਾਸ ਪ੍ਰਤੀਸ਼ਤਤਾ ਸੀਬੀਐੱਸਈ ਦੀ ਕੁੱਲ ਪਾਸ ਪ੍ਰਤੀਸ਼ਤਤਾ ਨਾਲੋਂ 2.05 ਪ੍ਰਤੀਸ਼ਤ ਅੰਕ ਅਧਿਕ ਰਹੀ।

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਇਸ ਉਤਕ੍ਰਿਸ਼ਟ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਰਾਸ਼ਟਰੀ ਪੱਧਰ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਪਾਸ ਪ੍ਰਤੀਸ਼ਤਤਾ ਵਿੱਚ ਆਈ ਗਿਰਾਵਟ ਦਾ ਕਾਰਨ ਅਧਿਕ ਸਖ਼ਤ ਅਤੇ ਦਕਸ਼ਤਾ-ਅਧਾਰਿਤ ਮੁੱਲਾਂਕਣ ਪ੍ਰਣਾਲੀ, ਰਾਸ਼ਟਰੀ ਸਿੱਖਿਆ ਨੀਤੀ (ਐੱਨਈਪੀ/NEP) 2020 ਦੇ ਤਹਿਤ ਸੰਕਲਪਿਕ ਸਮਝ @ਤੇ ਵਧੇਰੇ ਜ਼ੋਰ ਅਤੇ ਉੱਤਰ ਪੱਤਰੀਆਂ ਦੇ ਡਿਜੀਟਲ ਮੁੱਲਾਂਕਣ ਅਰਥਾਤ ਔਨ-ਸਕ੍ਰੀਨ ਮਾਰਕਿੰਗ (ਓਐੱਸਐੱਮ/OSM) ਪ੍ਰਣਾਲੀ ਨੂੰ ਮੰਨਿਆ ਜਾ ਸਕਦਾ ਹੈ। ਇਹ ਪ੍ਰਵਿਰਤੀ ਰੱਟੇ ਦੀ ਪੱਧਤੀ ਤੋਂ ਹਟ ਕੇ ਐਪਲੀਕੇਸ਼ਨ-ਅਧਾਰਿਤ ਮੁੱਲਾਂਕਣ ਦੀ ਦਿਸ਼ਾ ਵਿੱਚ ਬਦਲਾਅ ਨੂੰ ਦਰਸਾਉਂਦੀ ਹੈ।

ਸ ਨੀਅਰ ਸੈਕੰਡਰੀ ਦੇ ਨਤੀਜਿਆਂ ਦੇ ਵੇਰਵੇ ਹੇਠ ਲਿਖੇ ਅਨੁਸਾਰ ਹਨ:

ਕੁੱਲ 10,255 ਵਿਦਿਆਰਥੀਆਂ ਨੇ ਸੀਨੀਅਰ ਸੈਕੰਡਰੀ ਪਰੀਖਿਆ ਦਿੱਤੀ, ਜਿਨ੍ਹਾਂ ਵਿੱਚੋਂ 8,948 ਵਿਦਿਆਰਥੀ ਪਾਸ ਹੋਏ।

ਮੌਜੂਦਾ ਸੈਸ਼ਨ ਦੀ ਕੁੱਲ ਪਾਸ ਪ੍ਰਤੀਸ਼ਤਤਾ 87.25% ਰਹੀ, ਜਦਕਿ ਅਕਾਦਮਿਕ ਸੈਸ਼ਨ 2024-25 ਵਿੱਚ 88.79% ਸੀ।

ਇਸ ਵਰ੍ਹੇ, ਦੋ ਸਕੂਲਾਂ - ਜੀਐੱਮਐੱਸਐੱਸਐੱਸ(GMSSS) ਸੈਕਟਰ 32 ਅਤੇ ਜੀਐੱਸਐੱਸਐੱਸ (GSSS) ਮਨੀਮਾਜਰਾ ਟਾਊਨ- ਨੇ 95% ਅਤੇ ਇਸ ਤੋਂ ਅਧਿਕ ਦੀ ਪਾਸ ਪ੍ਰਤੀਸ਼ਤਤਾ ਦਰਜ ਕੀਤੀ। ਇਸ ਤੋਂ ਇਲਾਵਾ, 16 ਸਕੂਲਾਂ ਨੇ 90% ਅਤੇ ਇਸ ਤੋਂ ਅਧਿਕ ਪਾਸ ਪ੍ਰਤੀਸ਼ਤਤਾ ਪ੍ਰਾਪਤ ਕੀਤੀ।

ਵਿਦਿਆਰਥੀਆਂ ਨੇ ਪ੍ਰਭਾਵੀ ਗੁਣਾਵੱਤਾਪੂਰਨ ਪ੍ਰਦਰਸ਼ਨ ਵੀ ਕੀਤਾ। ਕੁੱਲ 348 ਵਿਦਿਆਰਥੀਆਂ ਨੇ 90% ਅਤੇ ਇਸ ਤੋਂ ਅਧਿਕ ਅੰਕ ਪ੍ਰਾਪਤ ਕੀਤੇ, ਜਦਕਿ ਪਿਛਲੇ ਵਰ੍ਹੇ ਇਹ ਸੰਖਿਆ 225 ਸੀ।

ਵਿਸ਼ੇਸ਼ ਤੌਰ @ਤੇ ਜ਼ਿਕਰਯੋਗ ਹੈ ਕਿ 57 ਵਿਦਿਆਰਥੀਆਂ ਨੇ 95% ਅਤੇ ਇਸ ਤੋਂ ਅਧਿਕ ਅੰਕ ਪ੍ਰਾਪਤ ਕੀਤੇ, ਜਦਕਿ ਪਿਛਲੇ ਅਕਾਦਮਿਕ ਸੈਸ਼ਨ ਵਿੱਚ ਇਹ ਸੰਖਿਆ 29 ਸੀ। ਇਸ ਪ੍ਰਕਾਰ 28 ਵਿਦਿਆਰਥੀਆਂ ਦਾ ਵਾਧਾ ਦਰਜ ਕੀਤਾ ਗਿਆ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੀਆਂ ਵਿਦਿਆਰਥਣਾਂ ਨੇ ਇੱਕ ਵਾਰ ਫਿਰ ਵਿਦਿਆਰਥੀਆਂ ਤੋਂ ਬਿਹਤਰ ਪ੍ਰਦਰਸ਼ਨ ਕੀਤਾ। ਕੁੱਲ 4,933 ਵਿਦਿਆਰਥੀਆਂ ਵਿੱਚੋਂ 4,169 ਪਾਸ ਹੋਏ, ਜਦਕਿ 5,322 ਵਿਦਿਆਰਥਣਾਂ ਵਿੱਚੋਂ 4,819 ਵਿਦਿਆਰਥਣਾਂ ਨੇ ਪਰੀਖਿਆ ਪਾਸ ਕੀਤੀ।

ਵਿਦਿਆਰਥੀਆਂ ਵਿੱਚ ਕੁੱਲ ਸੀਬੀਐੱਸਈ ਪਾਸ ਪ੍ਰਤੀਸ਼ਤਤਾ 82.13% ਰਹੀ, ਜਦਕਿ ਯੂ.ਟੀ. ਚੰਡੀਗੜ੍ਹ ਦੇ ਸਰਕਾਰੀ ਸਕੂਲਾਂ ਦੀ ਪਾਸ ਪ੍ਰਤੀਸ਼ਤਤਾ 84.51% ਦਰਜ ਕੀਤੀ ਗਈ। ਇਸੇ ਤਰ੍ਹਾਂ, ਵਿਦਿਆਰਥਣਾਂ ਵਿੱਚ ਕੁੱਲ ਸੀਬੀਐੱਸਈ ਪਾਸ ਪ੍ਰਤੀਸ਼ਤਤਾ 88.86% ਰਹੀ, ਜਦਕਿ ਯੂ.ਟੀ. ਚੰਡੀਗੜ੍ਹ ਦੇ ਸਰਕਾਰੀ ਸਕੂਲਾਂ ਦੀ ਪਾਸ ਪ੍ਰਤੀਸ਼ਤਤਾ 90.55% ਰਹੀ। ਇਹ ਸਰਕਾਰੀ ਸਕੂਲਾਂ ਦੀਆਂ ਵਿਦਿਆਰਥਣਾਂ ਦੇ ਨਿਰੰਤਰ ਉਤਕ੍ਰਿਸ਼ਟ ਪ੍ਰਦਰਸ਼ਨ ਨੂੰ ਦਰਸਾਉਂਦੀ ਹੈ।

ਇਹ ਜ਼ਿਕਰਯੋਗ ਹੈ ਕਿ ਜੀਐੱਮਐੱਸਐੱਸਐੱਸ (GMSSS) ਸੈਕਟਰ 35 ਦੇ ਵਿਦਿਆਰਥੀ ਅਨੂਪ ਸੈਣੀ ਨੇ 99.4% ਅੰਕ ਪ੍ਰਾਪਤ ਕਰਕੇ ਸੰਪੂਰਨ ਪਰੀਖਿਆ ਵਿੱਚ ਸਿਖਰਲਾ ਸਥਾਨ ਹਾਸਲ ਕੀਤਾ। ਉਸ ਨੇ ਦਸਵੀਂ ਦੀ ਸਿੱਖਿਆ ਵੀ ਇਸੇ ਸਰਕਾਰੀ ਸਕੂਲ ਤੋਂ ਪ੍ਰਾਪਤ ਕੀਤੀ ਸੀ।

ਪੀਐੱਮ ਸ਼੍ਰੀ ਜੀਜੀਐੱਮਐੱਸਐੱਸਐੱਸ (PM SHRI GGMSSS) ਸੈਕਟਰ 18 ਦੀ ਵਿਦਿਆਰਥਣ ਵੰਸ਼ਿਕਾ ਜੈਨ ਨੇ ਸੁਣਨ ਦੀ ਦਿੱਵਯਾਂਗਤਾ ਅਤੇ ਟਾਇਪ-1 ਸ਼ੂਗਰ ਜਿਹੀਆਂ ਚੁਣੌਤੀਆਂ ਦੇ ਬਾਵਜੂਦ 96% ਅੰਕ ਪ੍ਰਾਪਤ ਕੀਤੇ।

ਅਕਾਦਮਿਕ ਸੈਸ਼ਨ 2025-26 ਵਿੱਚ ਸਟ੍ਰੀਮ-ਵਾਰ ਪਾਸ ਪ੍ਰਤੀਸ਼ਤਤਾ ਇਸ ਪ੍ਰਕਾਰ ਰਹੀ: ਮੈਡੀਕਲ ਸਟ੍ਰੀਮ ਨੇ 2024-25 ਵਿੱਚ 93.25% ਦੇ ਮੁਕਾਬਲੇ 82.88% ਪਾਸ ਪ੍ਰਤੀਸ਼ਤਤਾ ਦਰਜ ਕੀਤੀ; ਨੌਨ-ਮੈਡੀਕਲ ਸਟ੍ਰੀਮ ਨੇ ਪਿਛਲੇ ਸਾਲ 87.71% ਦੇ ਮੁਕਾਬਲੇ 79.06% ਪ੍ਰਾਪਤ ਕੀਤੀ; ਕਮਰਸ ਸਟ੍ਰੀਮ ਨੇ ਪਿਛਲੇ ਸੈਸ਼ਨ ਵਿੱਚ 92.05% ਦੇ ਮੁਕਾਬਲੇ 88.92% ਦਰਜ ਕੀਤੀ; ਹਿਊਮੈਨਿਟੀਜ਼ ਸਟ੍ਰੀਮ ਨੇ ਪਿਛਲੇ ਸਾਲ 86.50% ਦੇ ਮੁਕਾਬਲੇ 87.94% ਪਾਸ ਪ੍ਰਤੀਸ਼ਤਤਾ ਨਾਲ ਸੁਧਾਰ ਦਰਜ ਕੀਤਾ। ਉੱਥੇ ਹੀ ਸਕਿੱਲ ਕੋਰਸਾਂ ਨੇ ਸਭ ਤੋਂ ਵੱਧ 97.17% ਪਾਸ ਪ੍ਰਤੀਸ਼ਤਤਾ ਦਰਜ ਕੀਤੀ, ਜੋ ਪਿਛਲੇ ਵਰ੍ਹੇ ਦੀ 94.68% ਤੋਂ ਅਧਿਕ ਹੈ।

# ਤੁੰਗਵਾਲੀ ਵਿਖੇ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਆਯੋਜਿਤ

**ਬਠਿੰਡਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਲਾਕ ਨਥਾਣਾ ਦੇ ਪਿੰਡ ਤੁੰਗਵਾਲੀ ਵਿਖੇ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਡਾ. ਪ੍ਰਭਜੋਤ ਕੌਰ ਜ਼ਿਲ੍ਹਾ ਸਿਖਲਾਈ ਅਫਸਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਾ. ਹਰਜਸਪਾਲ ਸ਼ਰਮਾ ਬਲਾਕ ਖੇਤੀਬਾੜੀ ਅਫਸਰ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਦੌਰਾਨ ਕਿਸਾਨਾਂ ਨੂੰ ਖੇਤੀ ਨਾਲ ਸੰਬੰਧਿਤ ਨਵੀਆਂ ਤਕਨੀਕਾਂ, ਸਰਕਾਰੀ ਸਕੀਮਾਂ ਅਤੇ ਫਸਲਾਂ ਦੀ ਸੰਭਾਲ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਡਾ. ਜਸਵਿੰਦਰ ਕੌਰ ਏਡੀਓ (ਟ੍ਰੇਨਿੰਗ) ਬਠਿੰਡਾ ਨੇ ਕੈਂਪ ਦੀ ਸ਼ੁਰੂਆਤ ਕਰਦਿਆਂ ਨਰਮੇ ਦੀ ਸੁਚੱਜੀ ਕਾਸ਼ਤ ਸਬੰਧੀ ਕਿਸਾਨਾਂ ਨੂੰ ਜਾਗਰੂਕ ਕੀਤਾ। ਉਨ੍ਹਾਂ ਨੇ ਖੇਤਾਂ ਦੀ ਡੂੰਘੀ ਵਾਹੀ, ਭਰਵੀਂ ਰੌਣੀ ਅਤੇ 16 ਮਈ ਤੋਂ ਪਹਿਲਾਂ ਬਿਜਾਈ ਕਰਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਚਿੱਟੀ ਮੱਖੀ, ਰਸ ਚੂਸਕ ਕੀੜਿਆਂ ਅਤੇ ਗੁਲਾਬੀ ਸੁੰਡੀ ਦੇ ਸਰਵੇਖਣ ਅਤੇ ਰੋਕਥਾਮ ਲਈ ਲੋੜੀਂਦੇ ਉਪਾਅ ਵੀ ਸਾਂਝੇ ਕੀਤੇ। ਉਨ੍ਹਾਂ ਕਿਸਾਨਾਂ ਨੂੰ ਖੇਤਾਂ ਦੇ ਆਲੇ-ਦੁਆਲੇ ਉੱਗਣ ਵਾਲੇ ਨਦੀਨਾਂ ਨੂੰ ਨਸ਼ਟ ਕਰਨ ਅਤੇ ਨਰਮੇ ਦੇ ਖੇਤਾਂ ਨੇੜੇ ਸਬਜ਼ੀਆਂ ਦੀ ਬਿਜਾਈ ਤੋਂ ਗੁਰੇਜ਼ ਕਰਨ ਦੀ ਸਲਾਹ ਦਿੱਤੀ ਅਤੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਨਰਮੇ ਦੇ ਬੀਜ 'ਤੇ ਮਿਲ ਰਹੀ 33 ਫੀਸਦੀ



ਸਬਸਿਡੀ ਅਤੇ ਨਵੀਂ ਦੇਸੀ ਕਪਾਹ ਦੀ ਕਿਸਮ ਪੀਬੀਡੀ-88 ਦੀ ਬਿਜਾਈ ਲਈ ਪ੍ਰੇਰਿਤ ਕੀਤਾ ਗਿਆ।

ਡਾ. ਸ਼ਿਫਾ ਏਡੀਓ ਨੇ ਕਿਸਾਨਾਂ ਨੂੰ ਖੇਤੀ ਵਿਭਿੰਨਤਾ ਅਪਣਾਉਂਦਿਆਂ ਦਾਲਾਂ ਦੀ ਕਾਸ਼ਤ ਵਧਾਉਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਦੱਸਿਆ ਕਿ ਦਾਲਾਂ ਨਾ ਸਿਰਫ ਪ੍ਰੋਟੀਨ ਦਾ ਉੱਤਮ ਸਰੋਤ ਹਨ, ਸਗੋਂ ਇਹ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਵੀ ਕਾਇਮ ਰੱਖਦੀਆਂ ਹਨ। ਇਸੇ ਦੌਰਾਨ ਡਾ. ਯਾਦਵੀਰ ਕੌਰ ਏਡੀਓ (ਡਿਮਾਂਸਟਰੇਟਰ ਅਫਸਰ) ਨੇ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਅਤੇ ਉਸਨੂੰ ਮਿੱਟੀ ਵਿੱਚ ਵਾਹੁਣ ਦੀ ਅਪੀਲ ਕੀਤੀ। ਉਨ੍ਹਾਂ ਨੇ ਝੋਨੇ ਦੀ ਨਵੀਂ ਕਿਸਮ ਪੀਆਰ-133 ਪਨੀਰੀ ਦੀ ਸਹੀ ਸਮੇਂ ਬਿਜਾਈ ਅਤੇ ਪਨੀਰੀ ਦੀ ਸਿਹਤ ਸੰਬੰਧੀ ਮੁੱਖ ਕਾਰਨਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਡਾ. ਗੁਰਪ੍ਰੀਤ ਸਿੰਘ ਏਡੀਓ (ਪੀਪੀ) ਨੇ ਮਿੱਟੀ ਅਤੇ ਪਾਣੀ ਦੀ ਪਰਖ ਦੀ ਮਹੱਤਤਾ ਉਤੇ ਚਾਨਣਾ ਪਾਉਂਦਿਆਂ ਕਿਸਾਨਾਂ ਨੂੰ ਨਮੂਨੇ ਲੈਣ ਦੇ ਸਹੀ ਢੰਗ ਬਾਰੇ ਦੱਸਿਆ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਅਤੇ ਪਾਣੀ ਦੀ ਰਿਪੋਰਟ ਦੇ ਅਧਾਰ 'ਤੇ ਹੀ ਖਾਦਾਂ ਦੀ ਸੁਚੱਜੀ ਵਰਤੋਂ ਕਰਨ ਅਤੇ ਜੈਵਿਕ ਖਾਦਾਂ ਜਿਵੇਂ ਗਲੀ-ਸੜੀ ਰੂੜੀ ਖਾਦ ਅਤੇ ਹਰੀ ਖਾਦਾਂ ਨੂੰ ਮਿੱਟੀ ਵਿੱਚ ਵਾਹੁਣ ਦੀ ਅਪੀਲ ਕੀਤੀ। ਇਸ ਮੌਕੇ ਡਾ. ਹਰਜਸਪਾਲ ਸ਼ਰਮਾ ਨੇ ਵਿਭਾਗ ਅਧੀਨ ਚੱਲ ਰਹੀਆਂ ਸਕੀਮਾਂ ਪਕਾਵੀਂ ਮੱਕੀ ਅਤੇ ਸਿੱਧੀ ਬਿਜਾਈ 'ਤੇ ਮਿਲ ਰਹੀ ਸਬਸਿਡੀ ਅਤੇ ਆਨਲਾਈਨ ਰਜਿਸਟ੍ਰੇਸ਼ਨ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ। ਉਨ੍ਹਾਂ ਨੇ ਐਗਰੀ ਸਟੈਕ ਅਤੇ ਫਾਰਮਰ ਆਈਡੀ ਦੀ ਮਹੱਤਤਾ ਬਾਰੇ ਵੀ ਕਿਸਾਨਾਂ ਨੂੰ ਜਾਗਰੂਕ ਕੀਤਾ। ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਭਾਗ ਲਿਆ।

# ਪ੍ਰੀਸ਼ਦ ਤੇ ਸਮਿਤੀ ਮੁਲਾਜ਼ਮਾਂ ਵੱਲੋਂ ਤਨਖ਼ਾਹਾਂ ਦੀ ਅਦਾਇਗੀ ਲਈ ਕਾਨੂੰਨੀ ਲੜਾਈ ਸ਼ੁਰੂ; ਪੰਚਾਇਤ ਵਿਭਾਗ ਦੇ ਅਫ਼ਸਰਾਂ ਨੂੰ ਭੇਜਿਆ ਮਾਣਹਾਨੀ ਨੋਟਿਸ

**ਚੰਡੀਗੜ੍ਹ, 13 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪਰਿਸ਼ਦ ਕਰਮਚਾਰੀ ਐਸੋਸੀਏਸ਼ਨ (ਰਜਿਸਟਰਡ) ਨੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਪੰਜਾਬ ਦੇ ਪ੍ਰਸ਼ਾਸਕੀ ਸਕੱਤਰ ਅਤੇ ਵਿਭਾਗ ਦੇ ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ) ਨੂੰ ਮਾਣਹਾਨੀ ਨੋਟਿਸ ਭੇਜਿਆ ਹੈ ਕਿਉਂਕਿ ਮਾਰਚ 2026 ਤੋਂ ਜ਼ਿਲ੍ਹਾ ਪਰਿਸ਼ਦਾਂ ਅਤੇ ਪੰਚਾਇਤ ਸੰਮਤੀਆਂ ਵਿੱਚ ਕੰਮ ਕਰਦੇ ਕਰਮਚਾਰੀਆਂ ਨੂੰ ਤਨਖ਼ਾਹਾਂ ਅਤੇ ਹੋਰ ਬਕਾਏ ਨਹੀਂ ਮਿਲੇ ਹਨ।



ਐਸੋਸੀਏਸ਼ਨ ਨੇ ਐਡਵੋਕੇਟ ਮੁਕੇਸ਼ ਪੰਡਿਤ ਜ਼ਰੀਏ ਮਾਣਹਾਨੀ ਨੋਟਿਸ ਭੇਜਿਆ ਹੈ ਜਿਸ 'ਚ ਦੋਸ਼ ਲਾਏ ਗਏ ਹਨ ਕਿ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ 6 ਅਕਤੂਬਰ 2023 ਨੂੰ ਸੁਣਾਏ ਹੁਕਮਾਂ ਦੇ ਬਾਵਜੂਦ ਕਰਮਚਾਰੀਆਂ ਨੂੰ ਅਜੇ ਵੀ ਨਿਯਮਤ ਤੌਰ 'ਤੇ ਤਨਖ਼ਾਹਾਂ ਨਹੀਂ ਦਿੱਤੀਆਂ ਜਾ ਰਹੀਆਂ ਹਨ। ਦੱਸਣਯੋਗ ਹੈ ਕਿ ਹਾਈ ਕੋਰਟ ਨੇ ਸੂਬਾ ਸਰਕਾਰ ਨੂੰ ਕਰਮਚਾਰੀਆਂ ਨੂੰ ਤਨਖ਼ਾਹਾਂ ਦੀ ਸਮੇਂ ਸਿਰ ਅਦਾਇਗੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਸਨ।

ਐਸੋਸੀਏਸ਼ਨ ਦੇ ਆਗੂਆਂ ਦਾ ਕਹਿਣਾ ਸੀ ਕਿ ਮਾਰਚ 2026 ਤੋਂ ਤਨਖ਼ਾਹਾਂ ਦਾ ਭੁਗਤਾਨ ਨਾ ਹੋਣ ਕਰਕੇ ਕਰਮਚਾਰੀਆਂ ਨੂੰ ਭਾਰੀ ਵਿੱਤੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬਹੁਤ ਸਾਰੇ ਕਰਮਚਾਰੀ ਘਰੇਲੂ ਖ਼ਰਚਿਆਂ, ਬੱਚਿਆਂ ਦੀ ਪੜ੍ਹਾਈ ਅਤੇ ਹੋਰ ਬੁਨਿਆਦੀ ਜ਼ਰੂਰਤਾਂ ਦਾ ਪ੍ਰਬੰਧਨ ਕਰਨ ਲਈ ਸੰਘਰਸ਼ ਕਰ ਰਹੇ ਹਨ।

ਨੋਟਿਸ ਅਨੁਸਾਰ ਵਿਭਾਗ ਵੱਲੋਂ 18 ਮਾਰਚ 2026 ਨੂੰ ਜਾਰੀ ਕੀਤੇ ਗਏ ਇੱਕ ਮੈਮੋਰੰਡਮ ਨੇ ਅਜਿਹੀ ਸਥਿਤੀ ਪੈਦਾ ਕੀਤੀ ਹੈ ਜਿਸ ਨਾਲ ਜ਼ਿਲ੍ਹਾ ਪਰਿਸ਼ਦ ਅਤੇ ਪੰਚਾਇਤ ਸੰਮਤੀ ਕਰਮਚਾਰੀਆਂ ਦੀਆਂ ਤਨਖ਼ਾਹਾਂ, ਪੈਨਸ਼ਨਾਂ ਅਤੇ ਸੇਵਾ ਮੁਕਤੀ ਲਾਭਾਂ ਦੀ ਅਦਾਇਗੀ ਰੋਕ ਦਿੱਤੀ ਗਈ ਜੋ ਕਿ ਹਾਈ ਕੋਰਟ ਦੇ ਨਿਰਦੇਸ਼ਾਂ ਦੀ ਉਲੰਘਣਾ ਹੈ।

ਐਡਵੋਕੇਟ ਮੁਕੇਸ਼ ਪੰਡਿਤ ਨੇ ਕਿਹਾ ਕਿ ਇਸ ਤਰ੍ਹਾਂ ਦੀ ਕਾਰਵਾਈ ਅਦਾਲਤ ਦੇ ਹੁਕਮਾਂ ਦੀ ਜਾਣਬੁੱਝ ਕੇ ਉਲੰਘਣਾ ਕਰਨ ਦੇ ਬਰਾਬਰ ਹਨ। ਨੋਟਿਸ 'ਚ ਸਬੰਧਿਤ ਅਧਿਕਾਰੀਆਂ ਨੂੰ 15 ਦਿਨਾਂ ਦੇ ਅੰਦਰ ਬਕਾਇਆ ਤਨਖ਼ਾਹਾਂ ਅਤੇ ਹੋਰ ਬਕਾਏ ਜਾਰੀ ਕਰਨ ਨੂੰ ਯਕੀਨੀ ਬਣਾਉਣ ਅਤੇ ਤਨਖ਼ਾਹਾਂ ਦੀ ਨਿਯਮਤ ਅਦਾਇਗੀ ਸੰਬੰਧੀ ਹਾਈ ਕੋਰਟ ਦੇ ਨਿਰਦੇਸ਼ਾਂ ਦੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਐਸੋਸੀਏਸ਼ਨ ਨੇ ਨੋਟਿਸ 'ਚ ਕਿਹਾ ਹੈ ਕਿ ਅਗਰ ਬਕਾਏ ਜਾਰੀ ਨਾ ਕੀਤੇ ਤਾਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਮਾਣਹਾਨੀ ਪਟੀਸ਼ਨ ਦਾਇਰ ਕੀਤੀ ਜਾਵੇਗੀ।

# ਪਿੰਡ ਘੁਮਾਣ ਵਿਖੇ ਅਧਿਕਾਰੀਆਂ ਨੇ ਖੇਤ ਵਿੱਚ ਲੱਗੀ ਅੱਗ 'ਤੇ ਪਾਇਆ ਕਾਬੂ

**ਬਟਾਲਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਅਗਵਾਈ ਵਿੱਚ ਜ਼ਿਲੇ ਅੰਦਰ ਸਿਵਲ ਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਵਲੋਂ ਫੀਲਡ ਵਿੱਚ ਰਹਿ ਕੇ ਕਿਸਾਨਾਂ ਨੂੰ ਫਸਲ ਦੀ ਰਹਿੰਦ ਖੂੰਹਦ ਨਾ ਸਾੜਨ ਦੀ ਅਪੀਲ ਕਰਨ ਦੇ ਨਾਲ ਨਾਲ ਖੇਤਾਂ ਵਿੱਚ ਲੱਗੀ ਅੱਗ ਨੂੰ ਬੁਝਾਇਆ ਵੀ ਜਾ ਰਿਹਾ ਹੈ ।ਬਲਾਕ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਨੋਡਲ ਅਫ਼ਸਰ ਰਜਿੰਦਰ ਕੁਮਾਰ ਨੇ ਦੱਸਿਆ ਕਿ ਪਿੰਡ ਘੁਮਾਣ ਦੇ ਨੇੜੇ ਖੇਤਾਂ ਵਿੱਚ ਲੱਗੀ ਅੱਗ @ਤੇ ਮੌਕੇ @ਤੇ ਪਹੁੰਚ ਕੇ ਕਾਬੂ ਪਾਇਆ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਡਾ. ਰਣਧੀਰ ਠਾਕਰ ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਜਿਲ੍ਹੇ ਅੰਦਰ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਨਾ ਸਾੜਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਅਧਿਕਾਰੀਆਂ ਵਲੋਂ ਫੀਲਡ ਵਿੱਚ ਰਹਿ ਕੇ ਨਾੜ ਨੂੰ ਸਾੜਨ ਵਾਲਿਆਂ ਵਿਰੁੱਧ ਕਾਰਵਾਈ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।ਉਨ੍ਹਾਂ ਕਿਸਾਨਾਂ ਨੂੰ ਫਸਲ ਦੀ ਰਹਿੰਦ ਖੂੰਹਦ ਨਾ ਸਾੜਨ ਦੀ ਅਪੀਲ ਕਰਦਿਆਂ ਕਿਹਾ ਕਿ ਨਾੜ ਸਾੜਨ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਘੱਟਦੀ ਹੈ ਅਤੇ ਵਾਤਾਵਰਣ ਨੂੰ ਭਾਰੀ ਨੁਕਸਾਨ ਪਹੁੰਚਦਾ ਹੈ। ਇਸ ਲਈ ਕਿਸਾਨ ਨਾੜ ਨੂੰ ਸਾੜਨ ਦੀ ਬਜਾਏ ਹੋਰ ਵਿਕਲਪਾਂ ਜਿਵੇਂ ਕਿ ਮਸ਼ੀਨਰੀ ਦੀ ਵਰਤੋਂ ਕਰਕੇ ਖੇਤ ਵਿੱਚ ਹੀ ਖ਼ਪਤ ਕਰਨ।

# ਪੰਜਾਬ ਸਟੇਟ ਕਰਮਚਾਰੀ ਯੂਨੀਅਨ ਦੇ ਵਫ਼ਦ ਵੱਲੋਂ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨਾਲ ਮੁਲਾਕਾਤ



**ਲੁਧਿਆਣਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਟੇਟ ਜ਼ਿਲ੍ਹਾ (ਡੀ.ਸੀ. ਦਫ਼ਤਰ) ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਯੂਨਿਟ ਲੁਧਿਆਣਾ ਦੇ ਇੱਕ ਵਫ਼ਦ ਨੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨਾਲ ਮੁਲਾਕਾਤ ਕਰਕੇ ਮਿਤੀ 17.07.2020 ਤੋਂ ਬਾਅਦ ਭਰਤੀ ਹੋਏ ਕਲਰਕਾਂ ਨੂੰ ਪਹਿਲਾਂ ਤੋਂ ਸੇਵਾ ਨਿਭਾ ਰਹੇ ਕਰਮਚਾਰੀਆਂ ਦੀ ਤਰਜ਼ ’ਤੇ ਮੁੱਢਲੀ ਤਨਖ਼ਾਹ ਦੇਣ ਦੀ ਮੰਗ ਉਠਾਈ।

ਯੂਨੀਅਨ ਦੇ ਪ੍ਰਤੀਨਿਧੀਆਂ ਨੇ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆਂਦਾ ਕਿ ਦਫ਼ਤਰ ਡਿਪਟੀ ਕਮਿਸ਼ਨਰ, ਲੁਧਿਆਣਾ ਵਿਖੇ ਫਰਵਰੀ ਅਤੇ ਮਾਰਚ 2023 ਦੌਰਾਨ ਲਗਭਗ 70 ਕਲਰਕਾਂ ਦੀ ਭਰਤੀ ਕੀਤੀ ਗਈ ਸੀ। ਪੰਜਾਬ ਸਰਕਾਰ ਦੇ ਵਿੱਤ ਵਿਭਾਗ ਵੱਲੋਂ ਜਾਰੀ ਪੱਤਰ ਨੰਬਰ 7/42/2020-EFPA/741-746 ਮਿਤੀ 17.07.2020 ਅਨੁਸਾਰ ਕੇਂਦਰ ਸਰਕਾਰ ਦੇ 7ਵੇਂ ਪੇਅ ਕਮਿਸ਼ਨ ਦੇ ਅਧਾਰ ’ਤੇ ਪੰਜਾਬ ਦੇ ਵੱਖ-ਵੱਖ ਵਿਭਾਗਾਂ ਵਿੱਚ ਕੰਮ ਕਰਦੇ ਕਲਰਕਾਂ ਦੀ ਮੁੱਢਲੀ ਤਨਖ਼ਾਹ 19,900 ਰੁਪਏ ਨਿਰਧਾਰਤ ਕੀਤੀ ਗਈ ਸੀ। ਇਸ ਅਧੀਨ 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਕਰਮਚਾਰੀ 19,900 ਰੁਪਏ ਮੁੱਢਲੀ ਤਨਖ਼ਾਹ ਪ੍ਰਾਪਤ ਕਰ ਰਹੇ ਹਨ।

ਯੂਨੀਅਨ ਨੇ ਦੱਸਿਆ ਕਿ 17.07.2020 ਤੋਂ ਪਹਿਲਾਂ ਭਰਤੀ ਹੋਏ ਕਰਮਚਾਰੀਆਂ ਨੂੰ ਇਸ ਸਮੇਂ 33,300 ਰੁਪਏ ਮੁੱਢਲੀ ਤਨਖ਼ਾਹ ਮਿਲ ਰਹੀ ਹੈ, ਜਿਸ ਕਾਰਨ ਨਵੇਂ ਅਤੇ ਪੁਰਾਣੇ ਕਰਮਚਾਰੀਆਂ ਵਿੱਚ ਤਨਖ਼ਾਹ ਸੰਬੰਧੀ ਵੱਡਾ ਅੰਤਰ ਪੈਦਾ ਹੋ ਗਿਆ ਹੈ।

ਵਫ਼ਦ ਵੱਲੋਂ ਇਹ ਵੀ ਜਾਣੂ ਕਰਵਾਇਆ ਗਿਆ ਕਿ ਇਹ ਮਾਮਲਾ ਪਹਿਲਾਂ ਹੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ CWP ਨੰਬਰ 15896 ਆਫ 2023 ਡਾ. ਸੌਰਭ ਸ਼ਰਮਾ ਅਤੇ ਹੋਰ ਬਨਾਮ ਪੰਜਾਬ ਰਾਜ ਅਤੇ LPA ਨੰਬਰ 2977 ਆਫ 2024 ਪੰਜਾਬ ਸਰਕਾਰ ਅਤੇ ਹੋਰ ਬਨਾਮ ਡਾ. ਸੌਰਭ ਸ਼ਰਮਾ ਅਤੇ ਹੋਰ ਵਿੱਚ ਸੁਣਿਆ ਜਾ ਚੁੱਕਾ ਹੈ।

ਅਦਾਲਤ ਵੱਲੋਂ ਆਪਣੇ ਫੈਸਲਿਆਂ ਵਿੱਚ ਇਹ ਸਪਸ਼ਟ ਕੀਤਾ ਗਿਆ ਹੈ ਕਿ ਕਿਸੇ ਵੀ Executive Decision ਰਾਹੀਂ Statutory Rules ਅਧੀਨ ਮਿਲਣਯੋਗ ਤਨਖ਼ਾਹ ਸਕੇਲ ਨੂੰ ਘਟਾਇਆ ਨਹੀਂ ਜਾ ਸਕਦਾ।

ਯੂਨੀਅਨ ਨੇ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਮਾਨਯੋਗ ਅਦਾਲਤ ਦੇ ਉਕਤ ਫੈਸਲਿਆਂ ਤੋਂ ਬਾਅਦ ਕਈ ਵਿਭਾਗਾਂ ਵੱਲੋਂ ਨਵੇਂ ਭਰਤੀ ਕਲਰਕਾਂ ਦੀ ਬੇਸਿਕ ਤਨਖ਼ਾਹ 19,900 ਰੁਪਏ ਤੋਂ ਵਧਾ ਕੇ 31,100 ਰੁਪਏ ਅਨੁਸਾਰ ਫਿਕਸ ਕੀਤੀ ਜਾ ਰਹੀ ਹੈ।

ਇਸ ਮੌਕੇ ਯੂਨੀਅਨ ਵੱਲੋਂ ਮੰਗ ਕੀਤੀ ਗਈ ਕਿ ਮਿਤੀ 17.07.2020 ਤੋਂ ਬਾਅਦ ਭਰਤੀ ਹੋਏ ਕਲਰਕਾਂ ਦੀ ਬੇਸਿਕ ਪੇਅ ਵੀ 19,900 ਰੁਪਏ ਤੋਂ ਵਧਾ ਕੇ 31,100 ਰੁਪਏ ਨਿਰਧਾਰਤ ਕੀਤੀ ਜਾਵੇ ਤਾਂ ਜੋ ਕਰਮਚਾਰੀਆਂ ਨਾਲ ਨਿਆਂ ਹੋ ਸਕੇ।

# ਹਰਿਆਣਾ ਵਿੱਚ ਗਰੁੱਪ-ਡੀ ਦੀਆਂ ਖਾਲੀ ਅਸਾਮੀਆਂ ਦੀ ਭਰਤੀ ਪ੍ਰਕਿਰਿਆ ਵਿੱਚ ਤੇਜ਼ੀ

**ਚੰਡੀਗੜ੍ਹ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਰਾਜ ਦੇ ਵੱਖ-ਵੱਖ ਵਿਭਾਗਾਂ, ਬੋਰਡਾਂ, ਨਿਗਮਾਂ, ਅਥਾਰਟੀਆਂ ਅਤੇ ਹੋਰ ਸਰਕਾਰੀ ਏਜੰਸੀਆਂ ਵਿੱਚ ਖਾਲੀ ਪਏ ਗਰੁੱਪ-ਡੀ ਦੇ ਰੈਗੂਲਰ ਅਹੁਦਿਆਂ ਨੂੰ ਭਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।

ਇਸ ਦੇ ਤਹਿਤ ਚੌਕੀਦਾਰ ਅਤੇ ਸਵੀਪਰ ਦੀਆਂ ਅਸਾਮੀਆਂ ਨੂੰ ਛੱਡ ਕੇ ਬਾਕੀ ਸਾਰੀਆਂ ਖਾਲੀ ਨਿਯਮਤ ਗਰੁੱਪ-ਡੀ ਅਸਾਮੀਆਂ ਹਰਿਆਣਾ ਕਰਮਚਾਰੀ ਚੋਣ ਕਮਿਸ਼ਨ ਰਾਹੀਂ ਭਰੀਆਂ ਜਾਣਗੀਆਂ।

ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਨੇ ਇਸ ਸਬੰਧੀ ਸਾਰੇ ਪ੍ਰਸ਼ਾਸਨਿਕ ਸਕੱਤਰਾਂ, ਬੋਰਡਾਂ, ਨਿਗਮਾਂ, ਸੰਵਿਧਾਨਕ ਸੰਸਥਾਵਾਂ ਅਤੇ ਰਾਜ ਸਰਕਾਰ ਦੇ ਅਧੀਨ ਅਤੇ ਕੰਟਰੋਲ ਵਾਲੀਆਂ ਹੋਰ ਏਜੰਸੀਆਂ ਦੇ ਮੁਖੀਆਂ ਨੂੰ ਖਾਲੀ ਅਸਾਮੀਆਂ ਦੀ ਨਵੀਂ ਮੰਗ 31 ਮਈ, 2026 ਤੱਕ HSSC ਦੇ ਪੋਰਟਲ ਤੇ ਅਪਲੋਡ ਕਰਨ ਦੇ ਨਿਰਦੇਸ਼ ਦਿੱਤੇ ਹਨ।

ਵਿਭਾਗਾਂ ਨੂੰ ਪ੍ਰਵਾਨਿਤ ਅਹੁਦਿਆਂ, ਨਿਯਮਤ ਕਰਮਚਾਰੀਆਂ ਦੁਆਰਾ ਭਰੇ ਗਏ ਅਹੁਦਿਆਂ ਅਤੇ ਹਰਿਆਣਾ ਕੰਟਰੈਕਟ ਕਰਮਚਾਰੀ (ਸੇਵਾ ਸੁਰੱਖਿਆ) ਐਕਟ, 2024 ਦੇ ਤਹਿਤ ਕੰਮ ਕਰ ਰਹੇ ਕੰਟਰੈਕਟ ਕਰਮਚਾਰੀਆਂ ਦੁਆਰਾ ਭਰੇ ਗਏ ਅਹੁਦਿਆਂ ਦਾ ਵੇਰਵਾ ਦੇਣ ਦੇ ਵੀ ਨਿਰਦੇਸ਼ ਦਿੱਤੇ ਗਏ ਹਨ।

ਇਸ ਤੋਂ ਇਲਾਵਾ, ਪੰਜ ਸਾਲ ਦੀ ਸੇਵਾ ਪੂਰੀ ਕਰ ਚੁੱਕੇ ਕੰਟਰੈਕਟ ਕਰਮਚਾਰੀਆਂ ਅਤੇ ਪੰਜ ਸਾਲ ਦੀ ਸੇਵਾ ਪੂਰੀ ਨਾ ਕਰਨ ਵਾਲੇ ਕਰਮਚਾਰੀਆਂ ਦਾ ਵੱਖ-ਵੱਖ ਵੇਰਵਾ ਉਪਲਬਧ ਕਰਵਾਉਣ ਲਈ ਕਿਹਾ ਗਿਆ ਹੈ।

# ਨਗਰ ਨਿਗਮ ਚੋਣਾਂ ’ਚ ਭਾਜਪਾ ਦੀ ਹੂੰਝਾ ਫੇਰ ਜਿੱਤ





**ਚੰਡੀਗੜ੍ਹ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਜਪਾ ਨੇ ਹਰਿਆਣਾ ਦੀਆਂ ਤਿੰਨ ਨਗਰ ਨਿਗਮਾਂ, ਇਕ ਨਗਰ ਕੌਂਸਲ ਤੇ ਤਿੰਨ ਨਗਰ ਪਰਿਸ਼ਦਾਂ ਦੀਆਂ ਚੋਣਾਂ ਵਿੱਚ ਹੂੰਝਾ ਫੇਰ ਜਿੱਤ ਦਰਜ ਕੀਤੀ ਹੈ। ਭਾਜਪਾ ਨਗਰ ਨਿਗਮ ਪੰਚਕੂਲਾ, ਅੰਬਾਲਾ ਤੇ ਸੋਨੀਪਤ ਵਿੱਚ ਆਪਣੇ ਮੇਅਰ ਬਣਾਉਣ ਵਿੱਚ ਸਫਲ ਰਹੀ ਹੈ। ਇਸੇ ਤਰ੍ਹਾਂ ਨਗਰ ਪਰਿਸ਼ਦ ਧਾਰੂਹੇੜਾ ਤੇ ਸਾਂਪਲਾ ਅਤੇ ਨਗਰ ਕੌਂਸਲ ਰਿਵਾੜੀ ਵਿੱਚ ਭਾਜਪਾ ਦੇ ਪ੍ਰਧਾਨ ਜੇਤੂ ਰਹੇ ਹਨ। ਨਗਰ ਪਰਿਸ਼ਦ ਉਕਲਾਨਾ ਵਿੱਚ ਕਾਂਗਰਸ ਦਾ ਹਮਾਇਤੀ ਉਮੀਦਵਾਰ ਪ੍ਰਧਾਨ ਦੀ ਚੋਣ ’ਚ ਜੇਤੂ ਰਿਹਾ। ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਦੇ ਗੜ੍ਹ ਮੰਨੇ ਜਾਂਦੇ ਨਗਰ ਪਰਿਸ਼ਦ ਸਾਂਪਲਾ ਵਿੱਚ ਵੀ ਕਾਂਗਰਸ ਪਾਰਟੀ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਹੈ।

ਨਗਰ ਨਿਗਮ ਪੰਚਕੂਲਾ ਵਿੱਚ ਮੇਅਰ ਦੀ ਚੋਣ ’ਚ ਭਾਜਪਾ ਉਮੀਦਵਾਰ ਸ਼ਿਆਮ ਲਾਲ ਬਾਂਸਲ (68,544) ਨੇ ਆਪਣੇ ਵਿਰੋਧੀ ਕਾਂਗਰਸੀ ਉਮੀਦਵਾਰ ਸੁਧਾ ਭਾਰਦਵਾਜ ਨੂੰ 36,252 ਵੋਟਾਂ ਦੇ ਫ਼ਰਕ ਨਾਲ ਹਰਾਇਆ। ਇਨੈਲੋ, ‘ਆਪ’ ਤੇ ਦੋ ਆਜ਼ਾਦ ਉਮੀਦਵਾਰਾਂ ਦੀ ਜ਼ਮਾਨਤ ਜ਼ਬਤ ਹੋ ਗਈ। ਨੋਟਾ ਨੂੰ 1443 ਵੋਟਾਂ ਪਈਆਂ।

ਪੰਚਕੂਲਾ ਨਗਰ ਨਿਗਮ ਵਿੱਚ ਕੁੱਲ 20 ਵਾਰਡਾਂ ਵਿੱਚੋਂ ਭਾਜਪਾ ਨੇ 17, ਕਾਂਗਰਸ ਨੇ 1 ਅਤੇ ਦੋ ਵਾਰਡਾਂ ਵਿੱਚ ਆਜ਼ਾਦ ਉਮੀਦਵਾਰ ਜੇਤੂ ਰਹੇ। ਨਗਰ ਨਿਗਮ ਅੰਬਾਲਾ ਵਿੱਚ ਮੇਅਰ ਦੀ ਚੋਣ ਦੌਰਾਨ ਭਾਜਪਾ ਉਮੀਦਵਾਰ ਅਕਸ਼ਿਤਾ ਸੈਣੀ (52794 ਵੋਟਾਂ) ਨੇ ਕਾਂਗਰਸੀ ਉਮੀਦਵਾਰ ਕੁਲਵਿੰਦਰ ਕੌਰ ਸੈਣੀ ਨੂੰ 21358 ਵੋਟਾਂ ਦੇ ਫ਼ਰਕ ਨਾਲ ਹਰਾਇਆ। ਨੋਟਾ ਨੂੰ 1691 ਵੋਟਾਂ ਪਈਆਂ। ਅੰਬਾਲਾ ਦੇ 20 ਵਾਰਡਾਂ ਵਿੱਚੋਂ ਭਾਜਪਾ ਨੇ 16, ਕਾਂਗਰਸ ਨੇ ਤਿੰਨ ਅਤੇ ਇਕ ਵਾਰਡ ਵਿੱਚ ਆਜ਼ਾਦ ਉਮੀਦਵਾਰ ਜੇਤੂ ਰਿਹਾ। ਨਗਰ ਨਿਗਮ ਸੋਨੀਪਤ ਦੀ ਚੋਣ ਵਿੱਚ ਮੇਅਰ ਦੀ ਚੋਣ ਵਿੱਚ ਭਾਜਪਾ ਉਮੀਦਵਾਰ ਰਾਜੀਵ ਜੈਨ (78,035 ਵੋਟਾਂ) ਨੇ ਕਾਂਗਰਸੀ ਉਮੀਦਵਾਰ ਕਮਲ ਦੀਵਾਨ ਨੂੰ 23247 ਵੋਟਾਂ ਦੇ ਫ਼ਰਕ ਨਾਲ ਹਰਾਇਆ। ਨਗਰ ਕੌਂਸਲ ਧਾਰੂਹੇੜਾ ਵਿੱਚ ਪ੍ਰਧਾਨ ਦੀ ਚੋਣ ਦੌਰਾਨ ਭਾਜਪਾ ਉਮੀਦਵਾਰ ਸੱਤਿਆਨਾਰਾਇਣ ਨੇ 9392 ਵੋਟਾਂ ਹਾਸਲ ਕਰ ਕੇ ਜਿੱਤ ਹਾਸਲ ਕੀਤੀ ਹੈ। ਕਾਂਗਰਸੀ ਉਮੀਦਵਾਰ ਨੂੰ ਸਿਰਫ਼ 1817 ਵੋਟਾਂ ਪਈਆਂ।

ਨਗਰ ਪਰਿਸ਼ਦ ਸਾਂਪਲਾ ਦੀ ਚੋਣ ਦੌਰਾਨ ਭਾਜਪਾ ਉਮੀਦਵਾਰ ਪ੍ਰਵੀਨ ਨੇ 4391 ਵੋਟਾਂ ਹਾਸਲ ਕਰਕੇ ਜਿੱਤ ਹਾਸਲ ਕੀਤੀ ਹੈ। ਨਗਰ ਪਰਿਸ਼ਦ ਉਕਲਾਨਾ ਵਿੱਚ ਪ੍ਰਧਾਨ ਦੀ ਚੋਣ ਦੌਰਾਨ ਕਾਂਗਰਸ ਹਮਾਇਤੀ ਆਜ਼ਾਦ ਉਮੀਦਵਾਰ ਰੀਮਾ ਸੋਨੀ ਨੇ 7078 ਵੋਟਾਂ ਨਾਲ ਜਿੱਤ ਹਾਸਲ ਕੀਤੀ ਹੈ। ਭਾਜਪਾ ਉਮੀਦਵਾਰ ਨਿਕਿਤਾ ਗੋਇਲ ਨੂੰ 4272 ਵੋਟਾਂ ਪਈਆਂ। ਨਗਰ ਕੌਂਸਲ ਰਿਵਾੜੀ ਦੀ ਚੋਣ ਦੌਰਾਨ ਭਾਜਪਾ ਉਮੀਦਵਾਰ ਵਿਨੀਤਾ ਪਿੱਪਲ ਨੇ 44,521 ਵੋਟਾਂ ਨਾਲ ਜਿੱਤ ਹਾਸਲ ਕੀਤੀ ਹੈ।

# ਨਿਕਾਏ ਚੌਣਾਂ ਵਿੱਚ ਜਿੱਤ ਦਰਜ ਕਰਨ ’ਤੇ ਮੁੱਖ ਮੰਤਰੀ ਨੇ ਦਿੱਤੀ ਸਾਰਿਆਂ ਨੂੰ ਸ਼ੁਭਕਾਮਨਾਵਾਂ



**ਚੰਡੀਗੜ੍ਹ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਨਿਕਾਏ ਚੌਣਾਂ ਵਿੱਚ ਜਿੱਤ ਦਰਜ ਕਰਨ @ਤੇ ਸਾਰੇ ਜੇਤੂ ਉਮੀਦਵਾਰਾਂ ਨੂੰ ਬਧਾਈ ਅਤੇ ਸ਼ੁਭਕਾਮਨਾਵਾਂ ਦਿੱਤੀ। ਉਨ੍ਹਾਂ ਨੇ ਕਿਹਾ ਕਿ ਆਮ ਜਨਤਾ ਨੇ ਨਿਕਾਏ ਚੌਣਾਂ ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਅਤੇ ਭਾਰਤੀ ਜਨਤਾ ਪਾਰਟੀ ਦੀ ਨੀਤੀਆਂ @ਤੇ ਜਿੱਤ ਦੀ ਮੋਹਰ ਲਗਾਈ ਹੈ।

ਮੁੱਖ ਮੰਤਰੀ ਬੁੱਧਵਾਰ ਨੂੰ ਨਵੀਂ ਦਿੱਲੀ ਸਥਿਤ ਹਰਿਆਣਾ ਭਵਨ ਵਿੱਚ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ। ਇਸ ਮੌਕੇ @ਤੇ ਵਿਕਾਸ ਅਤੇ ਪੰਚਾਇਤ ਮੰਤਰੀ ਸ਼੍ਰੀ ਕ੍ਰਿਸ਼ਣ ਲਾਲ ਪੰਵਾਰ ਵੀ ਮੌਜੂਦ ਰਹੇ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦਾ ਧੰਨਵਾਦ ਹੈ, ਉਨ੍ਹਾਂ ਦੀ ਅਗਵਾਈ ਵਿੱਚ ਨਾਨ ਸਟਾਪ ਭਾਰਤੀ ਜਨਤਾ ਪਾਟਰੀ ਦੀ ਸਰਕਾਰ ਬਣ ਰਹੀ ਹੈ।

ਪ੍ਰਧਾਨ ਮੰਤਰੀ ਦੀ ਨੀਤੀਆਂ @ਤੇ ਲਗਾਤਾਰ ਆਮ ਜਨਤਾ ਦਾ ਭਰੋਸਾ ਵੱਧ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਕਾਂਗਰਸ ਲਗਾਤਾਰ ਝੂਠ ਦਾ ਸਹਾਰਾ ਲੈ ਕੇ ਲੋਕਾਂ ਵਿੱਚਕਾਰ ਆ ਜਾਂਦੀ ਹੈ। ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਜੋ ਕਹਿੰਦੇ ਹਨ, ਉਸ ਨੂੰ ਪੂਰਾ ਕਰਦੇ ਹਨ। ਇਸੇ ਤਰ੍ਹਾਂ ਹਰਿਆਣਾ ਵਿੱਚ ਹੋਏ ਨਿਕਾਏ ਚੌਣਾਂ ਵਿੱਚ ਇਕਤਰਫਾ ਜਿੱਤ ਦਰਜ ਕੀਤੀ ਗਈ ਹੈ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਜਨਤਾ ਨੇ ਚੌਣਾਂ ਵਿੱਚ ਕਾਂਗਰਸ ਦੇ ਚੇਹਰੇ ਤੋਂ ਨਕਾਬ ਉਤਾਰਿਆ ਹੈ। ਕਾਂਗਰਸ ਝੂਠ ਬੋਲਣ ਦਾ ਕੰਮ ਕਰਦੀ ਹੈ। ਜਨਤਾ ਨੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਅਤੇ ਭਾਰਤੀ ਜਨਤਾ ਪਾਰਟੀ ਦੀ ਨੀਤੀਆਂ @ਤੇ ਭਰੋਸਾ ਜਤਾਇਆ ਹੈ।

# ਕਿਸ਼ਾਊ ਬਾਂਧ ਪ੍ਰੋਜੈਕਟ ਵਿੱਚ ਆਈ ਤੇਜੀ, ਪੜੋਸੀ ਰਾਜਿਆਂ ਵਿੱਚ ਜਲਦ ਹੋਵੇ ਐਮਓਯੂ : ਮੁੱਖ ਮੰਤਰੀ



**ਚੰਡੀਗੜ੍ਹ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਜਲ ਸ਼ਕਤੀ ਮੰਤਰੀ ਸ੍ਰੀ ਸੀਆਰ ਪਾਟਿਲ ਦੀ ਅਗਵਾਈ ਵਿੱਚ ਨਵੀਂ ਦਿੱਲੀ ਸਥਿਤ ਉਨ੍ਹਾਂ ਦੇ ਨਿਵਾਸ ਸਥਾਨ @ਤੇ ਬੁੱਧਵਾਰ ਨੂੰ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਅਤੇ ਰਾਜਸਥਾਨ ਦੇ ਮੁੱਖ ਮੰਤਰੀ ਸ੍ਰੀ ਭਜਨ ਲਾਲ ਸ਼ਰਮਾ ਵਿੱਚਕਾਰ ਮੀਟਿੰਗ ਹੋਈ। ਇਸ ਦੌਰਾਨ ਦੋਹਾਂ ਰਾਜਿਆਂ ਦੇ ਆਲਾ ਅਧਿਕਾਰੀ ਵੀ ਸ਼ਾਮਲ ਹੋਏ। ਮੀਟਿੰਗ ਵਿੱਚ ਹਰਿਆਣਾ ਦੇ ਮੁੱਖ ਮੰਰਤੀ ਸ੍ਰੀ ਨਾਇਬ ਸਿੰਘ ਸੈਣੀ ਨੇ ਕੇਂਦਰੀ ਮੰਤਰੀ ਦੇ ਸਾਹਮਣੇ ਕੁੱਝ ਪੜੋਸੀ ਰਾਜਿਆਂ ਨਾਲ ਜੁੜੇ ਸਾਂਝਾ ਮੁਦਿਆਂ ਅਤੇ ਹਰਿਆਣਾ ਨਾਲ ਜੁੜੇ ਪਾਣੀ ਦੇ ਵਿਸ਼ਿਆਂ ਨੂੰ ਰਖਿਆ। ਉਨ੍ਹਾਂ ਨੇ ਕਿਸ਼ਾਊ ਬਾਂਧ ਪ੍ਰੋਜੈਕਟ ਵਿੱਚ ਤੇਜੀ ਲਿਆਉਣ ਅਤੇ ਜਲਦ ਤੋਂ ਜਲਦ ਪੜੋਸੀ ਰਾਜਿਆਂ ਵਿੱਚਕਾਰ ਇਸ ਪ੍ਰੋਜੈਕਟ ਨੂੰ ਲੈ ਕੇ ਐਮਓਯੂ ਕੀਤੇ ਜਾਣ ਦਾ ਵਿਸ਼ਾ ਰਖਿਆ।


ਇਸ @ਤੇ ਕੇਂਦਰੀ ਜਲ ਸ਼ਕਤੀ ਮੰਤਰੀ ਸ੍ਰੀ ਸੀਆਰ ਪਾਟਿਲ ਨੇ ਆਪਣੇ ਸਕੱਤਰ ਨੂੰ ਨਿਰਦੇਸ਼ ਦਿੱਤੇ ਕਿ ਜਲਦ ਤੋਂ ਜਲਦ ਕਿਸ਼ਾਊ ਬਾਂਧ ਨੂੰ ਲੈ ਕੇ ਹਿਮਾਚਲ ਪ੍ਰਦੇਸ਼, ਉਤਰਾਖੰਡ, ਹਰਿਆਣਾ, ਦਿੱਲੀ ਅਤੇ ਰਾਜਸਥਾਨ ਦੇ ਅਧਿਕਾਰਿਆਂ ਦੀ ਮੀਟਿੰਗ ਆਯੋਜਿਤ ਕੀਤੇ ਜਾਣ ਅਤੇ ਬਾਂਧ ਨਾਲ ਜੁੜੇ ਜਲ ਬੰਟਵਾਰੇ ਅਤੇ ਬਿਜਲੀ ਨੂੰ ਲੈ ਕੇ ਫੈਸਲਾ ਕੀਤਾ ਜਾਵੇ। ਇਸ ਤੋਂ ਬਾਅਦ ਇਸ ਨੂੰ ਲੈ ਕੇ ਜਲਦ ਹੀ ਮੁੱਖ ਮੰਤਰੀਆਂ ਦੀ ਮੀਟਿੰਗ ਬੁਲਾਈ ਜਾਵੇ ਅਤੇ ਐਮਓਯੂ ਨਾਲ ਜੁੜੇ ਕੰਮ ਨੂੰ ਪੂਰਾ ਕੀਤਾ ਜਾਵੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਹ ਬਾਂਧ ਪ੍ਰੋਜੈਕਟ ਸਾਰੇ ਸੂਬਿਆਂ ਲਈ ਮਹੱਤਵਪੂਰਨ ਹੈ। ਇਸ ਨਾਲ ਵੱਡੀ ਮਾਤਰਾ ਵਿੱਚ ਪਾਣੀ ਮਿਲੇਗਾ, ਜੋ ਸਾਰਿਆਂ ਲਈ ਬੇਹਦ ਜਰੂਰੀ ਹੈ। ਇਸ ਨਾਲ ਸਾਰੇ ਰਾਜਿਆਂ ਨੂੰ ਲਾਭ ਮਿਲੇਗਾ। ਇਸ ਵਿਸ਼ੇ @ਤੇ ਕੇਂਦਰੀ ਮੰਤਰੀ ਸ੍ਰੀ ਸੀਆਰ ਪਾਟਿਲ ਨੇ ਆਪਣੇ ਵਿਭਾਗ ਦੇ ਅਧਿਕਾਰਿਆਂ ਨੂੰ ਜਲਦ ਤੋਂ ਜਲਦ ਇਸ ਵਿਸ਼ੇ @ਤੇ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

ਮੀਟਿੰਗ ਵਿੱਚ ਮੁੱਖ ਮੰਤਰੀ ਨੇ ਨਾਇਬ ਸਿੰਘ ਸੈਣੀ ਨੇ ਫਰੀਦਾਬਾਦ ਅਤੇ ਪਲਵਲ ਲਈ ਉਤਰ ਪ੍ਰਦੇਸ਼ ਨਾਲ ਅਪਰ ਗੰਗਾ ਕੈਨਾਲ ਤੋਂ ਪਾਣੀ ਲੈਣ ਨੂੰ ਲੈ ਕੇ ਚਰਚਾ ਕੀਤੀ। ਉਨ੍ਹਾਂ ਨੇ ਇਸ ਸਬੰਧ ਵਿੱਚ ਕੇਂਦਰੀ ਜਲ ਸ਼ਕਤੀ ਮੰਤਰੀ ਸ੍ਰੀ ਸੀਆਰ ਪਾਟਿਲ ਦੇ ਮਾਰਗਦਰਸ਼ਨ ਵਿੱਚ ਜਲਦ ਤੋਂ ਜਲਦ ਇਸ ਯੋਜਨਾ ਨੂੰ ਅੱਗੇ ਵਧਾਉਣ ਦੀ ਅਪੀਲ ਕੀਤੀ। ਮੀਟਿੰਗ ਵਿੱਚ ਮੁਣਕ ਕੈਨਾਲ ਤੋਂ ਗੁਰੂਗ੍ਰਾਮ ਅਤੇ ਨੂੰਹ ਜ਼ਿਲ੍ਹੇ ਤੱਕ ਪਾਣੀ ਦੀ ਸਪਲਾਈ ਪਹੁੰਚਾਉਣ ਨਾਲ ਜੁੜੀ 2000 ਕਰੋੜ ਦੇ ਪ੍ਰੋਜੈਕਟ ਦੀ ਵੀ ਕੇਂਦਰੀ ਜਲ ਸ਼ਕਤੀ ਮੰਤਰੀ ਨਾਲ ਚਰਚਾ ਕੀਤੀ। ਇਸ ਸਬੰਧ ਵਿੱਚ ਕੇਂਦਰੀ ਮੰਤਰੀ ਨੇ ਇਸ ਪ੍ਰੋਜੈਕਟ ਨੂੰ ਲੈ ਕੇ ਜੋ ਵੀ ਸੰਭਵ ਸਹਾਇਤਾ ਹੋਵੇਗੀ, ਉਸ ਨੂੰ ਦੇਣ ਦਾ ਭਰੋਸਾ ਦਿੱਤਾ। ਮੀਟਿੰਗ ਵਿੱਚ ਆਰਆਰਟੀਐਸ ਪ੍ਰੋਜੈਕਟ ਨੂੰ ਲੈ ਕੇ ਰਾਜਸਥਾਨ ਨਾਲ ਜੁੜੇ ਵਿਸ਼ੇ @ਤੇ ਚਰਚਾ ਵੀ ਹੋਈ। ਨਜਫ਼ਗੜ੍ਹ ਵਿੱਚ ਜਲਭਰਾਵ ਨੂੰ ਲੈ ਕੇ ਵੀ ਚਰਚਾ ਕੀਤੀ ਗਈ।

ਇਸ ਦੌਰਾਨ ਹਰਿਆਣਾ ਦੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ, ਸਿੰਚਾਈ ਅਤੇ ਜਲ ਸਰੋਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਅਨੁਰਾਗ ਅਗਰਵਾਲ ਅਤੇ ਹੋਰ ਅਧਿਕਾਰੀਗਣ ਮੌਜੂਦ ਰਹੇ।

# ਸ਼ਹੀਦੀ ਸਮਾਰਕ ’ਚ ਲੱਗਿਆ ਤਿਰੰਗਾ ਲੋਕਾਂ ਨੂੰ ਦੇਸ਼ ਭਗਤੀ ਦਾ ਸੰਦੇਸ਼ ਦੇਵੇਗਾ, ਅੰਬਾਲਾ ’ਚ ਇਹ ਸਭ ਤੋਂ ਉੱਚਾ ਤਿਰੰਗਾ ਹੋਵੇਗਾ

**ਚੰਡੀਗੜ੍ਹ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੀ ਵੀਰ ਭੂਮੀ, ਅੰਬਾਲਾ ਕੈਂਟ ਵਿੱਚ ਬਣਿਆ ਸ਼ਹੀਦੀ ਸਮਾਰਕ ਨਾ ਸਿਰਫ਼ ਰਾਜ ਲਈ ਸਗੋਂ ਪੂਰੇ ਦੇਸ਼ ਲਈ ਦੇਸ਼ ਭਗਤੀ ਦਾ ਇੱਕ ਨਵਾਂ ਕੇਂਦਰ ਬਣਨ ਜਾ ਰਿਹਾ ਹੈ। 1857 ਦੀ ਪਹਿਲੀ ਆਜ਼ਾਦੀ ਦੀ ਜੰਗ ਦੀਆਂ ਯਾਦਾਂ ਨੂੰ ਸਮੇਟੇ ਹੋਏ ਇਸ ਸ਼ਹੀਦੀ ਸਮਾਰਕ ਵਿੱਚ ਹੁਣ ਇੱਕ ਹੋਰ ਸ਼ਾਨਦਾਰ ਅਧਿਆਏ ਜੁੜਨ ਜਾ ਰਿਹਾ ਹੈ।

ਹਰਿਆਣਾ ਦੇ ਊਰਜਾ ਮੰਤਰੀ ਸ਼੍ਰੀ ਅਨਿਲ ਵਿਜ ਨੇ ਦੱਸਿਆ ਕਿ ਹੁਣ ਸ਼ਹੀਦੀ ਸਮਾਰਕ ਕੰਪਲੈਕਸ ਵਿੱਚ ਇੱਕ ਵਿਸ਼ਾਲ ਤਿਰੰਗਾ ਲਹਿਰਾਇਆ ਜਾਵੇਗਾ, ਜਿਸ ਦੀ ਉਚਾਈ 210 ਫੁੱਟ ਹੋਵੇਗੀ। ਇਹ ਤਿਰੰਗਾ ਸਮਾਰਕ ਵਿੱਚ ਬਣੇ 206 ਫੁੱਟ ਉੱਚੇ @ਮੈਮੋਰੀਅਲ ਟਾਵਰ@ ਤੋਂ ਵੀ ਉੱਚਾ ਹੋਵੇਗਾ, ਜੋ ਦੂਰੋਂ ਹੀ ਲੋਕਾਂ ਨੂੰ ਦੇਸ਼ ਭਗਤੀ ਦਾ ਸੰਦੇਸ਼ ਦੇਵੇਗਾ। ਅੰਬਾਲਾ ਵਿੱਚ ਇਹ ਸਭ ਤੋਂ ਉੱਚਾ ਤਿਰੰਗਾ ਹੋਵੇਗਾ।

ਸ਼੍ਰੀ ਵਿਜ ਨੇ ਅੱਜ ਤਿਰੰਗਾ ਲਗਾਉਣ ਵਾਲੀ ਥਾਂ ਨੂੰ ਲੈ ਕੇ ਅੰਬਾਲਾ ਕੈਂਟ ਸਥਿਤ ਸ਼ਹੀਦੀ ਸਮਾਰਕ ਦਾ ਮੁਆਇਨਾ ਕੀਤਾ ਅਤੇ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਕਰਕੇ ਤਿਰੰਗਾ ਜਲਦੀ ਲਗਾਉਣ ਦੇ ਨਿਰਦੇਸ਼ ਦਿੱਤੇ। ਮੌਕੇ @ਤੇ ਮੌਜੂਦ ਸ਼ਹੀਦੀ ਸਮਾਰਕ ਦੇ ਡਾਇਰੈਕਟਰ ਡਾ. ਕੁਲਦੀਪ ਸੈਣੀ ਨੇ ਦੱਸਿਆ ਕਿ ਤਿਰੰਗਾ @ਫਲੈਗ ਫਾਊਂਡੇਸ਼ਨ ਆਫ ਇੰਡੀਆ@ ਵੱਲੋਂ ਲਗਾਇਆ ਜਾਵੇਗਾ ਅਤੇ ਜਲਦੀ ਹੀ ਤਕਨੀਕੀ ਟੀਮ ਇਸ ਸਬੰਧੀ ਸ਼ਹੀਦੀ ਸਮਾਰਕ ਦਾ ਦੌਰਾ ਕਰੇਗੀ।

ਸ਼ਹੀਦੀ ਸਮਾਰਕ ਵਿੱਚ 210 ਫੁੱਟ ਦੀ ਉਚਾਈ @ਤੇ ਲਹਿਰਾਉਂਦਾ ਤਿਰੰਗਾ ਇਸ ਗੱਲ ਦਾ ਸਬੂਤ ਹੋਵੇਗਾ ਕਿ ਸ਼ਹੀਦਾਂ ਦੀ ਕੁਰਬਾਨੀ ਸਰਵਉੱਚ ਹੈ। ਇਹ ਸਮਾਰਕ ਆਉਣ ਵਾਲੇ ਸਮੇਂ ਵਿੱਚ ਕੁਰੂਕਸ਼ੇਤਰ ਅਤੇ ਹੋਰ ਇਤਿਹਾਸਕ ਸਥਾਨਾਂ ਵਾਂਗ ਦੁਨੀਆ ਭਰ ਦੇ ਸੈਲਾਨੀਆਂ ਨੂੰ ਆਕਰਸ਼ਿਤ ਕਰੇਗਾ। ਸ਼ਹੀਦੀ ਸਮਾਰਕ ਨਾ ਸਿਰਫ਼ ਹਰਿਆਣਾ ਦਾ ਸਗੋਂ ਭਾਰਤ ਦਾ ਇੱਕ ਪ੍ਰਮੁੱਖ ਇਤਿਹਾਸਕ ਸਥਾਨ ਬਣੇਗਾ।

ਕਿਸੇ ਵੀ ਸਮਾਰਕ ਵਿੱਚ ਤਿਰੰਗਾ ਸਭ ਤੋਂ ਉੱਚਾ ਹੋਣਾ ਚਾਹੀਦਾ ਹੈ, ਇਹ ਭਾਵਨਾ ਸਨਮਾਨ ਅਤੇ ਪ੍ਰਭੂਸੱਤਾ ਦਾ ਪ੍ਰਤੀਕ ਹੈ। ਅਧਿਕਾਰੀਆਂ ਅਨੁਸਾਰ ਇਹ ਫੈਸਲਾ ਇਸ ਲਈ ਲਿਆ ਗਿਆ ਹੈ ਤਾਂ ਜੋ ਜਦੋਂ ਕੋਈ ਸੈਲਾਨੀ ਸਮਾਰਕ ਨੂੰ ਦੇਖੇ ਤਾਂ ਸਭ ਤੋਂ ਪਹਿਲਾਂ ਉਸ ਦੀ ਨਜ਼ਰ ਦੇਸ਼ ਦੀ ਆਨ-ਬਾਨ ਅਤੇ ਸ਼ਾਨ ਤਿਰੰਗੇ @ਤੇ ਪਵੇ।

1857 ਵਿੱਚ ਦੇਸ਼ ਦੀ ਪਹਿਲੀ ਆਜ਼ਾਦੀ ਦੀ ਜੰਗ ਨੂੰ ਸਮਰਪਿਤ ਸ਼ਹੀਦੀ ਸਮਾਰਕ ਦਾ ਨਿਰਮਾਣ ਊਰਜਾ ਮੰਤਰੀ ਅਨਿਲ ਵਿਜ ਦੇ ਯਤਨਾਂ ਸਦਕਾ ਅੰਬਾਲਾ ਛਾਉਣੀ ਵਿੱਚ ਕੀਤਾ ਜਾ ਰਿਹਾ ਹੈ। ਜੀ.ਟੀ ਰੋਡ @ਤੇ 22 ਏਕੜ ਜ਼ਮੀਨ @ਤੇ ਬਣੇ ਇਸ ਸ਼ਹੀਦੀ ਸਮਾਰਕ @ਚ 1857 @ਚ ਸ਼ਹੀਦ ਹੋਏ ਅਣਸੰਗ ਸੂਰਬੀਰਾਂ ਨੂੰ ਨਮਨ ਕੀਤਾ ਜਾ ਸਕੇਗਾ। ਲਗਭਗ 700 ਕਰੋੜ ਰੁਪਏ ਦੀ ਲਾਗਤ ਨਾਲ ਸ਼ਹੀਦੀ ਸਮਾਰਕ ਬਣ ਕੇ ਤਿਆਰ ਹੋ ਚੁੱਕਾ ਹੈ, ਜਿਸ ਦਾ ਆਉਣ ਵਾਲੇ ਦਿਨਾਂ ਵਿੱਚ ਜਲਦੀ ਹੀ ਉਦਘਾਟਨ ਹੋਵੇਗਾ।

ਅੰਬਾਲਾ ਛਾਉਣੀ ਸੂਰਬੀਰਾਂ ਦੀ ਧਰਤੀ ਹੈ ਜਿੱਥੋਂ 1857 ਵਿੱਚ ਆਜ਼ਾਦੀ ਦੀ ਜੰਗ ਦੀ ਜਵਾਲਾ ਭੜਕੀ ਸੀ। ਊਰਜਾ ਮੰਤਰੀ ਅਨਿਲ ਵਿਜ ਦੇ ਯਤਨਾਂ ਸਦਕਾ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਸ਼ਹੀਦੀ ਸਮਾਰਕ ਦਾ ਨਿਰਮਾਣ ਕੀਤਾ ਗਿਆ ਹੈ। ਇਸੇ ਤਰ੍ਹਾਂ ਅੰਬਾਲਾ ਛਾਉਣੀ ਵਿੱਚ ਨੇਤਾ ਜੀ ਸੁਭਾਸ਼ ਚੰਦਰ ਬੋਸ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸੁਭਾਸ਼ ਪਾਰਕ ਵਿੱਚ ਉਨ੍ਹਾਂ ਦਾ ਵਿਸ਼ਾਲ ਬੁੱਤ ਸਥਾਪਿਤ ਕੀਤਾ ਗਿਆ ਹੈ।

ਇਸੇ ਤਰ੍ਹਾਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਬੁੱਤ SDM ਦਫ਼ਤਰ ਵਿੱਚ ਸਥਾਪਿਤ ਕੀਤਾ ਗਿਆ ਹੈ ਜਿੱਥੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਂਦੀ ਹੈ। ਊਰਜਾ ਮੰਤਰੀ ਅਨਿਲ ਵਿਜ ਵੱਲੋਂ ਹੁਣ ਜਲਦੀ ਹੀ ਇੱਥੇ ਸੁਖਦੇਵ ਥਾਪਰ ਅਤੇ ਰਾਜਗੁਰੂ ਦੇ ਬੁੱਤ ਵੀ ਸਥਾਪਿਤ ਕੀਤੇ ਜਾਣਗੇ। ਇਸੇ ਤਰ੍ਹਾਂ ਊਰਜਾ ਮੰਤਰੀ ਅਨਿਲ ਵਿਜ ਵੱਲੋਂ ਸਦਰ ਬਾਜ਼ਾਰ ਚੌਕ ਵਿੱਚ ਵੀਰ ਮਹਾਰਾਣਾ ਪ੍ਰਤਾਪ ਦਾ ਬੁੱਤ ਸਥਾਪਿਤ ਕਰਵਾਇਆ ਗਿਆ ਹੈ, ਜਦਕਿ ਬਹੁਤ ਜਲਦ 12 ਕਰਾਸ ਰੋਡ ਤੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦਾ ਬੁੱਤ ਵੀ ਸਥਾਪਿਤ ਕੀਤਾ ਜਾਵੇਗਾ।

# ਧੀਆਂ ਨੂੰ ਆਤਮ-ਰੱਖਿਆ ਦੀ ਸਿਖਲਾਈ ਦਿੱਤੀ ਜਾਵੇ: ਭਾਟੀਆ



**ਰਤੀਆ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਰਾਜ ਮਹਿਲਾ ਆਯੋਗ ਦੀ ਚੇਅਰਪਰਸਨ ਰੇਣੂ ਭਾਟੀਆ ਨੇ ਕਿਹਾ ਕਿ ਮਾਂ, ਅਧਿਆਪਕ ਅਤੇ ਪੁਲੀਸ ਧੀਆਂ ਦੀਆਂ ਸਭ ਤੋਂ ਵਧੀਆ ਦੋਸਤ ਹੁੰਦੀਆਂ ਹਨ।

ਜੇ ਤੁਹਾਡੇ ਤੋਂ ਕੋਈ ਗ਼ਲਤੀ ਹੋ ਜਾਵੇ ਤਾਂ ਉਸ ਬਾਰੇ ਇਨ੍ਹਾਂ ਨਾਲ ਗੱਲਬਾਤ ਕੀਤੀ ਜਾ ਸਕਦੀ ਹੈ। ਉਨ੍ਹਾਂ ਧੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਉਹ ਕਿਸੇ ਵੀ ਤਰ੍ਹਾਂ ਆਪਣੇ ਜਾਂ ਆਪਣੇ ਪਰਿਵਾਰ ਦਾ ਨਾਮ ਖ਼ਰਾਬ ਨਾ ਕਰਨ, ਸਗੋਂ ਸਿੱਖਿਆ, ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਹਿੱਸਾ ਲੈ ਕੇ ਆਪਣੇ ਪਰਿਵਾਰ, ਪਿੰਡ ਅਤੇ ਸ਼ਹਿਰ ਦਾ ਨਾਮ ਰੋਸ਼ਨ ਕਰਨ।

ਉਨ੍ਹਾਂ ਨੇ ਇਹ ਵੀ ਕਿਹਾ ਕਿ ਧੀਆਂ ਨੂੰ ਸੈਲਫ ਡਿਫੈਂਸ ਦੀ ਟਰੇਨਿੰਗ ਵੀ ਦਿੱਤੀ ਜਾਣੀ ਚਾਹੀਦੀ ਹੈ। ਉਹ ਅੱਜ ਪੀ ਐੱਮ ਸ੍ਰੀ ਰਾਜਕੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿੱਚ ਪੋਕਸੋ ਐਕਟ ਸਣੇ ਧੀਆਂ ਨੂੰ ਕਾਨੂੰਨੀ ਹੱਕਾਂ ਅਤੇ ਸਾਈਬਰ ਕ੍ਰਾਈਮ ਤੋਂ ਸਾਵਧਾਨ ਰਹਿਣ ਲਈ ਕਰਵਾਏ ਜਾਗਰੂਕਤਾ ਪ੍ਰੋਗਰਾਮ ਵਿੱਚ ਮੁੱਖ ਸੰਬੋਧਨ ਕਰ ਰਹੇ ਸਨ।

# ਸਿਹਤ ਸੰਭਾਲ ’ਚ ਨਰਸਾਂ ਦਾ ਯੋਗਦਾਨ ਬੇਮਿਸਾਲ: ਸੈਣੀ



**ਸ਼ਾਹਬਾਦ ਮਾਰਕੰਡਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਸਕੂਲ ਆਫ ਨਰਸਿੰਗ ਵਿੱਚ ਕੌਮਾਂਤਰੀ ਨਰਸ ਦਿਵਸ ਮੌਕੇ ਪ੍ਰੋਗਰਾਮ ਕਰਵਾਇਆ ਗਿਆ। ਇਸ ਵਿੱਚ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਨੇ ਹਿੱਸਾ ਲਿਆ। ਸੰਸਥਾ ਨੇ ਨਰਸਿੰਗ ਪੇਸ਼ੇ ਦੀ ਮਹੱਤਤਾ, ਸੇਵਾ, ਸਮਰਪਣ ਅਤੇ ਮਨੁੱਖਤਾ ਨੂੰ ਅਪਣਾਉਣ ’ਤੇ ਚਾਨਣਾ ਪਾਇਆ।

ਪ੍ਰੋਗਰਾਮ ਦੀ ਸ਼ੁਰੂਆਤ ਸੰਸਥਾ ਦੇ ਚੇਅਰਮੈਨ ਓਮ ਨਾਥ ਸੈਣੀ ਦੇ ਭਾਸ਼ਣ ਨਾਲ ਹੋਈ। ਚੇਅਰਮੈਨ ਨੇ ਨਰਸਿੰਗ ਪੇਸ਼ੇ ਦੀ ਸ਼ਾਨ ਅਤੇ ਸਮਾਜ ਵਿੱਚ ਇਸ ਦੀ ਭੂਮਿਕਾ ’ਤੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਨਰਸਾਂ ਸਿਹਤ ਸੰਭਾਲ ਦੀ ਰੀੜ੍ਹ ਦੀ ਹੱਡੀ ਹਨ। ਮਰੀਜ਼ਾਂ ਦੀ ਦੇਖਭਾਲ ਵਿੱਚ ਉਨ੍ਹਾਂ ਦਾ ਯੋਗਦਾਨ ਬੇਮਿਸਾਲ ਹੈ। ਉਨਾਂ ਵਿਦਿਆਰਥੀਆਂ ਨੂੰ ਸੇਵਾ, ਅਨੁਸ਼ਾਸਨ ਤੇ ਸਮਰਪਣ ਭਾਵ ਨਾਲ ਆਪਣੇ ਫ਼ਰਜ਼ ਨਿਭਾਉਣ ਲਈ ਪ੍ਰੇਰਿਆ। ਐੱਚ ਓ ਡੀ ਪੂਜਾ ਨੇ ਕਿਹਾ ਕਿ ਨਰਸ ਬਣਨ ਲਈ ਸਿਰਫ਼ ਤਕਨੀਕੀ ਗਿਆਨ ਹੀ ਨਹੀਂ ਸਗੋਂ ਸੰਵੇਦਨਸ਼ੀਲਤਾ, ਧੀਰਜ ਅਤੇ ਮਨੁੱਖਤਾ ਦੀ ਵੀ ਲੋੜ ਹੁੰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਪੇਸ਼ੇ ਵਿੱਚ ਇਮਾਨਦਾਰੀ ਬਣਾਏ ਰੱਖਣ ਲਈ ਉਤਸ਼ਾਹਿਤ ਕੀਤਾ।

ਪ੍ਰਿੰਸੀਪਲ ਅੰਕੁਸ਼ ਚੌਧਰੀ ਨੇ ਕਿਹਾ ਕਿ ਨਰਸਿੰਗ ਸਿਰਫ਼ ਪੇਸ਼ਾ ਨਹੀਂ ਹੈ ਸਗੋਂ ਮਨੁੱਖਤਾ ਦੀ ਸੇਵਾ ਕਰਨ ਦਾ ਸਭ ਤੋਂ ਵਧੀਆ ਤਰੀਕਾ ਹੈ। ਉਨ੍ਹਾਂ ਵਿਦਿਆਰਥੀਆਂ ਦਾ ਆਤਮ-ਵਿਸ਼ਵਾਸ ਵਧਾਇਆ ਅਤੇ ਭਵਿੱਖ ਵਿੱਚ ਸ਼ਾਨਦਾਰ ਸਿਹਤ ਸੰਭਾਲ ਪ੍ਰਦਾਨ ਕਰਨ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਨਰਸਿੰਗ ਪੇਸ਼ੇ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ।

# 6 ਆਧੁਨਿਕ ਪਿਸਤੌਲਾਂ ਸਮੇਤ ਪੰਜ ਮੁਲਜ਼ਮ ਗ੍ਰਿਫ਼ਤਾਰ

**ਅੰਮ੍ਰਿਤਸਰ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਮ੍ਰਿਤਸਰ ਕਮਿਸ਼ਨਰੇਟ ਪੁਲੀਸ ਨੇ ਖੁਫੀਆ ਜਾਣਕਾਰੀ @ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਇੱਕ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਜਿਸ ਤਹਿਤ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਮਾਮਲੇ ਵਿੱਚ 5 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ 6 ਪਿਸਤੌਲ ਬਰਾਮਦ ਕੀਤੇ ਹਨ।

ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਸ਼ਨਾਖਤ ਆਕਾਸ਼ਦੀਪ ਸਿੰਘ ਉਰਫ਼ ਆਕਾਸ਼ ਵਾਸੀ ਪਿੰਡ ਕੁਹਾਲੀ, ਹਰਮਨਦੀਪ ਸਿੰਘ ਵਾਸੀ ਪਿੰਡ ਅਟਾਰੀ ,ਮਨੀਸ਼ ਸਿੰਘ ਉਰਫ਼ ਮਨੀਸ਼ ਵਾਸੀ ਪਿੰਡ ਅਟਾਰੀ, ਕਿਸ਼ਨ ਸਿੰਘ ਵਾਸੀ ਪਿੰਡ ਅਟਾਰੀ ਅਤੇ ਇੱਕ ਨਾਬਾਲਗ ਸ਼ਾਮਿਲ ਹੈ। ਇਹਨਾਂ ਦੇ ਕੋਲੋਂ ਪੁਲੀਸ ਨੇ ਛੇ ਆਧੁਨਿਕ ਪਿਸਤੌਲ ਬਰਾਮਦ ਕੀਤੇ ਹਨ। ਜਿਨਾਂ ਵਿੱਚ ਆਸਟਰੀਆ ਵਿੱਚ ਬਣੇ ਦੋ ਗਲੋਕ 9 ਐਮਐਮ , ਕਰੋਸ਼ੀਆ ਵਿੱਚ ਬਣਿਆ ਇੱਕ .32 ਬੋਰ ਬ੍ਰੇਟਾ , ਇੱਕ .32 ਬੋਰ ਇਟਲੀ ਵਿੱਚ ਬਣਿਆ, ਇੱਕ .30 ਬੋਰ ਅਮਰੀਕਾ ਵਿੱਚ ਬਣਿਆ ਅਤੇ ਇੱਕ ਹੋਰ .30 ਬੋਰ ਪਿਸਤੌਲ ਅਤੇ 14 ਜ਼ਿੰਦਾ ਕਾਰਤੂਸ ਸ਼ਾਮਲ ਹਨ।

ਇਸ ਸਬੰਧ ਵਿੱਚ ਆਰਮਜ਼ ਐਕਟ ਦੀ ਧਾਰਾ 25(8)/54/59 ਅਧੀਨ ਥਾਣਾ ਛਾਉਣੀ, ਅੰਮ੍ਰਿਤਸਰ ਵਿਖੇ ਕੇਸ ਦਰਜ ਕੀਤਾ ਗਿਆ ਹੈ। ਪੁਲੀਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲੀਸ ਕਾਰਵਾਈ ਦੌਰਾਨ ਆਕਾਸ਼ਦੀਪ ਸਿੰਘ ਉਰਫ਼ ਆਕਾਸ਼ ਤੇ ਹਰਮਨਦੀਪ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਪਿਸਤੌਲ .30 ਬੋਰ, ਦੋ ਮੈਗਜ਼ੀਨਾਂ ਅਤੇ ਛੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਸਨ। ਇਸ ਤੋਂ ਬਾਅਦ ਆਕਾਸ਼ ਦੇ ਖੁਲਾਸੇ @ਤੇ ਉਸ ਦੇ ਕਬਜ਼ੇ ਵਿੱਚੋਂ ਇੱਕ ਹੋਰ ਪਿਸਤੌਲ .32 ਬੋਰ ਬਰੇਟਾ ਅਤੇ ਦੋ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ।

ਮੁਲਜ਼ਮ ਖਿਲਾਫ ਜਾਂਚ ਜਾਰੀ ਰੱਖਦੇ ਹੋਏ, ਪੁਲੀਸ ਟੀਮਾਂ ਨੇ ਮਨੀਸ਼ ਸਿੰਘ ਉਰਫ਼ ਮਨੀਸ਼, ਕਿਸ਼ਨ ਸਿੰਘ ਅਤੇ ਇੱਕ ਨਾਬਾਲਿਗ ਨੂੰ ਗ੍ਰਿਫ਼ਤਾਰ ਕੀਤਾ। ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਹੋਰ ਪਿਸਤੌਲ ਅਤੇ ਛੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ।

ਉਹਨਾਂ ਦੱਸਿਆ ਕਿ ਜਾਂਚ ਦੌਰਾਨ ਇਹ ਖੁਲਾਸਾ ਹੋਇਆ ਕਿ ਮੁਲਜ਼ਮ ਆਕਾਸ਼ਦੀਪ ਸਿੰਘ ਉਰਫ਼ ਆਕਾਸ਼ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਸਥਿਤ ਤਸਕਰਾਂ ਆਕਾਸ਼ ਅਤੇ ਰੇਹਾਨ ਦੇ ਸੰਪਰਕ ਵਿੱਚ ਸੀ। ਅਟਾਰੀ ਸੈਕਟਰ ਵਿੱਚ ਡਰੋਨ ਰਾਹੀਂ ਹਥਿਆਰਾਂ ਦੀ ਗੈਰ-ਕਾਨੂੰਨੀ ਖੇਪ ਪਹੁੰਚਾਈ ਜਾ ਰਹੀ ਸੀ ਅਤੇ ਉਸ ਦੇ ਸਾਥੀਆਂ ਦੀ ਮਦਦ ਨਾਲ ਇਹਨਾਂ ਨੂੰ ਅਪਰਾਧਿਕ ਤੱਤਾਂ ਨੂੰ ਸਪਲਾਈ ਕੀਤਾ ਜਾਂਦਾ ਸੀ।

ਉਨ੍ਹਾਂ ਦੱਸਿਆ ਕਿ ਆਕਾਸ਼ਦੀਪ ਅੰਮ੍ਰਿਤਸਰ ਦਿਹਾਤੀ ਦੇ ਪੁਲੀਸ ਸਟੇਸ਼ਨ ਲੋਪੋਕੇ ਵਿਖੇ ਐਨਡੀਪੀਐਸ ਐਕਟ ਤਹਿਤ ਦਰਜ ਕੀਤੇ ਗਏ।

# ਸਮਾਜ ਨੂੰ ਗਿਆਨਵਾਨ ਬਣਾਇਆ ਜਾਵੇ: ਮੀਨਾ

**ਸ਼ਾਹਬਾਦ ਮਾਰਕੰਡਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਕੁਰੂਕਸ਼ੇਤਰ ਯੂਨੀਵਰਸਿਟੀ (ਕੇ ਯੂ) ਦੇ ਵਾਈਸ ਚਾਂਸਲਰ ਪ੍ਰੋ. ਸੋਮ ਨਾਥ ਸਚਦੇਵਾ ਦੀ ਅਗਵਾਈ ਹੇਠ ਯੂਨੀਵਰਸਿਟੀ ਇੰਸਟੀਚਿਊਟ ਆਫ ਇੰਜਨੀਅਰਿੰਗ ਐਂਡ ਤਕਨਾਲੋਜੀ ਵੱਲੋਂ ਆਹਵਾਨ 2026 ਪ੍ਰੋਗਰਾਮ ਕਰਵਾਇਆ ਗਿਆ। ਇਸ ਦੇ ਸਮਾਪਤੀ ਸਮਾਰੋਹ ਵਿੱਚ ਬਤੌਰ ਮੁੱਖ ਮਹਿਮਾਨ ਕੁਰੂਕਸ਼ੇਤਰ ਦੇ ਡੀ ਸੀ ਵਿਸ਼ਰਾਮ ਕੁਮਾਰ ਮੀਨਾ ਪੁੱਜੇ।

ਉਨ੍ਹਾਂ ਵੱਖ ਵੱਖ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ। ਸ੍ਰੀ ਮੀਨਾ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਵਿਗਿਆਨ, ਤਕਨਾਲੋਜੀ ਅਤੇ ਆਧੁਨਿਕ ਤਕਨੀਕੀ ਤਰੱਕੀ ਦੇ ਮਹੱਤਵ ਤੋਂ ਜਾਣੂ ਕਰਾਉਣਾ ਸੀ। ਏ ਆਈ, ਡਰੋਨ ਤਕਨਾਲੋਜੀ, ਰੋਬੋਟਿਕਸ ਅਤੇ ਡਿਜੀਟਲ ਪਰਿਵਰਤਨ ਵਰਗੀਆਂ ਉੱਭਰ ਰਹੀਆਂ ਤਕਨਾਲੋਜੀਆਂ ਦੀ ਵਧ ਰਹੀ ਸਾਰਥਿਕਤਾ ਉਜਾਗਰ ਕਰਦੇ ਹੋਏ ਉਨ੍ਹਾਂ ਵਿਦਿਆਰਥੀਆਂ ਨੂੰ ਨਵੀਨਤਾ, ਖੋਜ ਤੇ ਤਕਨੀਕੀ ਹੁਨਰ ਵਿਕਾਸ ਵੱਲ ਕੰਮ ਕਰਨ ਲਈ ਉਤਸ਼ਾਹਿਤ ਕੀਤਾ। ਸ੍ਰੀ ਮੀਨਾ ਨੇ ਵਿਦਿਆਰਥੀਆਂ ਨੂੰ ਸਮਾਜਿਕ ਅਤੇ ਸਥਾਨਕ ਸਮੱਸਿਆਵਾਂ ਦੇ ਹੱਲ ਨਾਲ ਨਵੀਆਂ ਤਕਨਾਲੋਜੀਆਂ ਨੂੰ ਜੋੜਨ ਅਤੇ ਸਮਾਜ ਮਜ਼ਬੂਤ ਕਰਨ ਲਈ ਤਕਨੀਕੀ ਗਿਆਨ ਦੀ ਵਰਤੋਂ ਕਰਨ ਦੀ ਅਪੀਲ ਕੀਤੀ। ਡਿਪਟੀ ਕਮਿਸ਼ਨਰ ਨੇ ਕੌਮੀ ਤਕਨਾਲੋਜੀ ਦਿਵਸ ਦੀਆਂ ਵਧਾਈਆਂ ਦਿੰਦੇ ਹੋਏ ਕਿਹਾ ਕਿ ਦੇਸ਼ ਦੇ ਵਿਕਾਸ ਲਈ ਯੁਵਾ ਸ਼ਕਤੀ ਸਭ ਤੋਂ ਵੱਡੀ ਸ਼ਕਤੀ ਹੈ। ਸੰਸਥਾ ਦੇ ਡਾਇਰੈਕਟਰ ਪ੍ਰੋ. ਸੁਨੀਲ ਢੀਂਗਰਾ ਨੇ ਕਿਹਾ ਕਿ ਤਕਨਾਲੋਜੀ ਕੌਮੀ ਵਿਕਾਸ ਦੀ ਨੀਂਹ ਹੈ। ਕੋਆਰਡੀਨੇਟਰ ਡਾ. ਪ੍ਰਿਯੰਕਾ ਜਾਂਗੜਾ ਨੇ ਮਹਿਮਾਨਾਂ, ਅਧਿਆਪਕਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਡਾ. ਰਾਜੇਸ਼ ਅਗਨੀਹੋਤਰੀ, ਦੀਪਤੀ ਚੌਧਰੀ, ਡਾ. ਅਜੈ ਜਾਂਗੜਾ, ਡਾ. ਨਰੇਸ਼, ਡਾ. ਦਿਵਿਆ ਸ਼ਿਵਾਨੀ, ਅਭਿਸ਼ੇਕ ਆਦਿ ਮੌਜੂਦ ਸਨ।

# ਬਾਦਲਾਂ ਨੇ ਸਿੱਖਾਂ ਦਾ ਨੁਕਸਾਨ ਕੀਤਾ: ਮੰਡੇਬਰ

**ਗੂਹਲਾ ਚੀਕਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਅਤੇ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਜਨਰਲ ਸਕੱਤਰ ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ ਨੇ ਕਿਹਾ ਕਿ ਹਰਿਆਣਾ ਦੇ ਸਿੱਖਾਂ ਨੇ ਲੰਬਾ ਸਮਾਂ ਬਾਦਲ ਪਰਿਵਾਰ ਦੀ ਗੁਲਾਮੀ ਝੱਲੀ ਹੈ।

ਹਰਿਆਣਾ ਤਾਂ 1966 ਵਿੱਚ ਵੱਖਰਾ ਸੂਬਾ ਬਣ ਗਿਆ ਸੀ ਪਰ ਹਰਿਆਣੇ ਵਿਚਲੇ ਇਤਿਹਾਸਕ ਗੁਰੂਘਰਾਂ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਰਿਹਾ। ਸ਼੍ਰੋਮਣੀ ਕਮੇਟੀ ਉੱਪਰ ਅੱਜ ਤੱਕ ਬਾਦਲ ਪਰਿਵਾਰ ਦਾ ਕਬਜ਼ਾ ਹੈ।

ਇਸ ਕਰ ਕੇ ਹਰਿਆਣਾ ਵਿਚਲੇ ਗੁਰਦੁਆਰਿਆਂ ਉੱਪਰ ਵੀ ਬਾਦਲ ਦਲ ਦੀ ਪਕੜ ਬਣੀ ਰਹੀ। ਇਸੇ ਲਈ ਬਾਦਲ ਪਰਿਵਾਰ ਹਰਿਆਣਾ ਦੀਆਂ ਵਿਧਾਨ ਸਭਾ ਅਤੇ ਪਾਰਲੀਮੈਂਟ ਚੋਣਾਂ ਵਿੱਚ ਵੱਖ-ਵੱਖ ਪਾਰਟੀਆਂ ਨਾਲ ਹਰਿਆਣੇ ਦੇ ਸਿੱਖਾਂ ਸਹਾਰੇ ਸਿਆਸੀ ਰੋਟੀਆਂ ਸੇਕਦਾ ਰਿਹਾ ਹੈ।

ਹਰਿਆਣੇ ਦੇ ਗੁਰਦੁਆਰਿਆਂ ਦੀ ਕਮੇਟੀ ਵੱਖਰੀ ਕਰਨ ਲਈ ਹਰਿਆਣਾ ਵਿਚਲੇ ਜਿਨ੍ਹਾਂ ਸਿੱਖ ਆਗੂਆਂ ਨੇ ਬਾਦਲ ਪਰਿਵਾਰ ਖ਼ਿਲਾਫ਼ ਸੰਘਰਸ਼ ਕੀਤਾ ਉਨ੍ਹਾਂ ’ਚੋਂ ਇੱਕ ਜਗਦੀਸ਼ ਸਿੰਘ ਝੀਂਡਾ ਹਨ। ਸ੍ਰੀ ਮੰਡੇਬਰ ਨੇ ਕਿਹਾ ਕਿ ਸੂਬੇ ਦੇ ਸਿੱਖਾਂ ਨੇ ਸ੍ਰੀ ਝੀਂਡਾ ਨੂੰ ਹਰਿਆਣਾ ਕਮੇਟੀ ਦਾ ਮੈਂਬਰ ਅਤੇ ਫਿਰ ਪ੍ਰਧਾਨ ਬਣਾਇਆ ਪਰ ਉਹ ਨਿੱਜੀ ਸਵਾਰਥ ਲਈ ਮੁੜ ਬਾਦਲ ਪਰਿਵਾਰ ਨਾਲ ਜਾ ਮਿਲੇ। ਇਸ ਨਾਲ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹਰਿਆਣੇ ਦੇ ਸਿੱਖਾਂ ਦਾ ਨੁਕਸਾਨ ਹੋਇਆ ਹੈ। ਸ੍ਰੀ ਮੰਡੇਬਰ ਨੇ ਕਿਹਾ ਕੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦੇ ਸਹਿਯੋਗ ਕਰ ਕੇ ਗੁਰਦੁਆਰਿਆਂ, ਸਕੂਲਾਂ ਤੇ ਕਾਲਜਾਂ ਦਾ ਪ੍ਰਬੰਧ ਹਰਿਆਣਾ ਕਮੇਟੀ ਹਵਾਲੇ ਕੀਤਾ ਗਿਆ। ਸ੍ਰੀ ਦਾਦੂਵਾਲ ਵੱਲੋਂ ਸੁਪਰੀਮ ਕੋਰਟ ਵਿੱਚੋਂ ਕੇਸ ਜਿੱਤਣ ਸਦਕਾ ਹੀ ਹਰਿਆਣਾ ਸਰਕਾਰ ਵੱਲੋਂ 40 ਸੀਟਾਂ ’ਤੇ ਚੋਣ ਕਰਵਾਈ ਗਈ। ਹੁਣ ਸਿੱਖ ਸੰਗਤ ਦੀ ਚੁਣੀ ਹੋਈ ਕਮੇਟੀ ਪ੍ਰਬੰਧ ਕਰ ਰਹੀ ਹੈ।

# ਅੰਮ੍ਰਿਤਪਾਲ ਦੇ ਵਕੀਲਾਂ ਵੱਲੋਂ ਵੀਡੀਓ ‘ਸਬੂਤ’ ਪੇਸ਼

**ਅੰਮ੍ਰਿਤਸਰ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਖਡੂਰ ਸਾਹਿਬ ਦੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਖਿਲਾਫ਼ ਅਜਨਾਲਾ ਪੁਲੀਸ ਸਟੇਸ਼ਨ ’ਤੇ ਹਮਲੇ ਦੇ ਮਾਮਲੇ ਵਿੱਚ ਕਤਲ ਦੀ ਕੋਸ਼ਿਸ਼ ਅਤੇ ਹਥਿਆਰ ਐਕਟ ਦੇ ਲੱਗੇ ਦੋਸ਼ਾਂ ਦੇ ਸਬੰਧ ਵਿੱਚ ਉਨ੍ਹਾਂ ਵੱਲੋਂ ਪੇਸ਼ ਹੋਏ ਵਕੀਲ ਨੇ ਦੋ ਵੀਡੀਓ ਸਬੂਤ ਅਦਾਲਤ ਵਿੱਚ ਪੇਸ਼ ਕੀਤੇ। ਵਕੀਲਾਂ ਨੇ ਪੁਲੀਸ ਵੱਲੋਂ ਲਗਾਏ ਦੋਸ਼ਾਂ ਦਾ ਖੰਡਨ ਕਰਦੇ ਹੋਏ ਦੱਸਿਆ ਕਿ ਸਬੂਤ ਵਜੋਂ ਅਦਾਲਤ ਵਿੱਚ ਪੇਸ਼ ਕੀਤੀ ਗਈ ਇੱਕ ਵੀਡੀਓ ਵਿੱਚ ਪੁਲੀਸ ਦੇ ਐੱਸ ਪੀ ਜੁਗਰਾਜ ਸਿੰਘ ਆਪਣੇ ਸਿਰ ’ਤੇ ਪੱਟੀ ਬੰਨ੍ਹੇ ਹੋਰ ਸੀਨੀਅਰ ਪੁਲੀਸ ਅਧਿਕਾਰੀਆਂ ਦੇ ਨਾਲ ਥਾਣੇ ਵਿੱਚ ਮੌਜੂਦ ਦਿਖਾਈ ਦੇ ਰਹੇ ਹਨ। ਵੀਡੀਓ ਵਿੱਚ ਅੰਮ੍ਰਿਤਪਾਲ ਨੂੰ ਉਸ ਸਮੇਂ ਦੇ ਐੱਸ ਐੱਸ ਪੀ ਸਤਿੰਦਰ ਸਿੰਘ ਸਮੇਤ ਸੀਨੀਅਰ ਪੁਲੀਸ ਅਧਿਕਾਰੀਆਂ ਨਾਲ ਬਹਿਸ ਕਰਦੇ ਦੇਖਿਆ ਜਾ ਸਕਦਾ ਹੈ। ਬਚਾਅ ਪੱਖ ਨੇ ਕਿਹਾ ਕਿ ਜੇਕਰ ਪੁਲੀਸ ਅਧਿਕਾਰੀ ਨੂੰ ਲੱਗੀ ਇਹ ਸੱਟ ਜਾਨਲੇਵਾ ਹੁੰਦੀ ਤਾਂ ਉਸ ਨੂੰ ਉਸ ਸਮੇਂ ਹਸਪਤਾਲ ਵਿੱਚ ਹੋਣਾ ਚਾਹੀਦਾ ਸੀ। ਦੂਜੀ ਵੀਡੀਓ, ਜੋ ਕਿ ਘਟਨਾ ਤੋਂ ਇੱਕ ਦਿਨ ਪਹਿਲਾਂ ਦੀ ਹੈ, ਅੰਮ੍ਰਿਤਪਾਲ ਨੇ ਆਪਣੇ ਆਪ ਨੂੰ ਪੇਸ਼ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਇੱਕ ਦਿਨ ਪਹਿਲਾਂ ਇਹ ਐਲਾਨ ਕੀਤਾ ਗਿਆ ਸੀ ਤਾਂ ਪੁਲੀਸ ਨੇ ਘਟਨਾ ਤੋਂ ਬਚਾਅ ਲਈ ਲੋੜੀਂਦੀ ਸਾਵਧਾਨੀ ਕਿਉਂ ਨਹੀਂ ਵਰਤੀ।

# ਭਾਰਤ ਅਤੇ ਅਰਬ ਵਿਚਾਲੇ ਤੇਲ ਭੰਡਾਰ ਅਤੇ ਗੈਸ ਸਪਲਾਈ ਨੂੰ ਲੈ ਕੇ ਸਮਝੌਤੇ ਸਹੀਬੱਧ



**ਅਬੂ ਧਾਬੀ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਅਤੇ ਸੰਯੁਕਤ ਅਰਬ ਅਮੀਰਾਤ ਨੇ ਸ਼ੁੱਕਰਵਾਰ ਨੂੰ ਪੈਟਰੋਲੀਅਮ ਅਤੇ ਊਰਜਾ ਖੇਤਰ ਵਿੱਚ ਦੋ ਵੱਡੇ ਸਮਝੌਤਿਆਂ @ਤੇ ਦਸਤਖਤ ਕੀਤੇ ਹਨ।

ਇਨ੍ਹਾਂ ਵਿੱਚ ਭਾਰਤ ਦੇ ਰਣਨੀਤਕ ਭੰਡਾਰਾਂ ਵਿੱਚ ਕੱਚੇ ਤੇਲ ਦੀ ਸਟੋਰੇਜ ਵਧਾਉਣ ਲਈ ਇੱਕ ਰਣਨੀਤਕ ਸਮਝੌਤਾ ਅਤੇ ਲੰਮੇ ਸਮੇਂ ਲਈ ਤਰਲ ਪੈਟਰੋਲੀਅਮ ਗੈਸ (ਐੱਲ ਪੀ ਜੀ) ਸਪਲਾਈ ਦਾ ਸਹਿਯੋਗ ਸ਼ਾਮਲ ਹੈ।

ਇਹ ਸਮਝੌਤੇ ਉਸ ਸਮੇਂ ਹੋਏ ਹਨ, ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਯੂ ਏ ਈ ਦੇ ਰਾਸ਼ਟਰਪਤੀ ਸ਼ੇਖ ਮੁਹੰਮਦ ਬਿਨ ਜਾਇਦ ਅਲ ਨਾਹਯਾਨ ਨੇ ਪੱਛਮੀ ਏਸ਼ੀਆ ਵਿੱਚ ਵਧ ਰਹੇ ਇਲਾਕਾਈ ਤਣਾਅ ਦੇ ਵਿਚਕਾਰ ਕਈ ਅਹਿਮ ਮੁੱਦਿਆਂ @ਤੇ ਡੂੰਘੀ ਗੱਲਬਾਤ ਕੀਤੀ।

ਇਸ ਦੌਰਾਨ ਦੋਵਾਂ ਦੇਸ਼ਾਂ ਨੇ ਰੱਖਿਆ, ਸ਼ਿਪਿੰਗ, ਬੁਨਿਆਦੀ ਢਾਂਚੇ, ਆਰਟੀਫੀਸ਼ੀਅਲ ਇੰਟੈਲੀਜੈਂਸ (19) ਅਤੇ ਸਮੁੰਦਰੀ ਖੇਤਰ ਵਿੱਚ ਹੁਨਰ ਵਧਾਉਣ ਲਈ ਅਹਿਮ ਸਮਝੌਤੇ ਕੀਤੇ। ਇਸ ਦੇ ਨਾਲ ਹੀ ਯੂ ਏ ਈ ਨੇ ਭਾਰਤ ਵਿੱਚ 5 ਬਿਲੀਅਨ ਅਮਰੀਕੀ ਡਾਲਰ ਦਾ ਨਿਵੇਸ਼ ਕਰਨ ਦਾ ਐਲਾਨ ਵੀ ਕੀਤਾ।

ਇਸ ਮੁਲਾਕਾਤ ਦਾ ਸਭ ਤੋਂ ਅਹਿਮ ਨਤੀਜਾ ਇੰਡੀਅਨ ਸਟ੍ਰੈਟੇਜਿਕ ਪੈਟਰੋਲੀਅਮ ਰਿਜ਼ਰਵ ਲਿਮਟਿਡ' (ISPRL) ਅਤੇ ਅਬੂ ਧਾਬੀ ਨੈਸ਼ਨਲ ਆਇਲ ਕੰਪਨੀ' (ADNOC) ਵਿਚਕਾਰ ਹੋਇਆ ਖ਼ਾਸ ਸਮਝੌਤਾ ਸੀ। ਇਸ ਦਾ ਮੁੱਖ ਮਕਸਦ ਦੋਵਾਂ ਦੇਸ਼ਾਂ ਵਿਚਾਲੇ ਊਰਜਾ ਸੁਰੱਖਿਆ ਦੇ ਸਹਿਯੋਗ ਨੂੰ ਹੋਰ ਵੀ ਮਜ਼ਬੂਤ ਅਤੇ ਗੂੜ੍ਹਾ ਕਰਨਾ ਹੈ।

ਸਮਝੌਤੇ ਦੇ ਤਹਿਤ, ADNOC ਭਾਰਤ ਦੀਆਂ ਰਣਨੀਤਕ ਪੈਟਰੋਲੀਅਮ ਰਿਜ਼ਰਵ ਸਹੂਲਤਾਂ ਵਿੱਚ 30 ਮਿਲੀਅਨ ਬੈਰਲ ਤੱਕ ਕੱਚਾ ਤੇਲ ਸਟੋਰ ਕਰ ਸਕਦਾ ਹੈ, ਜਿਸ ਵਿੱਚ ਆਂਧਰਾ ਪ੍ਰਦੇਸ਼ ਦੇ ਵਿਸ਼ਾਖਾਪਟਨਮ ਵਿੱਚ ਸਟੋਰੇਜ ਬੁਨਿਆਦੀ ਢਾਂਚੇ ਅਤੇ ਓੜੀਸ਼ਾ ਦੇ ਚੰਡੀਖੋਲ ਵਿੱਚ ਭਵਿੱਖ ਦੀਆਂ ਰਿਜ਼ਰਵ ਸਹੂਲਤਾਂ ਵਿੱਚ ਭਾਗੀਦਾਰੀ ਸ਼ਾਮਲ ਹੈ।

ਇੱਕ ਹੋਰ ਵੱਡੇ ਫ਼ੈਸਲੇ ਵਿੱਚ, ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ (IOCL) ਅਤੇ ADNOC ਨੇ ਲੰਮੇ ਸਮੇਂ ਤੱਕ ਐੱਲ ਪੀ ਜੀ (LPG) ਦੀ ਸਪਲਾਈ ਜਾਰੀ ਰੱਖਣ ਲਈ ਇੱਕ ਅਹਿਮ ਸਮਝੌਤੇ ਤੇ ਦਸਤਖਤ ਕੀਤੇ ਹਨ। ਇਸ ਸਮਝੌਤੇ ਵਿੱਚ ADNOC ਗੈਸ ਅਤੇ IOCL ਵਿਚਕਾਰ ਗੈਸ ਦੀ ਵਿਕਰੀ ਅਤੇ ਖਰੀਦ ਲਈ ਇੱਕ ਵਿਆਪਕ ਰੂਪ-ਰੇਖਾ ਤਿਆਰ ਕੀਤੀ ਗਈ ਹੈ।

# 13 ਲੱਖ ਰੁਪਏ ਦੇ ਰਿਸ਼ਵਤ ਮਾਮਲੇ 'ਚ ਵਿਜੀਲੈਂਸ ਚੀਫ਼ ਸ਼ਰਦ ਸੱਤਿਆ ਚੌਹਾਨ ਦਾ ਨਾਂ ਆਇਆ ਸਾਹਮਣੇ

**ਚੰਡੀਗੜ੍ਹ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਦੇ ਮੁਖੀ (ਰੀਡਰ) ਅਤੇ ਤਿੰਨ ਹੋਰਨਾਂ ਖ਼ਿਲਾਫ਼ ਕੇਂਦਰੀ ਜਾਂਚ ਬਿਊਰੋ (329) ਵੱਲੋਂ ਦਰਜ ਕੀਤੇ ਗਏ ਭ੍ਰਿਸ਼ਟਾਚਾਰ ਦੇ ਇੱਕ ਮਾਮਲੇ ਵਿੱਚ ਪੰਜਾਬ ਦੇ ਡੀਜੀਪੀ (ਵਿਜੀਲੈਂਸ) ਸ਼ਰਦ ਸੱਤਿਆ ਚੌਹਾਨ ਦਾ ਨਾਂ ਸਾਹਮਣੇ ਆਇਆ ਹੈ। ਸੀਬੀਆਈ ਦੀ ਇਸ ਐੱਫ.ਆਈ.ਆਰ. (FIR) ਵਿੱਚ ਵਿਜੀਲੈਂਸ ਮੁਖੀ ਦਾ ਨਾਂ ਆਉਣ ਕਾਰਨ ਆਉਣ ਵਾਲੇ ਦਿਨਾਂ ਵਿੱਚ ਸੂਬੇ ਦੇ ਇਸ ਸੀਨੀਅਰ ਪੁਲੀਸ ਅਧਿਕਾਰੀ ਦੀਆਂ ਮੁਸ਼ਕਲਾਂ ਵਧਣ ਦੇ ਪੂਰੇ ਆਸਾਰ ਹਨ।

ਹਾਲਾਂਕਿ, ਡੀਜੀਪੀ ਚੌਹਾਨ ਨੂੰ ਐੱਫ.ਆਈ.ਆਰ. ਵਿੱਚ ਸਿੱਧੇ ਤੌਰ @ਤੇ ਮੁਲਜ਼ਮ ਵਜੋਂ ਨਾਮਜ਼ਦ ਨਹੀਂ ਕੀਤਾ ਗਿਆ ਹੈ, ਪਰ ਸੀਬੀਆਈ ਦੀ ਐਂਟੀ-ਕਰਪਸ਼ਨ ਬਿਊਰੋ (ਐਂਟੀ-ਕਰਪਸ਼ਨ ਬ੍ਰਾਂਚ) ਵੱਲੋਂ ਦਰਜ ਕੀਤੇ ਕੇਸ ਦੇ ਵੇਰਵਿਆਂ ਵਿੱਚ ਉਨ੍ਹਾਂ ਦਾ ਨਾਂ ਪ੍ਰਮੁੱਖਤਾ ਨਾਲ ਦਰਜ ਹੈ।

ਸੀਬੀਆਈ ਦੀ 11 ਮਈ ਦੀ ਵੈਰੀਫਿਕੇਸ਼ਨ ਰਿਪੋਰਟ (ਜੋ 8 ਮਈ ਨੂੰ ਦਰਜ ਹੋਈ ਮੁੱਢਲੀ ਸ਼ਿਕਾਇਤ ਤੋਂ ਬਾਅਦ ਤਿਆਰ ਕੀਤੀ ਗਈ ਸੀ) ਦੇ ਅਨੁਸਾਰ, ਮੁਲਜ਼ਮ ਰਾਘਵ ਗੋਇਲ ਅਤੇ ਵਿਕਾਸ ਗੋਇਲ ਨੇ ਕਥਿਤ ਤੌਰ 'ਤੇ



ਸ਼ਿਕਾਇਤਕਰਤਾ ਅਮਿਤ ਕੁਮਾਰ ਕੋਲੋਂ ਸਰਕਾਰੀ ਅਧਿਕਾਰੀਆਂ ਦੇ ਨਾਂ 'ਤੇ 13 ਲੱਖ ਰੁਪਏ ਦੀ ਰਿਸ਼ਵਤ ਮੰਗੀ ਸੀ। ਰਿਪੋਰਟ ਮੁਤਾਬਕ ਇਹ ਰਿਸ਼ਵਤ ਪੰਜਾਬ ਵਿਜੀਲੈਂਸ ਦੇ ਡੀਜੀਪੀ ਦੇ ਰੀਡਰ ਓ.ਪੀ. ਰਾਣਾ ਅਤੇ ਖੁਦ ਡੀਜੀਪੀ (ਵਿਜੀਲੈਂਸ) ਪੰਜਾਬ ਦੇ ਬਿਹਾਫ਼ (ਨਾਮ) @ਤੇ ਮੰਗੀ ਗਈ ਸੀ, ਤਾਂ ਜੋ ਡੀਜੀਪੀ ਦਫ਼ਤਰ ਵਿੱਚ ਸ਼ਿਕਾਇਤਕਰਤਾ ਅਮਿਤ ਕੁਮਾਰ ਖ਼ਿਲਾਫ਼ ਲੰਬਿਤ ਪਈ ਇੱਕ ਸ਼ਿਕਾਇਤ ਨੂੰ ਰਫ਼ਾ-ਦਫ਼ਾ (ਬੰਦ) ਕਰਵਾਇਆ ਜਾ ਸਕੇ।ਐੱਫ.ਆਈ.ਆਰ. ਦੇ ਵੇਰਵਿਆਂ ਅਨੁਸਾਰ, ਅਬੋਹਰ ਦੇ ਰਹਿਣ ਵਾਲੇ ਰਾਜ ਕਰ ਅਫ਼ਸਰ (ਸਟੇਟ ਟੈਕਸ ਅਫ਼ਸਰ) ਅਮਿਤ ਕੁਮਾਰ ਨੇ 8 ਮਈ ਨੂੰ ਇੱਕ ਲਿਖਤੀ ਸ਼ਿਕਾਇਤ ਦਰਜ ਕਰਵਾਈ ਸੀ।

# ਪੀ.ਆਰ.ਟੀ.ਸੀ. ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਸਾਂਝੀ ਐਕਸ਼ਨ ਕਮੇਟੀ ਨਾਲ ਅਹਿਮ ਮੀਟਿੰਗ

**ਪਟਿਆਲਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੀ.ਆਰ.ਟੀ.ਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਸਾਂਝੀ ਐਕਸ਼ਨ ਕਮੇਟੀ ਨਾਲ ਅਹਿਮ ਮੀਟਿੰਗ ਕੀਤੀ। ਚੇਅਰਮੈਨ ਜੁਨੇਜਾ ਨੇ ਮੀਟਿੰਗ ਦੌਰਾਨ ਸਾਂਝੀ ਐਕਸ਼ਨ ਕਮੇਟੀ ਦੀਆਂ ਵੱਖ-ਵੱਖ ਯੂਨੀਅਨਾਂ ਜਿਵੇ ਕਿ ਏਟਕ, ਇੰਟਕ, ਐੱਸ.ਸੀ/ਬੀ.ਸੀ, ਕਰਮਚਾਰੀ ਦਲ ਅਤੇ ਸੀਟੂ ਦੇ ਨੁਮਾਇੰਦਿਆਂ ਨੂੰ ਭਰੋਸਾ ਦਿੱਤਾ ਕਿ ਐਕਸ਼ਨ ਕਮੇਟੀ ਵੱਲੋਂ ਰੱਖੀਆਂ ਮੰਗਾਂ ਨੂੰ ਪੂਰਾ ਕੀਤਾ ਜਾਵੇਗਾ।


ਮੀਟਿੰਗ ਵਿੱਚ ਸਾਂਝੀ ਐਕਸ਼ਨ ਕਮੇਟੀ ਦੇ ਵੱਖ-ਵੱਖ



ਮੁੱਦਿਆ ਉੱਪਰ ਜਿਵੇ ਕਿ ਪੀ.ਆਰ.ਟੀ.ਸੀ ਵਿੱਚ ਜਲਦ ਤੋ ਜਲਦ ਆਪਣੀਆ ਮਾਲਕੀ ਵਾਲੀਆਂ ਬੱਸਾਂ ਪਾਈਆਂ ਜਾਣ, ਪੀ.ਆਰ.ਟੀ.ਸੀ ਵਿੱਚ ਐਨ.ਪੀ.ਐੱਸ ਪੋਲਿਸੀ ਲਾਗੂ ਕੀਤਾ ਜਾਵੇ, ਕਰਮਚਾਰੀ/ਪੈਨਸ਼ਨਰਾਂ 6ਵੇਂ ਤਨਖਾਹ ਪੇਅ ਕਮਿਸ਼ਨ ਦੇ ਏਰੀਅਰ ਸਬੰਧੀ, ਰਿਟਾਇਰਡ ਪੈਨਸ਼ਨਰਾਂ ਦੇ ਬਕਾਏ ਜਿਵੇ ਕਿ ਮੈਡੀਕਲ ਬਿੱਲ, ਗਰੈਚੂਟੀ, ਲੀਵ ਇੰਨਕੈਸ਼ਮੈਂਟ ਅਤੇ ਹੋਰ ਦੇਣਦਾਰੀਆਂ ਸਬੰਧੀ ਵੀ ਵਿਸਤਾਰ ਪੂਰਵਕ ਚਰਚਾ ਕੀਤੀ ਗਈ। ਚੇਅਰਮੈਨ ਪੀ.ਆਰ.ਟੀ.ਸੀ ਨੇ ਸਾਂਝੀ ਐਕਸ਼ਨ ਕਮੇਟੀ ਨੂੰ ਇਹ ਮੰਗਾਂ ਪੂਰਾ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਤੇ ਏਟਕ ਯੂਨੀਅਨ ਵੱਲੋਂ ਨਿਰਮਲ ਸਿੰਘ ਧਾਲੀਵਾਲ (ਕਨਵੀਨਰ ਐਕਸ਼ਨ ਕਮੇਟੀ), ਇੰਟਕ ਯੂਨੀਅਨ ਵੱਲੋਂ ਬਲਦੇਵ ਰਾਜ ਬੱਤਾ, ਕਰਮਚਾਰੀ ਦਲ ਵੱਲੋਂ ਬਿਕਰਮਜੀਤ ਸ਼ਰਮਾ, ਐੱਸ.ਸੀ/ਬੀ.ਸੀ ਯੂਨੀਅਨ ਵੱਲੋਂ ਨਸੀਬ ਚੰਦ ਅਤੇ ਸੀਟੂ ਯੂਨੀਅਨ ਵੱਲੋਂ ਤਰਸੇਮ ਸਿੰਘ ਹਾਜ਼ਰ ਹੋਏ।

# ਮਾਤਾ ਸ੍ਰੀ ਕਾਲੀ ਦੇਵੀ ਮੰਦਿਰ ਵਿਖੇ ਪੂਰੀ ਸ਼ਰਧਾ ਤੇ ਧਾਰਮਿਕ ਆਸਥਾ ਮੁਤਾਬਕ ਤੇਜੀ ਨਾਲ ਚੱਲ ਰਹੇ ਹਨ ਨਵੀਨੀਕਰਨ ਦਾ ਕਾਰਜ : ਅਜੇ ਅਲੀਪੁਰੀਆ

**ਪਟਿਆਲਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪਟਿਆਲਾ ਦੇ ਇਤਿਹਾਸਕ ਮਾਤਾ ਸ੍ਰੀ ਕਾਲੀ ਦੇਵੀ ਮੰਦਿਰ ਐਡਵਾਇਜਰੀ ਮੈਨੇਜਿੰਗ ਕਮੇਟੀ ਦੇ ਮੈਂਬਰਾਂ ਸੀ.ਏ. ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜ ਕੁਮਾਰ ਗੁਪਤਾਨੇ ਦੱਸਿਆ ਕਿ ਹੈ ਕਿ ਇਸ ਮੰਦਿਰ ਨੂੰ ਨਵੀਨੀਕਰਨ ਮਗਰੋਂ ਇੱਕ ਬਹੁਤ ਹੀ ਸੁੰਦਰ ਤੇ ਆਲੀਸ਼ਾਨ ਵਾਸਤੂ ਕਲਾ ਦੇ ਨਮੂਨੇ ਤੇ ਰੁਹਾਨੀ ਕੇਂਦਰ ਵਜੋਂ ਵਿਕਸਤ ਹੋਵੇਗਾ।

ਮੰਦਿਰ ਦੇ ਨਵੀਨੀਕਰਨ ਪ੍ਰਾਜੈਕਟਾਂ ਦਾ ਜਾਇਜ਼ਾ ਲੈਣ ਮੌਕੇ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਇਸ ਮੰਦਿਰ ਦੇ ਨਵੀਨੀਕਰਨ ਨੂੰ ਬਹੁਤ ਹੀ ਧਾਰਮਿਕ ਭਾਵਨਾ, ਪੂਰੀ ਸ਼ਰਧਾ ਤੇ ਧਾਰਮਿਕ ਆਸਥਾ ਮੁਤਾਬਕ ਤੇਜੀ ਨਾਲ ਮੁਕੰਮਲ ਕਰਵਾਇਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਸ ਦੌਰਾਨ ਲੰਗਰ ਦਾ ਲੈਂਟਰ ਪੈ ਚੁੱਕਾ ਹੈ ਅਤੇ ਲਾਈਟ ਐਂਡ ਸਾਊਂਡ ਦੀ ਸਟੇਜ ਤਿਆਰ ਕੀਤੀ ਜਾ ਰਹੀ ਹੈ। ਪਿਛਲੇ ਹਿੱਸੇ ਵਿੱਚ ਖਰਾਬ ਹੋਏ ਫਰਸ਼ ਨਵੇਂ ਪੈ ਚੁੱਕੇ ਹਨ। ਇਸ ਤੋਂ ਬਿਨ੍ਹਾਂ ਦਹਾਕਿਆਂ ਤੋਂ ਅੱਖੋਂ ਪਰੋਖੇ ਕੀਤੇ ਗਏ ਮੰਦਿਰ ਦੀਆਂ ਛੱਤਾਂ ਵਿੱਚੋਂ ਪਾਣੀ ਰਿਸਣ ਕਰਕੇ ਸਿੱਲ ਆ ਚੁੱਕੀ ਸੀ ਅਤੇ ਹੁਣ ਛੱਤਾਂ ਦੀ ਲੀਕੇਜ ਵੀ ਠੀਕ ਕੀਤੀ ਜਾ ਚੁੱਕੀ ਹੈ।

ਸੀ.ਏ. ਅਜੇ ਅਲੀਪੁਰੀਆ ਨੇ ਦੱਸਿਆ ਕਿ ਮਾਤਾ ਸ੍ਰੀ ਰਾਜ ਰਾਜੇਸ਼ਵਰੀ ਵਿੱਚ ਉਚੇ ਨੀਵੇਂ ਤੇ ਖਰਾਬ ਹੋ ਚੁੱਕੇ ਫਰਸ਼ਾਂ ਕਰਕੇ ਸ਼ਰਧਾਲੂਆਂ ਨੂੰ ਬਹੁਤ ਪ੍ਰੇਸ਼ਾਨੀ ਹੁੰਦੀ ਸੀ, ਉਹ ਵੀ ਠੀਕ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜਲਦੀ ਹੀ ਮਾਤਾ ਦੇ ਸ਼ਰਧਾਲੂਆਂ ਨੂੰ ਇਸੇ ਸਾਲ ਦੇ ਅੰਤ ਤੱਕ ਬਹੁਤ ਹੀ ਸ਼ਾਨਦਾਰ ਤੇ ਭੱਵਯ ਮੰਦਿਰ ਦੇ ਦਰਸ਼ਨ ਹੋਣਗੇ।

ਸੀ.ਏ. ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜਨ ਗੁਪਤਾਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਸ ਇਤਿਹਾਸਕ ਸ੍ਰੀ ਕਾਲੀ ਮਾਤਾ ਮੰਦਰ ਦੇ ਨਵੀਨੀਕਰਨ ਲਈ ਕਰੀਬ 75 ਕਰੋੜ ਰੁਪਏ ਦੇ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਗਈ ਸੀ।

ਸੀਏ ਅਜੇ ਅਲੀਪੁਰੀਆ ਨੇ ਦੱਸਿਆ ਕਿ ਇਹ ਪ੍ਰੋਜੈਕਟ ਮੰਦਰ ਦੀ ਪਵਿੱਤਰਤਾ ਤੇ ਇਸਦੀ ਵਿਰਾਸਤੀ ਆਰਕੀਟੈਕਚਰ ਨੂੰ ਬਰਕਰਾਰ ਰੱਖਦਿਆਂ ਮੰਦਰ ਦੀ ਸ਼ਾਨ ਵਿੱਚ ਵਾਧਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਸ ਰੂਹਾਨੀ ਕੇਂਦਰ ਨੂੰ ਪੰਜਾਬ ਦੇ ਇੱਕ ਵਾਸਤੂ ਕਲਾ ਦੇ ਨਮੂਨੇ ਵਜੋਂ ਵਿਕਸਤ ਕਰ ਰਹੀ ਹੈ।

# ਪਟਿਆਲਾ ਜ਼ਿਲ੍ਹੇ ਅੰਦਰ ਪਾਰਦਰਸ਼ੀ ਤਰੀਕੇ ਨਾਲ ਕਰਵਾਈ ਜਾਵੇਗੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ : ਡਾ. ਹਿਮਾਂਸ਼ੂ ਅਗਰਵਾਲ

**ਪਟਿਆਲਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਹੈ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਨੋਟੀਫਿਕੇਸ਼ਨ ਮੁਤਾਬਕ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਕਰਵਾਉਣ ਦੇ ਹੁਕਮਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਅਧੀਨ ਪਟਿਆਲਾ ਜ਼ਿਲ੍ਹੇ ਅੰਦਰ 25 ਜੂਨ, 2026 ਤੋਂ 24 ਜੁਲਾਈ, 2026 ਤੱਕ ਬੀਐਲਓਜ਼ ਘਰੋਂ-ਘਰੀਂ ਜਾ ਕੇ ਵੋਟਰਜ਼ ਦੇ ਫਾਰਮ ਭਰਵਾਉਣਗੇ।ਡਿਪਟੀ ਕਮਿਸ਼ਨਰ ਨੇ ਅੱਜ ਇੱਥੇ ਦੱਸਿਆ ਕਿ ਮੁੱਖ ਚੋਣ ਅਫ਼ਸਰ ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ ਵੱਲੋਂ ਪ੍ਰਾਪਤ ਨਿਰਦੇਸ਼ਾਂ ਮੁਤਾਬਕ ਪਟਿਆਲਾ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਨੂੰ ਪੂਰੀ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਕਾਰਜ ਲਈ ਜ਼ਿਲ੍ਹੇ ਅੰਦਰ 1786 ਬੀਐਲਓਜ਼, 185 ਸੁਪਰਵਾਈਜ਼ਰ, 8 ਈਆਰਓਜ਼ ਅਤੇ 16 ਏਈਆਰਓਜ਼ ਸਮੇਤ ਪੂਰਾ ਚੋਣ ਅਮਲਾ ਲਗਾਇਆ ਗਿਆ ਹੈ।ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਹਰੇਕ ਬੀਐਲਓ ਨੂੰ ਔਸਤ 300 ਘਰ ਅਤੇ 1200 ਵੋਟਰ ਹੀ ਐਸ.ਆਈ.ਆਰ. ਲਈ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮੁੱਖ ਚੋਣ ਅਫ਼ਸਰ ਪੰਜਾਬ ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹੇ ਵਿੱਚ ਐਸ.ਆਈ.ਆਰ. ਕਰਵਾਉਣ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਐਸ.ਆਈ.ਆਰ. ਸਬੰਧੀ ਬੀਐਲਓਜ਼ ਨੂੰ ਟ੍ਰੇਨਿੰਗ ਦੇਣ ਅਤੇ ਹੋਰ ਤਿਆਰੀਆਂ ਸਬੰਧੀ ਕੰਮ 15 ਜੂਨ, 2026 ਤੋਂ 24 ਜੂਨ, 2026 ਤੱਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਹਰੇਕ ਯੋਗ ਨਾਗਰਿਕ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਅਯੋਗ ਵਿਅਕਤੀਆਂ ਨੂੰ ਸੂਚੀ ਵਿੱਚੋਂ ਬਾਹਰ



ਕਰਨਾ ਹੈ।ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਦੋਹਰੀ ਵੋਟ ਰੱਖਣਾ ਭਾਰਤੀ ਸੰਵਿਧਾਨ ਅਨੁਸਾਰ ਅਪਰਾਧ ਹੈ ਜਿਸ ਲਈ ਇੱਕ ਸਾਲ ਤੱਕ ਦੀ ਕੈਦ ਦੀ ਸਜ਼ਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਵੋਟਰਾਂ ਨੂੰ ਐਸ.ਆਈ.ਆਰ. ਅਧੀਨ ਫਾਰਮ ਭਰਨਾ ਪਵੇਗਾ। ਉਨ੍ਹਾਂ ਦੱਸਿਆ ਕਿ ਕੀਤੀ ਗਈ ਪ੍ਰੀ ਐਸ.ਆਈ.ਆਰ. ਮੈਪਿੰਗ ਦੇ ਤਹਿਤ ਪਟਿਆਲਾ ਦੇ 15 ਲੱਖ 21 ਹਜ਼ਾਰ 133 ਵੋਟਰ ਹਨ, ਇਨ੍ਹਾਂ ਵਿੱਚੋਂ 12 ਲੱਖ 39790 ਦੀ ਮੈਪਿੰਗ ਕੀਤੀ ਜਾ ਚੁੱਕੀ ਹੈ ਜੋ ਕਿ ਕੁੱਲ ਵੋਟਰਾਂ ਦਾ 81.50 ਫੀਸਦ ਬਣਦੀ ਹੈ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ 1 ਜਨਵਰੀ, 2003 ਨੂੰ ਯੋਗਤਾ ਮਿਤੀ ਨਿਰਧਾਰਤ ਕੀਤਾ ਗਿਆ ਹੈ।ਡਾ. ਹਿਮਾਂਸ਼ੂ ਅਗਰਵਾਲ ਨੇ ਐਸ.ਆਈ.ਆਰ. ਬਾਰੇ ਹੋਰ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਨੂੰ ਤਰਕਸੰਗਤ ਕਰਨ ਦਾ ਕਾਰਜ 24-07-2026 ਤੱਕ ਕੀਤਾ ਜਾਵੇਗਾ ਅਤੇ ਵੋਟਰ ਸੂਚੀ ਦਾ ਖਰੜਾ 31-07-2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਵੋਟਰ ਸੂਚੀਆਂ ਸਬੰਧੀ ਇਤਰਾਜ਼ ਅਤੇ ਦਾਅਵੇ 31-07-2026 ਤੋਂ 30-08-2026 ਤੱਕ ਪੇਸ਼ ਕੀਤੇ ਜਾ ਸਕਦੇ ਹਨ। ਇਤਰਾਜ਼ ਅਤੇ ਦਾਅਵਿਆਂ ਦਾ ਨਿਪਟਾਰਾ 31-07-2026 ਤੋਂ 28-09-2026 ਤੱਕ ਜਾਵੇਗਾ।ਉਨ੍ਹਾਂ ਨੇ ਦੱਸਿਆ ਕਿ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 01-10-2026 ਨੂੰ ਕੀਤੀ ਜਾਵੇਗੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਭਾਰਤੀ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਕਰਵਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਵਿੱਚ ਬੀਐਲਓਜ਼ ਨੂੰ ਪੂਰਾ ਸਹਿਯੋਗ ਕਰਨ। ਉਨ੍ਹਾਂ ਇਹ ਵੀ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ ਯੋਗਤਾ ਮਿਤੀ 1 ਜਨਵਰੀ, 2003 ਦੀਆਂ ਵੋਟਰ ਸੂਚੀਆਂ ਨਾਲ ਮੌਜੂਦਾ ਵੋਟਰ ਸੂਚੀਆਂ ਨੂੰ ਜੋੜ ਦਿੱਤਾ ਗਿਆ ਹੈ ਜਿਸ ਨਾਲ ਵੋਟਰਾਂ ਨੂੰ ਪੁਰਾਣੀਆਂ ਵੋਟਰ ਸੂਚੀਆਂ ਨੂੰ ਲੱਭਣ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਵੇਗੀ।ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਬੀਐਲਓਜ਼ ਘਰੋਂ-ਘਰੀਂ ਜਾ ਕੇ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਫਾਰਮ ਭਰਵਾਉਣਗੇ ਅਤੇ ਫਾਰਮ ਨੂੰ ਮੁੜ ਪ੍ਰਾਪਤ ਕਰਨ ਲਈ ਵੋਟਰਾਂ ਦੇ ਘਰ ਜਾ ਕੇ ਤਿੰਨ ਵਾਰ ਉਨ੍ਹਾਂ ਨਾਲ ਸੰਪਰਕ ਕਰਨਗੇ। ਉਨ੍ਹਾਂ ਦੱਸਿਆ ਕਿ ਐਸ.ਆਈ.ਆਰ. ਦੌਰਾਨ ਆਧਾਰ ਕਾਰਡ ਨੂੰ ਸਿਰਫ ਪਹਿਚਾਣ ਦੇ ਸਰੋਤ ਵਜੋਂ ਹੀ ਮਾਨਤਾ ਦਿੱਤੀ ਗਈ ਹੈ ਨਾ ਕਿ ਪਹਿਚਾਣ ਦੇ ਸਬੂਤ ਵਜੋਂ।ਡਿਪਟੀ ਕਮਿਸ਼ਨਰ ਨੇ ਪੰਜਾਬ ਰਾਜ ਦੀਆਂ ਸਮੂਹ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬਲਾਕ ਲੈਵਲ ਏਜੰਟ ਜ਼ਰੂਰ ਨਿਯੁਕਤ ਕਰਨ ਤਾਂ ਜੋ ਇਹ ਕਾਰਜ ਨਿਰਵਿਘਨ ਢੰਗ ਨਾਲ ਨੇਪਰੇ ਚੜ੍ਹ ਸਕੇ। ਉਨ੍ਹਾਂ ਦੱਸਿਆ ਕਿ ਦਫ਼ਤਰ ਜ਼ਿਲ੍ਹਾ ਚੋਣ ਅਫ਼ਸਰ, ਪਟਿਆਲਾ ਵੱਲੋਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੇ ਹਰੇਕ ਪੜਾਅ 'ਤੇ ਰਾਜਨੀਤਿਕ ਪਾਰਟੀਆਂ ਨੂੰ ਸ਼ਾਮਲ ਕੀਤਾ ਜਾਵੇਗਾ।

# ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਦੇ ਉਪ ਚੇਅਰਮੈਨ ਸੁਰਿੰਦਰ ਕਲਿਆਣ ਵੱਲੋਂ ਸਫਾਈ ਕਰਮਚਾਰੀਆਂ ਦੀਆਂ ਤਨਖਾਹਾਂ, ਪੀਐਫ ਅਤੇ ਈਐਸਆਈ ਸਹੂਲਤਾਂ ਦੀ ਸਮੀਖਿਆ



**ਲੁਧਿਆਣਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਦੇ ਉਪ ਚੇਅਰਮੈਨ ਸੁਰਿੰਦਰ ਕਲਿਆਣ ਨੇ ਸ਼ੁੱਕਰਵਾਰ ਨੂੰ ਸਿਵਲ ਸਰਜਨ ਦਫ਼ਤਰ ਵਿਖੇ ਮੀਟਿੰਗ ਕਰਕੇ ਸਿਵਲ ਹਸਪਤਾਲ ਅਤੇ ਵੱਖ-ਵੱਖ ਕਮਿਊਨਿਟੀ ਹੈਲਥ ਸੈਂਟਰਾਂ ਵਿੱਚ ਤਾਇਨਾਤ ਸਫਾਈ ਕਰਮਚਾਰੀਆਂ ਦੀ ਭਲਾਈ ਸਬੰਧੀ ਸਮੀਖਿਆ ਕੀਤੀ।

ਮੀਟਿੰਗ ਦੌਰਾਨ ਸੁਰਿੰਦਰ ਕਲਿਆਣ ਨੇ ਸਹਾਇਕ ਸਿਵਲ ਸਰਜਨ ਡਾ. ਵਿਵੇਕ ਕਟਾਰੀਆ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਹਰਪ੍ਰੀਤ ਸਿੰਘ ਨਾਲ ਮਿਲ ਕੇ ਸਫਾਈ ਕਰਮਚਾਰੀਆਂ ਨਾਲ ਗੱਲਬਾਤ ਕੀਤੀ ਅਤੇ ਠੇਕੇਦਾਰਾਂ ਵੱਲੋਂ ਦਿੱਤੀਆਂ ਜਾ ਰਹੀਆਂ ਤਨਖਾਹਾਂ, ਪ੍ਰੋਵੀਡੈਂਟ ਫੰਡ (ਪੀਐਫ), ਈਐਸਆਈ ਅਤੇ ਹੋਰ ਸਹੂਲਤਾਂ ਬਾਰੇ ਫੀਡਬੈਕ ਲਿਆ। ਇਸ ਮੌਕੇ ਸਫਾਈ ਕਰਮਚਾਰੀਆਂ ਦੀਆਂ ਕਾਰਜ ਸਥਿਤੀਆਂ ਅਤੇ ਭਲਾਈ ਨੂੰ ਹੋਰ ਬਿਹਤਰ ਬਣਾਉਣ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

ਸੁਰਿੰਦਰ ਕਲਿਆਣ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਭਰ ਵਿੱਚ ਇਸ ਤਰ੍ਹਾਂ ਦੀਆਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਜ਼ਮੀਨੀ ਪੱਧਰ 'ਤੇ ਸਫਾਈ ਕਰਮਚਾਰੀਆਂ ਨੂੰ ਆ ਰਹੀਆਂ ਸਮੱਸਿਆਵਾਂ ਦਾ ਹੱਲ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਨੇ ਹਸਪਤਾਲਾਂ ਵਿੱਚ ਸਫਾਈ ਅਤੇ ਸੁਚੱਜੇ ਪ੍ਰਬੰਧ ਬਣਾਈ ਰੱਖਣ ਵਿੱਚ ਸਫਾਈ ਕਰਮਚਾਰੀਆਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਭਰੋਸਾ ਦਿੱਤਾ ਕਿ ਕਮਿਸ਼ਨ ਵੱਲੋਂ ਉਨ੍ਹਾਂ ਦੀ ਭਲਾਈ ਲਈ ਲਗਾਤਾਰ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ।

ਇਸ ਉਪਰੰਤ ਸੁਰਿੰਦਰ ਕਲਿਆਣ ਨੇ ਸਿਵਲ ਹਸਪਤਾਲ ਦਾ ਦੌਰਾ ਵੀ ਕੀਤਾ ਅਤੇ ਉੱਥੇ ਤਾਇਨਾਤ ਸਫਾਈ ਕਰਮਚਾਰੀਆਂ ਨਾਲ ਸਿੱਧੀ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਬਾਰੇ ਜਾਣਕਾਰੀ ਹਾਸਲ ਕੀਤੀ।

# ਜਥੇਦਾਰ ਗੜਗੱਜ ਤੇ ਜਸਟਿਸ ਸੋਢੀ ਵਿਚਾਲੇ ਅਹਿਮ ਮੀਟਿੰਗ



**ਸ੍ਰੀ ਆਨੰਦਪੁਰ ਸਾਹਿਬ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਤੋਂ ਸੇਵਾਮੁਕਤ ਜਸਟਿਸ ਆਰ.ਐੱਸ. ਸੋਢੀ ਨੇ ਅੱਜ ਸ੍ਰੀ ਆਨੰਦਪੁਰ ਸਾਹਿਬ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਵਿਸ਼ੇਸ਼ ਮੀਟਿੰਗ ਕਰਕੇ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026 ਸਬੰਧੀ ਵਿਸਥਾਰ ਨਾਲ ਵਿਚਾਰ ਚਰਚਾ ਕੀਤੀ। ਇਹ ਮੁਲਾਕਾਤ ਜਥੇਦਾਰ ਗੜਗੱਜ ਦੇ ਦਫ਼ਤਰ ਵਿਖੇ ਹੋਈ।

ਇਸ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜਸਟਿਸ ਸੋਢੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਕਾਨੂੰਨੀ ਸੋਧ ਸਬੰਧੀ ਪਹਿਲੇ ਦਿਨ ਤੋਂ ਹੀ ਵਿਸਥਾਰਤ ਲੇਖਾਂ ਰਾਹੀਂ ਸੰਗਤ ਨੂੰ ਮਾਮਲੇ ਦੀ ਗੰਭੀਰਤਾ ਨਾਲ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਜਸਟਿਸ ਸੋਢੀ ਦੀ ਸਿੱਖੀ ਅਤੇ ਕਾਨੂੰਨ ਪ੍ਰਤੀ ਡੂੰਘੀ ਸਮਝ ਸਿੱਖ ਕੌਮ ਲਈ ਮਾਰਗਦਰਸ਼ਕ ਹੈ।

ਜਸਟਿਸ ਸੋਢੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਤੀ ਸਿੱਖਾਂ ਦਾ ਅਕੀਦਾ ਨਿੱਜੀ ਅਤੇ ਆਤਮਿਕ ਮਾਮਲਾ ਹੈ, ਜਿਸ ਵਿੱਚ ਸਰਕਾਰ ਦੀ ਦਖ਼ਲਅੰਦਾਜ਼ੀ ਠੀਕ ਨਹੀਂ। ਉਨ੍ਹਾਂ ਦੋਸ਼ ਲਾਇਆ ਕਿ ਸੂਬਾ ਸਰਕਾਰ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰ ਖੇਤਰ ਵਿੱਚ ਸਿੱਧਾ ਦਖ਼ਲ ਕੀਤਾ ਗਿਆ ਹੈ, ਜਿਸ ਨੂੰ ਸਮਰਪਿਤ ਸਿੱਖ ਕਦੇ ਵੀ ਸਵੀਕਾਰ ਨਹੀਂ ਕਰ ਸਕਦੇ।

ਜਥੇਦਾਰ ਗੜਗੱਜ ਤੇ ਜਸਟਿਸ ਸੋਢੀ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਦੇ ਨਵੇਂ ਕਾਨੂੰਨ ਵਿੱਚ ਕਈ ਗੰਭੀਰ ਖਾਮੀਆਂ ਹਨ ਅਤੇ ਇਹ ਸਿੱਖ ਕੌਮ ਦੇ ਹਿੱਤਾਂ ਦੇ ਅਨੁਕੂਲ ਨਹੀਂ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਪਹਿਲਾਂ ਹੀ ਬੇਅਦਬੀ ਮਾਮਲਿਆਂ ਲਈ ਕਾਨੂੰਨੀ ਪ੍ਰਬੰਧ ਮੌਜੂਦ ਹਨ, ਪਰ ਸਿੱਖਾਂ ਨੂੰ ਅਜੇ ਤੱਕ ਇਨਸਾਫ਼ ਨਹੀਂ ਮਿਲਿਆ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਨੇ ਸਿੱਖ ਸੰਸਥਾਵਾਂ ਨਾਲ ਸਲਾਹ-ਮਸ਼ਵਰਾ ਕੀਤੇ ਬਿਨਾਂ ਕਾਨੂੰਨ ਪਾਸ ਕਰਕੇ ਗੈਰ-ਸੰਜੀਦਾ ਪਹੁੰਚ ਅਪਣਾਈ ਹੈ। ਇਸ ਦੌਰਾਨ ਦੋਵਾਂ ਨੇ ਮਾਮਲੇ ਸਬੰਧੀ ਭਵਿੱਖੀ ਰਣਨੀਤੀ ਅਤੇ ਅਗਲੇ ਕਦਮਾਂ 'ਤੇ ਵੀ ਵਿਚਾਰ ਕੀਤਾ।

# ਜੇਲ੍ਹ ਦੇ ਤਿੰਨ ਕੈਦੀਆਂ ਵੱਲੋਂ ਭੱਜਣ ਦੀ ਕੋਸ਼ਿਸ਼, ਦਬੋਚੇ

**ਪਟਿਆਲਾ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਜੇਲ੍ਹ ਪਟਿਆਲਾ ਤੋਂ ਤਿੰਨ ਵਿਚਾਰ ਅਧੀਨ (ਹਵਾਲਾਤੀ) ਕੈਦੀਆਂ ਵੱਲੋਂ ਭੱਜਣ ਦੀ ਕੋਸ਼ਿਸ਼ ਕੀਤੇ ਜਾਣ 'ਤੇ ਜੇਲ੍ਹ ਦੇ ਸੁਰੱਖਿਆ ਮੁਲਾਜ਼ਮਾਂ ਨੇ ਉਨ੍ਹਾਂ ਨੂੰ ਜਲਦੀ ਹੀ ਦਬੋਚ ਲਿਆ। ਇਨ੍ਹਾਂ ਵਿੱਚ ਰਾਹੁਲ ਪੱਤਰ ਗਿਰਵਰ ਦਿਆਲਵਿਕਰਮ ਸਿੰਘ ਪੁੱਤਰ ਪ੍ਰੇਮ ਸਿੰਘ, ਕਰਨਦੀਪ ਸਿੰਘ ਪੱਤਰ ਕਸ਼ਮੀਰ ਸਿੰਘ ਦੇ ਨਾਮ ਸ਼ਾਮਲ ਹਨ।

ਪਤਾ ਲੱਗਾ ਹੈ ਕਿ ਚਾਦਰਾਂ ਆਦਿ ਦੀ ਰੱਸੀ ਬਣਾ ਕੇ ਉਹ ਜੇਲ੍ਹ ਦੇ ਬਿਲਕੁਲ ਨਾਲ ਲੱਗਦੇ ਜੇਲ੍ਹ ਟਰੇਨਿੰਗ ਸਕੂਲ ਵਾਲੇ ਪਾਸੇ ਉਤਰ ਗਏ ਸਨ ਪਰੰਤੂ ਜਲਦੀ ਹੀ ਪਤਾ ਲੱਗ ਜਾਣ ਕਰਕੇ ਉਨ੍ਹਾਂ ਨੂੰ ਦਬੋਚ ਲਿਆ ਗਿਆ। ਉਧਰ ਜੇਲ ਪ੍ਰਸ਼ਾਸਨ ਵੱਲੋਂ ਇਸ ਸਬੰਧੀ ਪੁਲੀਸ ਨੂੰ ਇਤਲਾਹ ਦੇ ਦਿੱਤੀ ਗਈ ਹੈ। ਤ੍ਰਿਪੜੀ ਦੇ ਐੱਸਐੱਚਓ ਸੁਖਵਿੰਦਰ ਸਿੰਘ ਗਿੱਲ ਨੇ ਕਿਹਾ ਕਿ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਇਸੇ ਦੌਰਾਨ ਇਸ ਘਟਨਾ ਤੋਂ ਬਾਅਦ ਏਡੀਜੀਪੀ ਜੇਲਾਂ ਨੇ ਵੀ ਕੇਂਦਰੀ ਜੇਲ ਪਟਿਆਲਾ ਦਾ ਦੌਰਾ ਕੀਤਾ।

# ਪੰਜਾਬ ਦੇ ਮੋਹਾਲੀ 'ਚ ਪੈਟਰੋਲ 100 ਤੋਂ ਪਾਰ, ਡੀਜ਼ਲ ਵੀ ਹੋਇਆ ਮਹਿੰਗਾ

## ਦੇਸ਼ ਵਿਆਪੀ ਵਾਧੇ ਤੋਂ ਬਾਅਦ ਟ੍ਰਾਈਸਿਟੀ ਵਿੱਚ ਚੰਡੀਗੜ੍ਹ ਸਭ ਤੋਂ ਸਸਤਾ; ਪੰਚਕੂਲਾ 'ਚ ਵੀ ਵਧੇ ਰੇਟ



**ਮੋਹਾਲੀ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਦੇਸ਼ ਭਰ ਵਿੱਚ ਤੇਲ ਕੰਪਨੀਆਂ ਵੱਲੋਂ ਬਾਲਣ ਦੀਆਂ ਕੀਮਤਾਂ ਵਿੱਚ ਕੀਤੇ ਗਏ ਭਾਰੀ ਵਾਧੇ ਤੋਂ ਬਾਅਦ ਅੱਜ ਮੋਹਾਲੀ ਜ਼ਿਲ੍ਹੇ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਅਸਮਾਨੀ ਚੜ੍ਹ ਗਈਆਂ ਹਨ। ਨਵੇਂ ਵਾਧੇ ਮੁਤਾਬਕ ਮੋਹਾਲੀ ਵਿੱਚ ਪੈਟਰੋਲ 2.97 ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ 2.94 ਰੁਪਏ ਪ੍ਰਤੀ ਲੀਟਰ ਮਹਿੰਗਾ ਹੋ ਗਿਆ ਹੈ। ਤੇਲ ਦੀਆਂ ਇਹ ਨਵੀਆਂ ਅਤੇ ਵਧੀਆਂ ਹੋਈਆਂ ਕੀਮਤਾਂ ਅੱਜ ਸਵੇਰੇ 6 ਵਜੇ ਤੋਂ ਜ਼ਿਲ੍ਹੇ ਦੇ ਸਾਰੇ ਫਿਲਿੰਗ ਸਟੇਸ਼ਨਾਂ 'ਤੇ ਲਾਗੂ ਹੋ ਗਈਆਂ ਹਨ।

ਨਵੇਂ ਰੇਟਾਂ ਅਨੁਸਾਰ, ਹੁਣ ਮੋਹਾਲੀ ਵਿੱਚ ਆਮ ਪੈਟਰੋਲ ਦੀ ਕੀਮਤ 100 ਰੁਪਏ ਦਾ ਅੰਕੜਾ ਪਾਰ ਕਰਕੇ 101.49 ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ ਦੀ ਕੀਮਤ 91.25 ਰੁਪਏ ਪ੍ਰਤੀ ਲੀਟਰ ਹੋ ਗਈ ਹੈ। ਸਿਰਫ਼ ਆਮ ਤੇਲ ਹੀ ਨਹੀਂ, ਬਲਕਿ ਪ੍ਰੀਮੀਅਮ (Premium) ਤੇਲ ਦੀਆਂ ਕੀਮਤਾਂ ਵਿੱਚ ਵੀ ਵੱਡਾ ਉਛਾਲ ਦੇਖਣ ਨੂੰ ਮਿਲਿਆ ਹੈ। ਇੰਡੀਅਨ ਆਇਲ ਦੇ ਪ੍ਰੀਮੀਅਮ ਪੈਟਰੋਲ ਦੀ ਕੀਮਤ ਹੁਣ 110.11 ਰੁਪਏ ਪ੍ਰਤੀ ਲੀਟਰ ਅਤੇ ਪ੍ਰੀਮੀਅਮ ਡੀਜ਼ਲ ✓7 ਦੀ ਕੀਮਤ 96.61 ਰੁਪਏ ਪ੍ਰਤੀ ਲੀਟਰ ਤੱਕ ਪਹੁੰਚ ਗਈ ਹੈ, ਜਿਸ ਨਾਲ ਆਮ ਜਨਤਾ ਦੀ ਜੇਬ 'ਤੇ ਬੋਝ ਹੋਰ ਵਧ ਗਿਆ ਹੈ।

# ਸੀ.ਈ.ਓ. ਅਨਿੰਦਿਤਾ ਮਿਤਰਾ ਵੱਲੋਂ ਰਜਿਸਟਰਡ ਅਤੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਬੀ.ਐਲ.ਏ. ਲਗਾਉਣ ਦੀ ਅਪੀਲ

**ਚੰਡੀਗੜ੍ਹ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਵਿੱਚ ਭਾਰਤੀ ਚੋਣ ਕਮਿਸ਼ਨ ਵੱਲੋਂ ਕਰਵਾਏ ਜਾ ਰਹੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਸਬੰਧੀ ਅੱਜ ਮੁੱਖ ਚੋਣ ਅਫ਼ਸਰ ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ ਵਲੋਂ ਪੰਜਾਬ ਰਾਜ ਦੀਆਂ ਰਜਿਸਟਰਡ ਅਤੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਪ੍ਰਤੀਨਿਧੀਆਂ ਨਾਲ ਮੀਟਿੰਗ ਕੀਤੀ ਗਈ।

ਮੀਟਿੰਗ ਦੌਰਾਨ ਉਨ੍ਹਾਂ ਪੰਜਾਬ ਰਾਜ ਦੀਆਂ ਰਜਿਸਟਰਡ ਅਤੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਪ੍ਰਤੀਨਿਧੀਆਂ ਨੂੰ ਅਪੀਲ ਕੀਤੀ ਕਿ ਉਹ ਐਸ.ਆਈ.ਆਰ. ਸਬੰਧੀ ਬੂਥ ਲੈਵਲ ਏਜੰਟ (ਬੀ.ਐਲ.ਏ.)



ਦੀਆਂ ਨਿਯੁਕਤੀਆਂ ਜਲਦ ਤੋਂ ਜਲਦ ਕਰ ਦੇਣ ਤਾਂ ਜੋ ਇਹਨਾਂ ਬੀ.ਐਲ.ਏਜ਼ ਨੂੰ ਬੀ.ਐਲ.ਓਜ਼ ਦੇ ਨਾਲ ਹੀ ਸਮਾਂ ਰਹਿੰਦਿਆਂ ਟ੍ਰੇਨਿੰਗ ਦਿੱਤੀ ਜਾ ਸਕੇ। ਉਨ੍ਹਾਂ ਕਿਹਾ ਕਿ ਬੀ.ਐਲ.ਏਜ਼ ਦੀ ਭੂਮਿਕਾ ਬਹੁਤ ਅਹਿਮ ਹੈ ਅਤੇ ਐਸ.ਆਈ.ਆਰ. ਦੇ ਹਰੇਕ ਪੜਾਅ ਉੱਤੇ ਬੀ.ਐਲ.ਓ. ਵੱਲੋਂ ਬੀ.ਐਲ.ਏ. ਨਾਲ ਜਾਣਕਾਰੀਆਂ ਸਾਂਝੀਆਂ ਕੀਤੀਆਂ ਜਾਣਗੀਆਂ ਤਾਂ ਜੋ ਇਸ ਸਾਰੀ ਪ੍ਰਕਿਰਿਆ ਦੀ ਪਾਰਦਰਸ਼ਤਾ ਬਰਕਰਾਰ ਰਹੇ। ਉਨ੍ਹਾਂ ਰਾਜਨੀਤਿਕ ਪਾਰਟੀਆਂ ਨੂੰ ਕਿਹਾ ਕਿ ਬੀ.ਐਲ.ਏ.-1 ਦੀ ਨਿਯੁਕਤੀ ਸਬੰਧੀ ਵੀ ਪ੍ਰਕਿਰਿਆ ਨੂੰ ਵੀ ਜਲਦ ਮੁਕੰਮਲ ਕਰ ਲਿਆ ਜਾਵੇ।

ਸ੍ਰੀਮਤੀ ਮਿਤਰਾ ਨੇ ਕਿਹਾ ਕਿ ਐਸ.ਆਈ.ਆਰ. ਦੀ ਸਮੁੱਚੀ ਪ੍ਰਕਿਰਿਆ ਦੌਰਾਨ ਦਫ਼ਤਰ ਮੁੱਖ ਚੋਣ ਅਫ਼ਸਰ ਪੰਜਾਬ ਰਾਜ ਦੀਆਂ ਰਾਜਨੀਤਿਕ ਪਾਰਟੀਆਂ ਨਾਲ ਲਗਾਤਾਰ ਸੰਪਰਕ ਵਿੱਚ ਰਹੇਗਾ। ਇਸ ਮੌਕੇ ਉਨ੍ਹਾਂ ਵੋਟ ਸਬੰਧੀ ਅਧਿਕਾਰੀ ਬਾਰੇ ਵੀ ਰਾਜਨੀਤਿਕ ਪਾਰਟੀਆਂ ਨੂੰ ਜਾਣੂ ਕਰਵਾਇਆ।

ਇਸ ਮੌਕੇ ਉਨ੍ਹਾਂ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਅਧੀਨ ਪੰਜਾਬ ਰਾਜ ਵਿੱਚ 25 ਜੂਨ, 2026 ਤੋਂ 24 ਜੁਲਾਈ, 2026 ਤੱਕ ਬੀਐਲਓਜ਼ ਘਰੋਂ-ਘਰੀਂ ਜਾ ਕੇ ਵੋਟਰਜ਼ ਦੇ ਫਾਰਮ ਭਰਵਾਉਣਗੇ। ਇਸ ਕਾਰਜ ਲਈ 24453 ਬੀਐਲਓਜ਼, 2476 ਸੁਪਰਵਾਈਜ਼ਰ, 117 ਈਆਰਓਜ਼ ਅਤੇ 234 ਏਈਆਰਓਜ਼ ਸਮੇਤ ਪੂਰਾ ਚੋਣ ਅਮਲਾ ਲਗਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਐਸ.ਆਈ.ਆਰ. ਸਬੰਧੀ ਬੀਐਲਓਜ਼ ਨੂੰ ਟ੍ਰੇਨਿੰਗ ਦੇਣ ਅਤੇ ਹੋਰ ਤਿਆਰੀਆਂ ਸਬੰਧੀ ਕੰਮ 15 ਜੂਨ, 2026 ਤੋਂ 24 ਜੂਨ, 2026 ਤੱਕ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਹਰੇਕ ਯੋਗ ਨਾਗਰਿਕ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਅਯੋਗ ਵਿਅਕਤੀਆਂ ਨੂੰ ਸੂਚੀ ਵਿੱਚੋਂ ਬਾਹਰ ਕਰਨਾ ਹੈ।

# ਪੁਲਿਸ ਬੈਰੀਕੇਡ ਤੋੜ ਰਹੇ ਕਿਸਾਨਾਂ 'ਤੇ ਲਾਠੀਚਾਰਜ ਅਤੇ ਅੱਥਰੂ ਗੈਸ ਦੀ ਵਰਤੋਂ

**ਚੰਡੀਗੜ੍ਹ, 16 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਹੱਦ 'ਤੇ ਅੱਜ ਉਸ ਵੇਲੇ ਸਥਿਤੀ ਬੇਹੱਦ ਤਣਾਅਪੂਰਨ ਹੋ ਗਈ ਜਦੋਂ ਸੰਯੁਕਤ ਕਿਸਾਨ ਮੋਰਚਾ (SKM) ਦੀ ਅਗਵਾਈ ਹੇਠ ਰਾਜਪਾਲ ਭਵਨ ਵੱਲ ਕੂਚ ਕਰ ਰਹੇ ਸੈਂਕੜੇ ਕਿਸਾਨਾਂ ਨੂੰ ਚੰਡੀਗੜ੍ਹ ਪੁਲੀਸ ਨੇ ਸਰਹੱਦ 'ਤੇ ਹੀ ਰੋਕ ਲਿਆ। ਇਸ ਦੌਰਾਨ ਜਦੋਂ ਕਿਸਾਨਾਂ ਨੇ ਅੱਗੇ ਵਧਣ ਲਈ ਲਗਾਏ ਗਏ ਭਾਰੀ ਬੈਰੀਕੇਡ ਤੋੜਨ ਦੀ ਕੋਸ਼ਿਸ਼ ਕੀਤੀ, ਤਾਂ ਚੰਡੀਗੜ੍ਹ ਪੁਲੀਸ ਨੇ ਕਿਸਾਨਾਂ ਨੂੰ ਖਿੰਡਾਉਣ ਲਈ ਹਲਕਾ ਲਾਠੀਚਾਰਜ ਕੀਤਾ ਅਤੇ ਅੱਥਰੂ ਗੈਸ ਦੇ ਗੋਲੇ ਛੱਡੇ। ਪੁਲੀਸ ਦੀ ਇਸ ਸਖ਼ਤ ਕਾਰਵਾਈ ਕਾਰਨ ਕਈ ਕਿਸਾਨਾਂ ਦੇ ਜ਼ਖ਼ਮੀ ਹੋਣ ਦੀ ਖ਼ਬਰ ਹੈ। ਮਿਲੀ ਜਾਣਕਾਰੀ ਅਨੁਸਾਰ ਵੱਖ-ਵੱਖ ਮੰਗਾਂ ਨੂੰ ਲੈ ਕੇ ਕਿਸਾਨਾਂ ਵੱਲੋਂ ਅੱਜ ਚੰਡੀਗੜ੍ਹ ਸਥਿਤ ਰਾਜਪਾਲ ਭਵਨ ਦਾ ਘੇਰਾਓ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ। ਵੱਡੀ ਗਿਣਤੀ ਵਿੱਚ ਕਿਸਾਨ ਟਰੈਕਟਰ-ਟਰਾਲੀਆਂ ਅਤੇ ਗੱਡੀਆਂ ਰਾਹੀਂ ਚੰਡੀਗੜ੍ਹ ਵੱਲ ਵਧ ਰਹੇ ਸਨ। ਪਰ ਚੰਡੀਗੜ੍ਹ ਪੁਲੀਸ ਨੇ ਮੁਸਤੈਦੀ ਦਿਖਾਉਂਦਿਆਂ ਕਿਸਾਨਾਂ ਨੂੰ ਸ਼ਹਿਰ ਦੀ ਹੱਦ ਅੰਦਰ ਦਾਖ਼ਲ ਹੋਣ ਤੋਂ ਪਹਿਲਾਂ ਹੀ ਰੋਕਣ ਲਈ ਮਜ਼ਬੂਤ ਬੈਰੀਕੇਡਿੰਗ ਕਰ ਦਿੱਤੀ ਸੀ। ਸਰਹੱਦ 'ਤੇ ਲਗਾਏ ਨਾਕਿਆਂ ਕੋਲ ਪਹੁੰਚ ਕੇ ਕਿਸਾਨਾਂ ਅਤੇ ਪੁਲੀਸ ਦਰਮਿਆਨ ਤਿੱਖੀ ਬਹਿਸ ਹੋਈ, ਜੋ ਕੁਝ ਹੀ ਦੇਰ ਵਿੱਚ ਹੰਗਾਮੇ ਵਿੱਚ ਬਦਲ ਗਈ। ਜਦੋਂ ਕਿਸਾਨਾਂ ਨੇ ਬੈਰੀਕੇਡ ਹਟਾ ਕੇ ਜ਼ਬਰਦਸਤੀ ਅੱਗੇ ਵਧਣ ਦਾ ਯਤਨ ਕੀਤਾ, ਤਾਂ ਪੁਲੀਸ ਨੇ ਕਿਸਾਨਾਂ ਉੱਤੇ ਲਗਾਤਾਰ ਪਾਣੀ ਦੀਆਂ ਬੁਛਾੜਾਂ ਮਾਰਨੀਆਂ ਸ਼ੁਰੂ ਕਰ ਦਿੱਤੀਆਂ। ਪਾਣੀ ਦੀ ਮਾਰ ਅਤੇ ਧੱਕਾਮੁੱਕੀ ਦੌਰਾਨ ਹਫੜਾ-ਦਫੜੀ ਮੱਚ ਗਈ, ਜਿਸ ਵਿੱਚ ਅਨੇਕਾਂ ਬਜ਼ੁਰਗ ਅਤੇ ਨੌਜਵਾਨ ਕਿਸਾਨਾਂ ਦੀਆਂ ਪੱਗਾਂ ਵੀ ਲੱਥ ਗਈਆਂ। ਇਸ ਦੇ ਬਾਵਜੂਦ ਜਦੋਂ ਸਥਿਤੀ ਬੇਕਾਬੂ ਹੋਣ ਲੱਗੀ, ਤਾਂ ਪੁਲੀਸ ਨੇ ਲਾਠੀਚਾਰਜ ਕਰਦਿਆਂ ਅੱਥਰੂ ਗੈਸ ਦੇ ਗੋਲੇ ਦਾਗੇ ਗਏ।

ਇਸ ਤੋਂ ਪਹਿਲਾਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਗਵਰਨਰ ਹਾਊਸ ਚੰਡੀਗੜ੍ਹ ਵੱਲ ਕੂਚ ਕਰਨ ਦੇ ਦਿੱਤੇ ਗਏ ਸੱਦੇ ਤਹਿਤ ਮੁਹਾਲੀ ਵਿਖੇ ਕਿਸਾਨਾਂ ਦਾ ਧਰਨਾ ਆਰੰਭ ਹੋ ਗਿਆ ਹੈ। ਕਿਸਾਨਾਂ ਦਾ ਇਹ ਧਰਨਾ ਵਾਈ ਪੀ ਐਸ ਚੌਕ ਦੇ ਨੇੜੇ ਇੱਕ ਪਾਰਕ ਵਿਖੇ ਸ਼ੁਰੂ ਹੋਇਆ ਹੈ ਅਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂ ਜਿਨ੍ਹਾਂ ਵਿੱਚ ਬਲਬੀਰ ਸਿੰਘ ਰਾਜੇਵਾਲ, ਜੋਗਿੰਦਰ ਸਿੰਘ ਉਗਰਾਹਾਂ, ਰੁਲਦੂ ਸਿੰਘ ਮਾਨਸਾ, ਬੂਟਾ ਸਿੰਘ ਬੁਰਜ ਗਿੱਲ, ਹਰਿੰਦਰ ਸਿੰਘ ਲੱਖੋਵਾਲ ਪ੍ਰਮੁੱਖ ਹਨ ਇੱਥੇ ਪਹੁੰਚੇ ਹੋਏ ਹਨ। ਪੰਜਾਬ ਭਰ ਤੋਂ ਵੱਡੀ ਗਿਣਤੀ ਵਿੱਚ ਕਿਸਾਨ, ਜਿਨ੍ਹਾਂ ਵਿੱਚ ਮਹਿਲਾਵਾਂ ਵੀ ਸ਼ਾਮਿਲ ਹਨ ਇਕੱਠ ਵਿੱਚ ਸ਼ਾਮਿਲ ਹੋਏ ਸਨ।

# ਡੋਪ ਟੈਸਟ ਤੋਂ ਬਿਨਾਂ ਹੁਣ ਨਹੀਂ ਮਿਲੇਗੀ ਸਰਕਾਰੀ ਨੌਕਰੀ, ਸੁਖੂ ਸਰਕਾਰ ਦਾ ਵੱਡਾ ਐਲਾਨ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 16 ਮਈ। ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਸੋਮਵਾਰ ਨੂੰ ਡੋਪ ਟੈਸਟ ਨੂੰ ਲੈ ਕੇ ਇਕ ਵੱਡਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਪਹਾੜੀ ਰਾਜ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਵਿਰੁੱਧ ਤੇਜ਼ ਮੁਹਿੰਮ ਦੇ ਹਿੱਸੇ ਵਜੋਂ ਸਰਕਾਰੀ ਨੌਕਰੀਆਂ ਵਿੱਚ ਭਰਤੀ ਅਤੇ ਕੰਮ ਕਰਨ ਵਾਲੇ ਪੇਸ਼ੇਵਰਾਂ ਦੇ ਦਾਖਲੇ ਲਈ ਚਿੱਟਾ (ਹੈਰੋਇਨ) ਲਈ ਡੋਪ ਟੈਸਟ ਲਾਜ਼ਮੀ ਕਰੇਗੀ। ਨਾਰਕੋ ਕੋਆਰਡੀਨੇਸ਼ਨ ਸੈਂਟਰ ਦੀ ਮੀਟਿੰਗ ਤੋਂ ਬਾਅਦ ਸ਼ਿਮਲਾ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਸੁੱਖੂ ਨੇ ਕਿਹਾ, ਭਵਿੱਖ ਵਿੱਚ ਸਰਕਾਰੀ ਭਰਤੀਆਂ ਅਤੇ ਸਰਕਾਰੀ ਮੈਡੀਕਲ ਅਤੇ ਇੰਜੀਨੀਅਰਿੰਗ ਕਾਲਜਾਂ ਵਿੱਚ ਦਾਖਲਿਆਂ ਲਈ ਹੈਰੋਇਨ ਦੀ ਖਪਤ ਲਈ ਟੈਸਟਿੰਗ ਲਾਜ਼ਮੀ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਦੇ ਮਾਮਲਿਆਂ ਨਾਲ ਨਜਿੱਠਣ ਵਿੱਚ ਜਵਾਬਦੇਹੀ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰਾਂ ਅਤੇ ਪੁਲਸ ਸੁਪਰਡੈਂਟਾਂ ਦੀਆਂ ਸਾਲਾਨਾ ਗੁਪਤ ਰਿਪੋਰਟਾਂ (ਏਸੀਆਰ) ਵਿੱਚ ਨਸ਼ੀਲੇ ਪਦਾਰਥਾਂ ਵਿਰੋਧੀ ਪ੍ਰਦਰਸ਼ਨ ਸੂਚਕਾਂ ਨੂੰ ਸ਼ਾਮਲ ਕੀਤਾ ਜਾਵੇਗਾ। ਰਾਜ ਸਰਕਾਰ ਨੇ ਪੀਆਈਟੀ-ਐਨਡੀਪੀਐਸ ਐਕਟ ਦੇ ਤਹਿਤ ਨਸ਼ੀਲੇ ਪਦਾਰਥਾਂ, ਖਾਸ ਕਰਕੇ ਹੈਰੋਇਨ ਵਿਰੁੱਧ ਇੱਕ ਹਮਲਾਵਰ ਬਹੁ-ਪੱਖੀ ਮੁਹਿੰਮ ਸ਼ੁਰੂ ਕੀਤੀ ਹੈ। ਸੀਨੀਅਰ ਅਧਿਕਾਰੀਆਂ ਦੇ ਅਨੁਸਾਰ, ਸਰਕਾਰੀ ਸੰਸਥਾਵਾਂ ਵਿੱਚ ਮੈਡੀਸਨ ਅਤੇ ਇੰਜੀਨੀਅਰਿੰਗ ਵਰਗੇ ਕੋਰਸ ਕਰਨ ਵਾਲੇ ਵਿਦਿਆਰਥੀਆਂ ਦਾ ਸਾਲਾਨਾ ਡਰੱਗ ਟੈਸਟਿੰਗ ਕੀਤਾ ਜਾਵੇਗਾ। ਉਨ੍ਹਾਂ




ਅੱਗੇ ਦੱਸਿਆ ਕਿ ਸਰਕਾਰ ਪੈਰਾ ਮੈਡੀਕਲ, ਨਰਸਿੰਗ ਅਤੇ ਹੋਰ ਉੱਚ ਸਿੱਖਿਆ ਕੋਰਸਾਂ ਵਿੱਚ ਦਾਖਲਾ ਲੈਣ ਦੇ ਚਾਹਵਾਨ ਵਿਦਿਆਰਥੀਆਂ ਲਈ ਪ੍ਰੀ-ਐਡਮਿਸ਼ਨ ਡਰੱਗ ਟੈਸਟਿੰਗ ਲਾਗੂ ਕਰਨ 'ਤੇ ਵੀ ਵਿਚਾਰ ਕਰ ਰਹੀ ਹੈ। ਇਸ ਸਬੰਧ ਵਿਚ ਉਨ੍ਹਾਂ ਅੱਗੇ ਕਿਹਾ, ਇਹ ਸਿਰਫ਼ ਇੱਕ ਸਰਕਾਰੀ ਪ੍ਰੋਗਰਾਮ ਨਹੀਂ ਹੈ ਸਗੋਂ ਹਿਮਾਚਲ ਪ੍ਰਦੇਸ਼ ਦੇ ਭਵਿੱਖ ਨੂੰ ਬਚਾਉਣ ਲਈ ਇੱਕ ਲੋਕ ਲਹਿਰ ਹੈ। ਇਸਦਾ ਉਦੇਸ਼ ਜਾਗਰੂਕਤਾ ਅਤੇ ਰੋਕਥਾਮ ਹੈ। ਨਸ਼ਿਆਂ ਦੀ ਵਰਤੋਂ ਕਰਨ ਵਾਲੇ ਵਿਦਿਆਰਥੀਆਂ ਜਾਂ ਉਮੀਦਵਾਰਾਂ ਨੂੰ ਵਿਦਿਅਕ ਮੌਕਿਆਂ ਤੋਂ ਵਾਂਝਾ ਨਹੀਂ ਕੀਤਾ ਜਾਵੇਗਾ, ਸਗੋਂ ਉਨ੍ਹਾਂ ਦਾ ਪੁਨਰਵਾਸ ਕੀਤਾ ਜਾਵੇਗਾ ਅਤੇ ਢੁਕਵਾਂ ਇਲਾਜ ਮੁਹੱਈਆ ਕਰਵਾਇਆ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਹੈ, ਜਿਸ ਵਿੱਚ ਲਾਗੂ ਕਰਨ ਵਾਲੀਆਂ ਏਜੰਸੀਆਂ, ਮੁੜ ਵਸੇਬਾ ਉਪਾਅ ਅਤੇ ਜਨਤਕ ਭਾਗੀਦਾਰੀ ਦੀ ਤਾਲਮੇਲ ਵਾਲੀ ਕਾਰਵਾਈ ਸ਼ੁਰੂ ਕੀਤੀ ਗਈ ਹੈ। ਸੁੱਖੂ ਦੇ ਅਨੁਸਾਰ 2023 ਤੋਂ ਹਿਮਾਚਲ ਪ੍ਰਦੇਸ਼ ਪੁਲਸ ਨੇ NDPS ਐਕਟ ਦੇ ਤਹਿਤ 6,811 ਮਾਮਲੇ ਦਰਜ ਕੀਤੇ ਹਨ। ਇਸ ਤੋਂ ਇਲਾਵਾ 10357 ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ 45,867 ਕਿਲੋਗ੍ਰਾਮ ਨਸ਼ੀਲੇ ਪਦਾਰਥ ਜ਼ਬਤ ਕੀਤੇ ਹਨ, ਜਿਸ ਵਿੱਚ ਹੈਰੋਇਨ, ਗਾਂਜਾ ਅਤੇ ਮਨੋਰੋਗ ਦਵਾਈਆਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਪੀਆਈਟੀ-ਐਨਡੀਪੀਐਸ ਐਕਟ ਤਹਿਤ 174 ਵੱਡੇ ਨਸ਼ਾ ਤਸਕਰਾਂ ਅਤੇ ਮਾਫੀਆ ਤੱਤਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ, ਜਦੋਂ ਕਿ ਪਿਛਲੇ ਹਫ਼ਤੇ ਸ਼ੁਰੂ ਕੀਤੀ ਗਈ ਇੱਕ ਵਿਸ਼ੇਸ਼ ਨਸ਼ਾ ਵਿਰੋਧੀ ਕਾਰਵਾਈ ਦੇ ਨਤੀਜੇ ਵਜੋਂ 32 ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੀ ਹੱਦ ਦੇ ਆਧਾਰ 'ਤੇ ਪਿੰਡ ਦੀਆਂ ਪੰਚਾਇਤਾਂ ਨੂੰ ਲਾਲ, ਪੀਲਾ ਅਤੇ ਹਰਾ ਵਰਗ ਵਿੱਚ ਸ਼੍ਰੇਣੀਬੱਧ ਕੀਤਾ ਹੈ। ਹੁਣ ਤੱਕ, ਨਸ਼ਿਆਂ ਦੀ ਦੁਰਵਰਤੋਂ ਵਿੱਚ ਸ਼ਾਮਲ ਲਗਭਗ 12,000 ਵਿਅਕਤੀਆਂ ਦੀ ਪਛਾਣ ਕੀਤੀ ਗਈ ਹੈ ਅਤੇ ਸੂਬੇ ਭਰ ਦੀਆਂ 234 ਅਤਿ ਸੰਵੇਦਨਸ਼ੀਲ ਪੰਚਾਇਤਾਂ ਵਿੱਚ ਵਿਸ਼ੇਸ਼ ਨਿਗਰਾਨੀ ਵਧਾ ਦਿੱਤੀ ਗਈ ਹੈ।

## ਸਰਕਾਰੀ ਹਸਪਤਾਲ ਦੀ ਖ਼ੌਫਨਾਕ ਤਸਵੀਰ : ਵਾਰਡ 'ਚ ਬੈੱਡ ਖਾਲੀ, ਫਿਰ ਵੀ ਇਕ ਬੈੱਡ 'ਤੇ ਦੋ-ਦੋ ਮਰੀਜ਼

ਅੰਮ੍ਰਿਤਸਰ 16 ਮਈ। ਪੰਜਾਬ ਦੇ ਪ੍ਰਸਿੱਧ ਗੁਰੂ ਨਾਨਕ ਦੇਵ ਹਸਪਤਾਲ 'ਚ ਗਰਭਵਤੀ ਔਰਤਾਂ ਦੇ ਜਨੇਪੇ ਤੋਂ ਬਾਅਦ ਇਲਾਜ ਦੌਰਾਨ ਵੱਡੀ ਲਾਪ੍ਰਵਾਹੀ ਦਾ ਮਾਮਲਾ ਹੁਣ ਹੋਰ ਵੀ ਗੰਭੀਰ ਰੂਪ ਧਾਰ ਚੁੱਕਾ ਹੈ। ਗਾਇਨੀ ਵਾਰਡ 'ਚ ਇਕ ਹੀ ਬੈੱਡ 'ਤੇ ਦੋ-ਦੋ ਔਰਤਾਂ ਨੂੰ ਰੱਖ ਕੇ ਇਲਾਜ ਕਰਨ ਦੀ ਹਕੀਕਤ ਉਸ ਵੇਲੇ ਸਾਹਮਣੇ ਆਈ, ਜਦੋਂ ਇਕ ਮਰੀਜ਼ ਵੱਲੋਂ ਮੋਬਾਈਲ ਨਾਲ ਵੀਡੀਓ ਬਣਾ ਕੇ ਸੋਸ਼ਲ ਮੀਡੀਆ 'ਤੇ ਵਾਇਰਲ ਕਰ ਦਿੱਤੀ ਗਈ, ਜੋ ਇਸ ਸਮੇਂ ਚਰਚਾ ਦਾ ਕੇਂਦਰ ਬਣੀ ਹੋਈ ਹੈ। ਵਾਇਰਲ ਹੋਈ ਇਸ



ਵੀਡੀਓ 'ਚ ਸਾਫ਼ ਤੌਰ 'ਤੇ ਵੇਖਿਆ ਜਾ ਸਕਦਾ ਹੈ ਕਿ ਜਨੇਪੇ ਤੋਂ ਬਾਅਦ ਔਰਤਾਂ ਨੂੰ ਇਕ ਹੀ ਬੈੱਡ 'ਤੇ ਰੱਖਿਆ ਗਿਆ ਹੈ, ਜਿਸ ਨਾਲ ਹਸਪਤਾਲ ਪ੍ਰਬੰਧਨ ਦੇ ਦਾਅਵਿਆਂ ਦੀ ਪੋਲ ਖੁੱਲ੍ਹ ਗਈ ਹੈ। ਵੀਡੀਓ ਸਾਹਮਣੇ ਆਉਣ ਤੋਂ ਬਾਅਦ ਲੋਕਾਂ 'ਚ ਗੁੱਸਾ ਵਧ ਗਿਆ ਹੈ ਅਤੇ ਸਰਕਾਰੀ ਸਿਹਤ ਪ੍ਰਣਾਲੀ 'ਤੇ ਸਵਾਲ ਉੱਠਣ ਲੱਗ ਪਏ ਹਨ। ਮਰੀਜ਼ਾਂ ਦੇ ਪਰਿਵਾਰਕ ਮੈਂਬਰਾਂ ਦਾ ਦੋਸ਼ ਹੈ ਕਿ ਜੇਕਰ ਵਾਰਡ 'ਚ ਕੋਈ ਬੈੱਡ ਖਾਲੀ ਵੀ ਹੋਵੇ ਤਾਂ ਵੀ ਉਨ੍ਹਾਂ ਨੂੰ ਉਥੇ ਸ਼ਿਫਟ ਨਹੀਂ ਕੀਤਾ ਜਾਂਦਾ। ਉਲਟਾ ਵੱਖ-ਵੱਖ ਤਰ੍ਹਾਂ ਦੇ ਬਹਾਨੇ ਬਣਾਏ ਜਾਂਦੇ ਹਨ। ਕਈ ਵਾਰ ਕਿਹਾ ਜਾਂਦਾ ਹੈ ਕਿ ਮਰੀਜ਼ ਨੂੰ ਪਹਿਲਾਂ ਹੀ ਇਨਫੈਕਸ਼ਨ ਹੈ, ਤੁਸੀਂ ਇਸ ਦੇ ਨਾਲ ਕਿਵੇਂ ਪੈ ਸਕਦੇ ਹੋ? ਜਦਕਿ ਦੂਜੇ ਮੌਕੇ 'ਤੇ ਕਿਹਾ ਜਾਂਦਾ ਹੈ ਕਿ ਇਹ ਬੈੱਡ ਐੱਚ. ਆਈ. ਵੀ. ਪੀੜਤ ਮਰੀਜ਼ ਲਈ ਰੱਖਿਆ ਗਿਆ ਹੈ। ਇਸ ਤਰ੍ਹਾਂ ਦੇ ਵਿਰੋਧੀ ਬਿਆਨ ਹਸਪਤਾਲ ਦੀ ਪ੍ਰਬੰਧਕੀ ਨਾਕਾਮੀ ਨੂੰ ਬੇਨਕਾਬ ਕਰ ਰਹੇ ਹਨ। ਗੁਰੂ ਨਾਨਕ ਦੇਵ ਹਸਪਤਾਲ ਦੀ ਇਹ ਘਟਨਾ ਸਿਰਫ ਇਕ ਹਸਪਤਾਲ ਦੀ ਨਹੀਂ, ਸਗੋਂ ਪੂਰੇ ਸਿਹਤ ਤੰਤਰ ਦੀ ਨਾਕਾਮੀ ਨੂੰ ਦਰਸਾਉਂਦੀ ਹੈ। ਵਾਇਰਲ ਵੀਡੀਓ ਤੋਂ ਬਾਅਦ ਹੁਣ ਦੇਖਣਾ ਇਹ ਹੋਵੇਗਾ ਕਿ ਸਰਕਾਰ ਇਸ ਮਾਮਲੇ 'ਤੇ ਕਿੰਨੀ ਗੰਭੀਰਤਾ ਨਾਲ ਕਾਰਵਾਈ ਕਰਦੀ ਹੈ ਜਾਂ ਫਿਰ ਇਹ ਮਾਮਲਾ ਵੀ ਹੋਰਾਂ ਵਾਂਗ ਠੰਢੇ ਬਸਤਿਆਂ 'ਚ ਪੈ ਜਾਂਦਾ ਹੈ। ਮੈਡੀਕਲ ਮਾਹਿਰਾਂ ਅਨੁਸਾਰ ਜਨੇਪੇ ਤੋਂ ਬਾਅਦ ਔਰਤਾਂ ਅਤੇ ਨਵਜਨਮੇ ਬੱਚਿਆਂ ਲਈ ਸਾਫ਼-ਸੁਥਰਾ ਅਤੇ ਵੱਖਰਾ ਵਾਤਾਵਰਣ ਬਹੁਤ ਜ਼ਰੂਰੀ ਹੁੰਦਾ ਹੈ। ਇਕ ਹੀ ਬੈੱਡ 'ਤੇ ਦੋ ਮਰੀਜ਼ਾਂ ਨੂੰ ਰੱਖਣਾ ਇਨਫੈਕਸ਼ਨ ਦੇ ਖਤਰੇ ਨੂੰ ਕਈ ਗੁਣਾ ਵਧਾ ਸਕਦਾ ਹੈ, ਜੋ ਗੰਭੀਰ ਨਤੀਜੇ ਪੈਦਾ ਕਰ ਸਕਦਾ ਹੈ। ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਵੀਡੀਓ ਨੇ ਹਸਪਤਾਲ ਪ੍ਰਬੰਧਨ ਅਤੇ ਸਿਹਤ ਵਿਭਾਗ ਨੂੰ ਕਟਹਿਰੇ 'ਚ ਖੜ੍ਹਾ ਕਰ ਦਿੱਤਾ ਹੈ।

## ਮਾਨਾਂਵਾਲਾ ਦੇ ਨਸਾ ਛੁਡਾਊ ਕੇਂਦਰ 'ਚ ਨੌਜਵਾਨ ਦੀ ਸੱਕੀ ਮੌਤ, ਸੀ. ਸੀ. ਟੀ. ਵੀ. ਕੈਮਰੇ ਬੰਦ ਹੋਣ ਨਾਲ ਫੈਲੀ ਸਨਸਨੀ

ਅੰਮ੍ਰਿਤਸਰ 16 ਮਈ। ਅੰਮ੍ਰਿਤਸਰ ਦੇ ਨਜਦੀਕੀ ਇਲਾਕੇ ਮਾਨਾਂਵਾਲਾ ਵਿਚ ਸਥਿਤ ਇਕ ਨਸਾ ਛੁਡਾਊ ਕੇਂਦਰ ਵਿਚ ਉਸ ਸਮੇਂ ਹੜਕੰਪ ਮਚ ਗਿਆ, ਜਦੋਂ ਉੱਥੇ ਜੇਰੇ-ਇਲਾਜ ਇਕ 36 ਸਾਲਾ ਨੌਜਵਾਨ ਦੀ ਸੱਕੀ ਹਾਲਤ ਵਿਚ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਸੁਨੀਲ ਸਰਮਾ ਨਿਵਾਸੀ ਅਜਨਾਲਾ ਵਜੋਂ ਹੋਈ ਹੈ। ਇਸ ਘਟਨਾ ਤੋਂ ਬਾਅਦ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੇ ਕੇਂਦਰ ਪ੍ਰਬੰਧਕਾਂ 'ਤੇ ਗੰਭੀਰ ਦੋਸ ਲਾਏ ਹਨ, ਜਿਸ ਕਾਰਨ ਮਾਮਲਾ ਗਰਮਾ ਗਿਆ ਹੈ। ਸੁਨੀਲ ਦੀ ਮੌਤ ਦੀ ਖਬਰ ਮਿਲਦਿਆਂ ਹੀ ਪਰਿਵਾਰ ਵਿਚ ਕੋਹਰਾਮ ਮਚ ਗਿਆ ਅਤੇ ਉਨ੍ਹਾਂ ਕੇਂਦਰ ਦੇ ਬਾਹਰ ਜੰਮ ਕੇ ਰੋਸ ਪ੍ਰਦਰਸਨ ਕੀਤਾ। ਪਰਿਵਾਰ ਦਾ ਸਿੱਧਾ ਦੋਸ ਹੈ ਕਿ ਸੁਨੀਲ ਨਾਲ ਕੇਂਦਰ ਦੇ ਅੰਦਰ ਕੁੱਟਮਾਰ ਕੀਤੀ ਗਈ ਹੈ ਜਾਂ ਉਸ ਨੂੰ ਕੋਈ ਗਲਤ ਦਵਾਈ ਦਿੱਤੀ ਗਈ ਹੈ। ਸਭ ਤੋਂ ਹੈਰਾਨੀਜਨਕ ਗੱਲ ਇਹ ਸਾਹਮਣੇ ਆਈ ਕਿ ਘਟਨਾ ਦੇ ਸਮੇਂ ਕੇਂਦਰ ਦੇ ਸੀ.ਸੀ.ਟੀ.ਵੀ. ਕੈਮਰੇ ਬੰਦ ਪਾਏ ਗਏ। ਪਰਿਵਾਰ ਦਾ ਕਹਿਣਾ ਹੈ ਕਿ ਕੈਮਰਿਆਂ ਦਾ ਬੰਦ ਹੋਣਾ ਕਿਸੇ ਡੂੰਘੀ ਸਾਜ?ਿਸ ਵੱਲ ਇਸ਼ਾਰਾ ਕਰਦਾ ਹੈ। ਪੀੜਤ ਪਰਿਵਾਰ ਨੇ ਮੰਗ ਕੀਤੀ ਕਿ ਉਨ੍ਹਾਂ ਨੂੰ ਇਨਸਾਫ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ, "ਅਸੀਂ ਸੁਨੀਲ ਨੂੰ ਠੀਕ ਹੋਣ ਲਈ ਇੱਥੇ ਭੇਜਿਆ ਸੀ, ਇਹ ਨਹੀਂ ਸੋਚਿਆ ਸੀ ਕਿ ਉਸ ਦੀ ਲਾਸ ਮਿਲੇਗੀ। ਸੀ.ਸੀ.ਟੀ.ਵੀ. ਕਿਉਂ ਬੰਦ ਸਨ? ਪੁਲਸ ਇਸ ਦੀ ਬਾਰੀਕੀ ਨਾਲ ਜਾਂਚ ਕਰੇ ਅਤੇ ਦੋਸੀਆਂ ਨੂੰ ਸਖਤ ਸਜਾ ਦੇਵੇ।" ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਸਥਾਨਕ ਪੁਲਸ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਲਾਸ ਨੂੰ ਕਬਜੇ ਵਿਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਪੁਲਸ ਨੇ ਮੁਢਲੀ ਕਾਰਵਾਈ ਕਰਦਿਆਂ ਕੇਂਦਰ ਦੇ ਸੰਚਾਲਕ ਨੂੰ ਹਿਰਾਸਤ ਵਿਚ ਲੈ ਲਿਆ ਹੈ ਅਤੇ ਉਸ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਪੰਜਾਬ ਵਿਚ ਪਿਛਲੇ ਕੁਝ ਸਮੇਂ ਤੋਂ ਨਿੱਜੀ ਨਸਾ ਛੁਡਾਊ ਕੇਂਦਰਾਂ ਵਿਚ ਮਰੀਜਾਂ ਨਾਲ ਬਦਸਲੂਕੀ ਅਤੇ ਸੱਕੀ ਮੌਤਾਂ ਦੇ ਮਾਮਲੇ ਲਗਾਤਾਰ ਵਧ ਰਹੇ ਹਨ। ਮਾਨਾਂਵਾਲਾ ਦੀ ਇਸ ਘਟਨਾ ਨੇ ਪ੍ਰਸਾਸਨ ਦੀ ਨਿਗਰਾਨੀ 'ਤੇ ਵੀ ਸਵਾਲੀਆ ਨਿਸਾਨ ਲਾ ਦਿੱਤੇ ਹਨ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਮੌਤ ਦੇ ਸਹੀ ਕਾਰਨਾਂ ਦਾ ਖੁਲਾਸਾ ਹੋਵੇਗਾ ਅਤੇ ਜੇਕਰ ਕੋਈ ਵੀ ਲਾਪ੍ਰਵਾਹੀ ਜਾਂ ਹਿੰਸਾ ਪਾਈ ਗਈ, ਤਾਂ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਹਾਈਕੋਰਟ ਦੀ ਸਖ਼ਤੀ ਤੋਂ ਬਾਅਦ ਐਕਸ਼ਨ 'ਚ ਦੀਨਾਨਗਰ ਨਗਰ ਕੌਂਸਲ, 750 ਆਵਾਰਾ ਕੁੱਤਿਆਂ ਦੀ ਹੋਵੇਗੀ ਨਸਬੰਦੀ

**ਕੌਮੀ ਪਤ੍ਰਿਕਾ**

ਦੀਨਾਨਗਰ 16 ਮਈ। ਜ਼ਿਲ੍ਹਾ ਗੁਰਦਾਸਪੁਰ ਦੇ ਵਿਧਾਨ ਸਭਾ ਹਲਕਾ ਦੀਨਾਨਗਰ ਸ਼ਹਿਰ ਵਿੱਚ ਆਵਾਰਾ ਕੁੱਤਿਆਂ ਦੇ ਵੱਧ ਰਹੇ ਖਤਰੇ ਅਤੇ ਲੋਕਾਂ 'ਤੇ ਹੋ ਰਹੇ ਹਮਲਿਆਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਦੀਨਾਨਗਰ ਨਗਰ ਕੌਂਸਲ ਨੇ ਇੱਕ ਵੱਡਾ ਕਦਮ ਚੁੱਕਿਆ ਹੈ। ਮਾਣਯੋਗ ਹਾਈਕੋਰਟ ਦੇ ਸਖ਼ਤ ਰੁਖ਼ ਤੋਂ ਬਾਅਦ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਨਗਰ ਕੌਂਸਲ ਨੇ ਲਗਭਗ 12,37,500 ਰੁਪਏ ਦਾ ਟੈਂਡਰ ਜਾਰੀ ਕੀਤਾ ਹੈ ਅਤੇ ਸ਼ਹਿਰ ਵਿੱਚ ਲਗਭਗ 750 ਆਵਾਰਾ ਕੁੱਤਿਆਂ ਦੀ ਨਸਬੰਦੀ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਟੈਂਡਰ ਪ੍ਰਾਪਤ ਕਰਨ ਵਾਲੀ ਸੰਸਥਾ, ਕੰਪਨੀ ਜਾਂ ਐਨਜੀਓ ਨੂੰ ਪਹਿਲਾਂ ਸ਼ਹਿਰ ਵਿੱਚ ਘੁੰਮ ਰਹੇ ਆਵਾਰਾ ਕੁੱਤਿਆਂ ਨੂੰ ਫੜਨਾ ਹੋਵੇਗਾ। ਇਸ ਤੋਂ ਬਾਅਦ ਨਸਬੰਦੀ ਦੀ ਕਾਰਵਾਈ ਸਿਖਲਾਈ ਪ੍ਰਾਪਤ ਵੈਟਰਨਰੀ ਡਾਕਟਰਾਂ ਦੀ ਨਿਗਰਾਨੀ ਹੇਠ ਕੀਤੀ ਜਾਵੇਗੀ। ਆਪ੍ਰੇਸ਼ਨ ਤੋਂ ਬਾਅਦ ਕੁੱਤਿਆਂ ਨੂੰ ਲਗਭਗ ਇੱਕ ਹਫ਼ਤੇ ਲਈ ਵਿਸ਼ੇਸ਼ ਦੇਖਭਾਲ ਹੇਠ ਰੱਖਿਆ ਜਾਵੇਗਾ ਤਾਂ ਜੋ ਉਨ੍ਹਾਂ ਦੀ ਸਿਹਤ 'ਤੇ ਕੋਈ ਮਾੜਾ ਪ੍ਰਭਾਵ ਨਾ ਪਵੇ। ਕੁੱਤਿਆਂ ਨੂੰ ਪੂਰੀ ਤਰ੍ਹਾਂ ਠੀਕ ਹੋਣ ਤੋਂ ਬਾਅਦ ਹੀ ਛੱਡਿਆ ਜਾਵੇਗਾ। ਟੈਂਡਰ ਦੇ ਅਨੁਸਾਰ ਸਬੰਧਤ ਸੰਸਥਾ ਨੂੰ ਭੁਗਤਾਨ ਤਾਂ ਹੀ ਕੀਤਾ ਜਾਵੇਗਾ ਜੇਕਰ ਪੂਰੀ ਪ੍ਰਕਿਰਿਆ ਨਿਰਧਾਰਤ ਨਿਯਮਾਂ ਅਤੇ ਜਾਨਵਰਾਂ ਦੀ ਭਲਾਈ ਨਾਲ ਸਬੰਧਤ ਮਾਪਦੰਡਾਂ ਅਨੁਸਾਰ ਪੂਰੀ ਕੀਤੀ ਜਾਂਦੀ ਹੈ। ਪ੍ਰਸ਼ਾਸਨ ਦਾ ਮੰਨਣਾ ਹੈ ਕਿ ਸਫਲ ਨਸਬੰਦੀ ਮੁਹਿੰਮ ਭਵਿੱਖ ਵਿੱਚ ਆਵਾਰਾ ਕੁੱਤਿਆਂ ਦੀ ਗਿਣਤੀ ਨੂੰ ਕਾਬੂ ਕਰਨ ਵਿੱਚ ਮਦਦਗਾਰ ਸਾਬਤ ਹੋਵੇਗੀ, ਜਿਸ ਨਾਲ ਸ਼ਹਿਰ ਵਾਸੀਆਂ ਨੂੰ ਲਗਾਤਾਰ ਵੱਧ ਰਹੇ ਖਤਰੇ ਤੋਂ ਰਾਹਤ ਮਿਲੇਗੀ। ਧਿਆਨਯੋਗ ਹੈ ਕਿ ਆਵਾਰਾ ਕੁੱਤਿਆਂ ਦੀ ਵੱਧਦੀ ਗਿਣਤੀ ਲੰਬੇ ਸਮੇਂ ਤੋਂ ਦੀਨਾਨਗਰ



ਦੇ ਲੋਕਾਂ ਲਈ ਇੱਕ ਗੰਭੀਰ ਸਮੱਸਿਆ ਬਣੀ ਹੋਈ ਹੈ। ਸ਼ਹਿਰ ਦੇ ਕਈ ਇਲਾਕਿਆਂ ਵਿੱਚ ਕੁੱਤਿਆਂ ਦੇ ਝੁੰਡ ਰਾਹਗੀਰਾਂ, ਬੱਚਿਆਂ ਅਤੇ ਬਜ਼ੁਰਗਾਂ 'ਤੇ ਹਮਲੇ ਕਰ ਰਹੇ ਹਨ। ਕਈ ਲੋਕ ਕੁੱਤਿਆਂ ਦੇ ਕੱਟਣ ਕਾਰਨ ਜ਼ਖ਼ਮੀ ਹੋ ਚੁੱਕੇ ਹਨ ਅਤੇ ਕੁਝ ਮਾਮਲਿਆਂ ਵਿੱਚ ਮੌਤਾਂ ਵੀ ਹੋਈਆਂ ਹਨ। ਸਥਾਨਕ ਲੋਕਾਂ ਨੇ ਨਗਰ ਕੌਂਸਲ ਦੇ ਇਸ ਉਪਰਾਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਉਹ ਲੰਬੇ ਸਮੇਂ ਤੋਂ ਇਸ ਸਮੱਸਿਆ ਤੋਂ ਪੀੜਤ ਹਨ ਅਤੇ ਪ੍ਰਸ਼ਾਸਨ ਦੇ ਇਸ ਕਦਮ ਨਾਲ ਰਾਹਤ ਦੀ ਉਮੀਦ ਹੈ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਇਸ ਮੁਹਿੰਮ ਨੂੰ ਸਹੀ ਢੰਗ ਨਾਲ ਲਾਗੂ ਕੀਤਾ ਗਿਆ ਤਾਂ ਸ਼ਹਿਰ ਨੂੰ ਭਵਿੱਖ ਵਿੱਚ ਆਵਾਰਾ ਕੁੱਤਿਆਂ ਦੇ ਵੱਧ ਰਹੇ ਖਤਰੇ ਤੋਂ ਕਾਫ਼ੀ ਹੱਦ ਤੱਕ ਮੁਕਤੀ ਮਿਲ ਸਕਦੀ ਹੈ। ਹੁਣ ਇਹ ਵੀ ਦੇਖਣਾ ਹੋਵੇਗਾ ਕਿ ਜ਼ਿਲ੍ਹੇ ਦੇ ਹੋਰ ਇਲਾਕਿਆਂ ਵਿੱਚ, ਜਿੱਥੇ ਆਵਾਰਾ ਕੁੱਤਿਆਂ ਦੀ ਵੱਧ ਰਹੀ ਗਿਣਤੀ ਕਾਰਨ ਲੋਕ ਡਰ ਦੇ ਸਾਏ ਹੇਠ ਜੀਵਨ ਬਿਤਾ ਰਹੇ ਹਨ, ਉੱਥੇ ਵੀ ਜ਼ਿਲ੍ਹਾ ਪ੍ਰਸ਼ਾਸਨ ਆਪਣੇ ਪੱਧਰ 'ਤੇ ਕੋਈ ਸਖ਼ਤ ਕਦਮ ਚੁੱਕਦਾ ਹੈ ਜਾਂ ਫਿਰ ਲੋਕਾਂ ਨੂੰ ਮੁੜ ਅਦਾਲਤਾਂ ਦੇ ਦਰਵਾਜ਼ੇ ਖੜਕਾਉਣ ਲਈ ਮਜ਼ਬੂਰ ਹੋਣਾ ਪਵੇਗਾ। ਆਉਣ ਵਾਲੇ ਦਿਨਾਂ ਵਿੱਚ ਇਹ ਦੇਖਣਾ ਦਿਲਚਸਪ ਹੋਵੇਗਾ।

### ਹੈਦਰਾਬਾਦ-ਜੈਪੁਰ ਐਕਸਪ੍ਰੈਸ 'ਚ ਲੱਗੀ ਭਿਆਨਕ ਅੱਗ

ਨੈਸ਼ਨਲ ਡੈਸਕ 16 ਮਈ। ਹੈਦਰਾਬਾਦ ਦੇ ਨਾਮਪੱਲੀ ਰੇਲਵੇ ਸਟੇਸ਼ਨ 'ਤੇ ਸ਼ੁੱਕਰਵਾਰ ਨੂੰ ਉਸ ਸਮੇਂ ਹਫੜਾ-ਦਫੜੀ ਮਚ ਗਈ ਜਦੋਂ ਹੈਦਰਾਬਾਦ-ਜੈਪੁਰ ਸਪੈਸ਼ਲ ਐਕਸਪ੍ਰੈਸ ਦੇ 2 ਕੋਚਾਂ ਵਿੱਚ ਭਿਆਨਕ ਅੱਗ ਲੱਗ ਗਈ। ਇਹ ਅੱਗ ਟ?ਰੇਨ ਦੇ ਥ?ਰੀ-ਟੀਅਰ ਏਸੀ ਕੋਚ 21 ਅਤੇ 22 ਵਿੱਚ ਲੱਗੀ, ਜਿਸ ਕਾਰਨ ਸਟੇਸ਼ਨ ਕੰਪਲੈਕਸ ਵਿੱਚ ਹਫੜਾ-ਦਫੜੀ ਵਾਲਾ ਮਾਹੌਲ ਬਣ ਗਿਆ। ਜਾਣਕਾਰੀ ਅਨੁਸਾਰ, ਇਹ ਟ?ਰੇਨ ਸ਼ਾਮ 7 ਵਜੇ ਨਾਮਪੱਲੀ ਸਟੇਸ਼ਨ ਤੋਂ ਜੈਪੁਰ ਲਈ ਰਵਾਨਾ ਹੋਣ ਵਾਲੀ ਸੀ। ਰਵਾਨਗੀ ਤੋਂ ਕੁਝ ਸਮਾਂ ਪਹਿਲਾਂ ਹੀ ਕੋਚਾਂ ਵਿੱਚੋਂ ਅਚਾਨਕ ਧੂੰਆਂ ਅਤੇ ਅੱਗ ਦੀਆਂ ਲਪਟਾਂ ਉੱਠਣੀਆਂ ਸ਼ੁਰੂ ਹੋ ਗਈਆਂ। ਘਟਨਾ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਵਿਭਾਗ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ ਅਤੇ ਤਿੰਨ ਫਾਇਰ ਇੰਜਣਾਂ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ ਗਿਆ। ਰਾਹਤ ਦੀ ਗੱਲ ਇਹ ਰਹੀ ਕਿ ਜਦੋਂ ਇਹ ਅੱਗ ਲੱਗੀ, ਉਸ ਸਮੇਂ ਪ੍ਰਭਾਵਿਤ ਕੋਚਾਂ ਵਿੱਚ ਕੋਈ ਵੀ ਯਾਤਰੀ ਮੌਜੂਦ ਨਹੀਂ ਸੀ, ਜਿਸ ਕਾਰਨ ਇੱਕ ਵੱਡਾ ਜਾਨੀ ਨੁਕਸਾਨ ਹੋਣੋਂ ਟਲ ਗਿਆ। ਰੇਲਵੇ ਕਰਮਚਾਰੀਆਂ ਨੇ ਤੁਰੰਤ ਮੁਸਤੈਦੀ ਦਿਖਾਉਂਦੇ ਹੋਏ ਸਥਿਤੀ ਨੂੰ ਸੰਭਾਲਿਆ ਅਤੇ ਸਟੇਸ਼ਨ 'ਤੇ ਮੌਜੂਦ ਹੋਰ ਯਾਤਰੀਆਂ ਨੂੰ ਸੁਰੱਖਿਅਤ ਦੂਰ ਕੀਤਾ।

## ਗੁਰਦਾਸਪੁਰ ਪ੍ਰਸ਼ਾਸਨ ਦੀ ਵੱਡੀ ਕਾਰਵਾਈ: ਨਾੜ ਨੂੰ ਅੱਗ ਲਾਉਣ ਵਾਲੇ ਇੱਕ ਦਰਜਨ ਤੋਂ ਵੱਧ ਲੋਕਾਂ 'ਤੇ ਪਰਚੇ ਦਰਜ

**ਕੌਮੀ ਪਤ੍ਰਿਕਾ**

ਦੀਨਾਨਗਰ 16 ਮਈ। ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਹੁਕਮਾਂ ਦੀ ਉਲੰਘਣਾ ਕਰਦੇ ਹੋਏ ਅਤੇ ਸਟਬਲ ਬਰਨਿੰਗ ਦੇ ਮੁੱਦੇ ਦੀ ਗੰਭੀਰਤਾ ਨੂੰ ਵੇਖਦੇ ਹੋਏ ਇਸ ਨੂੰ ਰੋਕਣ ਲਈ ਐਤਵਾਰ ਵਾਲੇ ਦਿਨ ਸਖਤ ਕਦਮ ਚੁੱਕੇ ਗਏ ਹਨ ਜਿਸ ਤਹਿਤ ਸਟਬਲ ਬਰਨਿੰਗ ਕਰ ਰਹੇ ਵਿਅਕਤੀਆਂ ਖਿਲਾਫ ਐਕਸ਼ਨ ਲੈਂਦੇ ਜਿਲੇ ਦੇ ਵੱਖ-ਵੱਖ ਪੁਲਸ ਸਟੇਸ਼ਨਾਂ ਦੇ ਅਧੀਨ ਆਉਂਦੇ ਇਲਾਕੇ ਅੰਦਰ ਨਾੜ ਦੇ ਰਹਿੰਦ ਖੂੰਦ ਅਤੇ ਨਾੜ ਨੂੰ ਅੱਗ ਲਗਾਉਣ ਵਾਲੇ ਲੋਕਾਂ ਦੀਆਂ ਲੋਕੇਸ਼ਨਾਂ ਟਰੇਸ ਹੋਣ ਤੋਂ ਬਾਅਦ ਵੱਖ-ਵੱਖ



ਥਾਣਿਆਂ ਵਿੱਚ ਇੱਕ ਦਰਜਨ ਤੋਂ ਵੱਧ ਵਿਅਕਤੀਆਂ ਅਤੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲੇ ਦਰਜ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ ਪੰਚਾਇਤ ਅਫਸਰ ਨਿਰਮਲ ਸਿੰਘ ਨੇ ਦੱਸਿਆ ਕਿ ਪੁਲਿਸ ਸਟੇਸ਼ਨ ਦੌਰਾਂਗਲਾ ਅਧੀਨ ਆਉਦੇ ਪਿੰਡ ਡੁੱਗਰੀ ਦੇ ਜੁਗਰਾਜ ਸਿੰਘ, ਜਸਵੰਤ ਸਿੰਘ ਅਤੇ ਜਤਿੰਦਰ ਸਿੰਘ ਸਮੇਤ ਪਿੰਡ ਸੁਲਤਾਨੀ ਦੇ ਇਕ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ। ਇਸੇ ਤਰ੍ਹਾਂ ਹੀ ਥਾਣਾ ਦੀਨਾਨਗਰ ਦੇ ਪਿੰਡ ਰਾਮਨਗਰ ਵਿਖੇ ਇਕ ਅਣਪਛਾਤੇ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ ਪੁਲਿਸ ਸਟੇਸ਼ਨ ਬਹਿਰਾਮਪੁਰ ਅਧੀਨ ਆਉਂਦੇ ਪਿੰਡ ਐਮਾ, ਬਾਹਮਣੀ, ਡਾਲੀਆ ਅਤੇ ਝਬਕਰਾ ਦੇ 4 ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤੇ ਗਏ ਹਨ। ਇਸੇ ਤਹਿਤ ਪੁਲਸ ਥਾਣਾ ਤਿੱਬੜ ਦੇ ਅਧੀਨ ਆਉਂਦੇ ਪਿੰਡ ਤਲਵੰਡੀ ਦੇ ਕਿਸਾਨ ਨੱਥਾ ਸਿੰਘ ਅਤੇ ਪਿੰਡ ਤਿੱਬੜ ਦੇ ਰੇਸ਼ਮ ਸਿੰਘ, ਸੁਖਵਿੰਦਰ ਸਿੰਘ, ਬਲਵਿੰਦਰ ਸਿੰਘ ਅਤੇ ਸਤਨਾਮ ਸਿੰਘ ਖਿਲਾਫ ਮਾਮਲੇ ਦਰਜ ਕੀਤੇ ਗਏ ਹਨ ਅਤੇ ਪੁਲਸ ਥਾਣਾ ਧਾਰੀਵਾਲ ਦੇ ਪਿੰਡ ਜ਼ਫਰਵਾਲ ਦੇ ਕਿਸਾਨ ਅਵਤਾਰ ਸਿੰਘ ਅਤੇ ਗੁਰਨਾਮ ਸਿੰਘ ਖਿਲਾਫ ਮਾਮਲੇ ਦਰਜ ਕੀਤੇ ਗਏ ਹਨ।ਜ਼ਿਕਰਯੋਗ ਹੈ ਕਿ ਬੀਤੇ ਕੱਲ ਐਤਵਾਰ ਵਾਲੇ ਦਿਨ ਪ੍ਰਸ਼ਾਸਨ ਕਾਫੀ ਇਸ ਮਾਮਲੇ ਨੂੰ ਲੈ ਕੇ ਸਖਤ ਨਜ਼ਰ ਆਇਆ, ਇਸੇ ਤਹਿਤ ਐਸਐਸਪੀ ਗੁਰਦਾਸਪੁਰ ਅਦਿੱਤਿਆ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਦਿੱਤਿਆ ਉੱਪਲ ਅਤੇ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਡਾਕਟਰ ਰਣਧੀਰ ਠਾਕੁਰ ਵੱਲੋਂ ਵੱਖ-ਵੱਖ ਟੀਮਾਂ ਦੀ ਖੁਦ ਅਗਵਾਈ ਕਰਦੇ ਹੋਏ ਵੱਖ-ਵੱਖ ਇਲਾਕਿਆਂ ਅੰਦਰ ਖੁਦ ਪਹੁੰਚ ਕੇ ਇਸ ਵਿਰੁੱਧ ਕਾਰਵਾਈ ਕਰਨ ਦੇ ਹੁਕਮ ਜਾਰੀ ਕੀਤੇ ਗਏ ਸਨ।

## ਸੇਂਟ ਸਟੀਫਨ ਕਾਲਜ ਨੇ 145 ਸਾਲ ਦੇ ਇਤਿਹਾਸ 'ਚ ਪਹਿਲੀ ਵਾਰ ਨਿਯੁਕਤ ਕੀਤੀ ਮਹਿਲਾ ਪ੍ਰਿੰਸੀਪਲ

ਨਵੀਂ ਦਿੱਲੀ 16 ਮਈ। ਦਿੱਲੀ ਯੂਨੀਵਰਸਿਟੀ (ਡੀਯੂ) ਦੇ ਸੇਂਟ ਸਟੀਫਨ ਕਾਲਜ ਨੇ ਆਪਣੇ 145 ਸਾਲ ਦੇ ਇਤਿਹਾਸ 'ਚ ਪਹਿਲੀ ਵਾਰ ਮਹਿਲਾ ਪ੍ਰਿੰਸੀਪਲ ਦੀ ਨਿਯੁਕਤੀ ਕੀਤੀ ਹੈ। ਇਕ ਅਧਿਕਾਰਤ ਨੋਟੀਫਿਕੇਸ਼ਨ ਅਨੁਸਾਰ, ਪ੍ਰੋਫੈਸਰ ਸੁਸਾਨ ਏਲੀਆਸ ਨੂੰ ਕਾਲਜ ਦੀ ਪ੍ਰਿੰਸੀਪਲ ਨਿਯੁਕਤ ਕੀਤਾ ਗਿਆ ਹੈ। ਦਿੱਲੀ ਦੇ ਬਿਸ਼ਪ ਅਤੇ ਕਾਲਜ ਦੇ ਪ੍ਰਧਾਨ ਰਾਈਟ ਰੇਵਰੇਂਡ ਡਾ. ਪਾਲ ਸਵਰੂਪ ਵਲੋਂ ਦਸਤਖ਼ਤ ਕੀਤੇ ਗਏ ਨੋਟੀਫਿਕੇਸ਼ਨ 'ਚ ਕਿਹਾ ਗਿਆ,"ਕਾਲਜ ਦੀ ਸਰਵਉੱਚ ਕੌਂਸਲ ਨੂੰ ਇਹ ਐਲਾਨ ਕਰਦੇ ਹੋਏ ਖ਼ੁਸ਼ੀ ਹੋ ਰਹੀ ਹੈ ਕਿ ਪ੍ਰੋ. ਸੁਸਾਨ ਏਲੀਆਸ ਇਕ



ਜੂਨ 2026 ਤੋਂ ਕਾਲਜ ਦੀ 14ਵੀਂ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲੇਗੀ ਅਤੇ ਉਹ ਇਸ ਦੀ ਮਹਿਲਾ ਪ੍ਰਿੰਸੀਪਲ ਵੀ ਹੋਵੇਗੀ।" ਏਲੀਆਸ ਦੇ 'ਲਿੰਕਡਇਨ ਪ੍ਰੋਫਾਈਲ' ਅਨੁਸਾਰ, ਉਨ੍ਹਾਂ ਨੇ ਜਨਵਰੀ ਤੋਂ ਮਈ 2026 ਤੱਕ ਉੱਤਰ ਪ੍ਰਦੇਸ਼ ਦੇ ਲਖਨਊ 'ਚ ਸਥਿਤ ਚੰਡੀਗੜ੍ਹ ਯੂਨੀਵਰਸਿਟੀ 'ਚ ਪ੍ਰੋ. ਵਾਈਸ ਚਾਂਸਲਰ (ਸੋਧ) ਵਜੋਂ ਕੰਮ ਕੀਤਾ। ਇਸ ਤੋਂ ਪਹਿਲਾਂ, ਉਨ੍ਹਾਂ ਨੇ ਅਕਤੂਬਰ 2024 ਤੋਂ ਦਸੰਬਰ 2025 ਤੱਕ ਹਿੰਦੁਸਤਾਨ ਯੂਨੀਵਰਸਿਟੀ 'ਚ ਡਾਇਰੈਕਟਰ (ਸੋਧ) ਦੇ ਰੂਪ 'ਚ ਸੇਵਾਵਾਂ ਦਿੱਤੀਆਂ। ਉਨ੍ਹਾਂ ਨੇ ਵੇਲੋਰ ਇੰਸਟੀਚਿਊਟ ਆਫ਼ ਤਕਨਾਲੋਜੀ 'ਚ ਵੀ ਕਈ ਅਹੁਦਿਆਂ 'ਤੇ ਕੰਮ ਕੀਤਾ ਹੈ, ਜਿਨ੍ਹਾਂ 'ਚ ਇਲੈਕਟ?ਰਾਨਿਕਸ ਇੰਜੀਨੀਅਰਿੰਗ ਸਕੂਲ ਦੀ ਪ੍ਰੋਫੈਸਰ ਅਤੇ ਡੀਨ, ਸੈਂਟਰ ਫਾਰ ਐਡਵਾਂਸਡ ਡਾਟਾ ਸਾਇੰਸ 'ਚ ਪ੍ਰੋਫੈਸਰ ਅਤੇ ਡਿਪਟੀ ਡਾਇਰੈਕਟਰ ਅਤੇ ਇਲੈਕਟ?ਰਾਨਿਕਸ ਇੰਜੀਨੀਅਰਿੰਗ ਸਕੂਲ ਦੀ ਐਸੋਸੀਏਟ ਪ੍ਰੋਫੈਸਰ ਅਤੇ ਵਿਭਾਗ ਦੇ ਮੁਖੀ ਸ਼ਾਮਲ ਹਨ। ਸੇਂਟ ਸਟੀਫੰਸ ਕਾਲਜ ਦੀ ਸਥਾਪਨਾ ਇਕ ਫਰਵਰੀ 1881 ਨੂੰ ਕੈਂਬਰਿਜ ਮਿਸ਼ਨ ਟੂ ਦਿੱਲੀ ਨੇ ਸੋਸਾਇਟੀ ਫਾਰ ਦਿ ਪ੍ਰੋਪੇਗੇਸ਼ਨ ਆਫ਼ ਦਿ ਗਾਸਪੇਲ ਦੇ ਸਹਿਯੋਗ ਨਾਲ ਕੀਤੀ ਸੀ। ਸੈਮੁਅਲ ਸਕਾਟ ਆਲਨਟ ਇਸ ਦੇ ਸੰਸਥਾਪਕ ਅਤੇ ਪਹਿਲੇ ਪ੍ਰਿੰਸੀਪਲ ਸਨ।

## ਆਨਲਾਈਨ ਸ਼ੇਅਰ ਟਰੇਡਿੰਗ ਦੇ ਨਾਂ 'ਤੇ ਸਾਈਬਰ ਠੱਗ ਗੈਂਗ ਦਾ ਇਕ ਮੈਂਬਰ ਲੁਧਿਆਣਾ ਤੋਂ ਗ੍ਰਿਫ਼ਤਾਰ

ਦੇਹਰਾਦੂਨ 16 ਮਈ। ਉੱਤਰਾਖੰਡ ਦੀ ਰਾਜਧਾਨੀ ਦੇਹਰਾਦੂਨ ਵਾਸੀ ਇਕ ਸੀਨੀਅਰ ਨਾਗਰਿਕ ਨਾਲ ਸਾਈਬਰ ਠੱਗਾਂ ਵਲੋਂ ਇਨਵੈਸਟਮੈਂਟ ਦੇ ਨਾਂ 'ਤੇ ਵੱਡਾ ਮੁਨਾਫ਼ਾ ਕਮਾਉਣ ਦਾ ਲਾਲਚ ਦੇ ਕੇ ਕੀਤੀ ਗਈ। ਇਸ 1 ਕਰੋੜ 87 ਲੱਖ 64 ਹਜ਼ਾਰ ਰੁਪਏ ਦੀ ਠੱਗੀ ਮਾਮਲੇ 'ਚ ਸੰਗਠਿਤ ਸਾਈਬਰ ਧੋਖੇਬਾਜ਼ ਗਿਰੋਹ ਦੇ ਇਕ ਮੈਂਬਰ ਨੂੰ ਐੱਸਟੀਐੱਫ ਦੀ ਸਾਈਬਰ ਅਪਰਾਧ ਸੈੱਲ ਨੇ ਗ੍ਰਿਫ਼ਤਾਰ ਕੀਤਾ ਹੈ। ਇਸ ਸਾਈਬਰ ਠੱਗ ਦੀ ਗ੍ਰਿਫ਼ਤਾਰੀ ਪੰਜਾਬ ਦੇ ਲੁਧਿਆਣਾ ਤੋਂ ਹੋਈ ਹੈ। ਰਾਜ ਪੁਲਸ ਦੀ ਐੱਸਟੀਐੱਫ ਦੇ ਐੱਸਐੱਸਪੀ ਅਜੇ ਸਿੰਘ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਗ੍ਰਿਫ਼ਤਾਰ ਦੋਸ਼ੀਆਂ ਵਿਰੁੱਧ ਮਹਾਰਾਸ਼ਟਰ, ਤਾਮਿਲਨਾਡੂ, ਤੇਲੰਗਾਨਾ, ਗੁਜਰਾਤ ਆਦਿ ਸੂਬਿਆਂ 'ਚ ਵੀ ਸ਼ਿਕਾਇਤ ਦਰਜ ਹਨ। ਉਨ੍ਹਾਂ ਦੱਸਿਆ ਕਿ ਦੇਹਰਾਦੂਨ ਦੇ ਕੌਲਾਗੜ੍ਹ ਵਾਸੀ ਓਐੱਨਜੀਸੀ ਤੋਂ ਰਿਟਾਇਰ ਪੀੜਤ ਨੇ 15 ਅਪ੍ਰੈਲ ਨੂੰ ਆਪਣੇ ਨਾਲ ਧੋਖਾਧੜੀ ਦੀ ਸ਼ਿਕਾਇਤ ਦਰਜ ਕਰਵਾਈ। ਜਿਸ ਤੋਂ ਬਾਅਦ ਐੱਸਟੀਐੱਫ ਦੀ ਸਾਈਬਰ ਟੀਮ ਨੇ ਸਬੂਤ ਇਕੱਠੇ ਕੀਤੇ। ਇਸ ਤੋਂ ਬਾਅਦ ਸੁਖਰਾਜ ਪੁੱਤਰ ਨਿਰਮਲ ਸਿੰਘ ਵਾਸੀ ਪ੍ਰੇਮ ਵਿਹਾਰ, ਗਲੀ ਨੰਬਰ-1, ਨੂਰਾਲਾ ਰੋਡ ਸ਼ਿਵਪੁਰੀ, ਥਾਣਾ ਬਸਤੀ ਜੋਦੇਵਾਲਾ, ਲੁਧਿਆਣਾ, ਪੰਜਾਬ, ਉਮਰ ਕਰੀਬ 34 ਸਾਲ ਨੂੰ ਸਬੂਤਾਂ ਦੇ ਆਧਾਰ 'ਤੇ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

# ਫੈਕਟਰੀ 'ਚ ਲੱਗੀ ਅੱਗ ਕਾਰਨ ਝੁਲਸੀ ਕੁੜੀ ਦੀ ਇਲਾਜ ਦੌਰਾਨ ਮੌਤ

**ਕੌਮੀ ਪਤ੍ਰਿਕਾ**

ਦੋਰਾਹਾ/ਪਾਇਲ 16 ਮਈ। ਦੋਰਾਹਾ-ਪਾਇਲ ਰੋਡ 'ਤੇ ਸਥਿਤ ਪਿੰਡ ਬਿਸ਼ਨਪੁਰਾ ਵਿਖੇ ਲੁਧਿਆਣਾ ਜ਼ਿਲ੍ਹੇ ਦੇ ਪਹਿਲੇ ਸਕ੍ਰੈਪ ਕਾਰ ਸ਼ਰੈਡਿੰਗ ਪਲਾਂਟ 'ਬੀ ਲਾਲ ਸਟੀਲ ਸ਼੍ਰੇਡਿੰਗ ਪ੍ਰਾਈਵੇਟ ਲਿਮਿਟੇਡ' ਵਿਚ 25 ਅਪ੍ਰੈਲ ਨੂੰ ਲੱਗੀ ਭਿਆਨਕ ਅੱਗ ਦੌਰਾਨ ਬੁਰੀ ਤਰ੍ਹਾਂ ਝੁਲਸੀ ਇਕ 21 ਸਾਲਾ ਲੜਕੀ ਦੀ ਇਲਾਜ ਦੌਰਾਨ ਮੌਤ ਹੋ ਗਈ। ਇਸ ਮੌਤ ਤੋਂ ਬਾਅਦ ਪੂਰਾ ਮਾਮਲਾ ਮੁੜ ਚਰਚਾ ਵਿੱਚ ਆ ਗਿਆ ਹੈ ਅਤੇ ਹੁਣ ਫੈਕਟਰੀ ਪ੍ਰਬੰਧਨ, ਸੁਰੱਖਿਆ ਪ੍ਰਬੰਧਾਂ ਅਤੇ ਪ੍ਰਸ਼ਾਸਨਿਕ ਕਾਰਵਾਈ 'ਤੇ ਵੀ ਗੰਭੀਰ ਸਵਾਲ ਖੜ੍ਹੇ ਹੋ ਰਹੇ ਹਨ। ਮ੍ਰਿਤਕ ਲੜਕੀ ਦੀ ਪਛਾਣ ਅੰਜਲੀ ਪੁੱਤਰੀ ਅਸ਼ਵਨੀ ਕੁਮਾਰ, ਵਾਸੀ ਪਲਾਟ ਨੰਬਰ 28/ਬੀ, ਇੰਡਸਟਰੀ ਏਰੀਆ (ਏ), ਘੋੜਾ ਕਲੋਨੀ, ਮਿਲਰ ਗੰਜ, ਲੁਧਿਆਣਾ ਵਜੋਂ ਹੋਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਅੰਜਲੀ 25 ਅਪ੍ਰੈਲ ਨੂੰ ਫੈਕਟਰੀ ਵਿੱਚ ਲੱਗੀ ਅੱਗ ਦੌਰਾਨ ਗੰਭੀਰ ਰੂਪ ਵਿਚ ਝੁਲਸ ਗਈ ਸੀ ਅਤੇ ਉਸ ਦਾ ਇਲਾਜ ਚੱਲ ਰਿਹਾ ਸੀ, ਪਰ ਆਖ਼ਰਕਾਰ ਉਸਨੇ ਜ਼ਿੰਦਗੀ ਅਤੇ ਮੌਤ ਨਾਲ ਜੁਝਦੇ ਹੋਏ ਦਮ ਤੋੜ ਦਿੱਤਾ। ਦੋਰਾਹਾ ਪੁਲਸ ਨੂੰ ਦਿੱਤੀ ਜਾਣਕਾਰੀ ਵਿਚ ਮ੍ਰਿਤਕਾ ਦੇ ਰਿਸ਼ਤੇਦਾਰ ਜੈਵਿੰਦ ਪੁੱਤਰ ਪ੍ਰਿਥਵੀ ਵਾਸੀ ਪਲਾਟ ਨੰਬਰ 28/ਬੀ, ਇੰਡਸਟਰੀ ਏਰੀਆ (ਏ), ਘੋੜਾ ਕਲੋਨੀ, ਮਿਲਰ ਗੰਜ, ਲੁਧਿਆਣਾ ਨੇ ਦੱਸਿਆ ਕਿ ਅੰਜਲੀ ਦੀ ਮੌਤ ਅੱਗ ਵਿਚ ਝੁਲਸਣ ਕਾਰਨ ਹੋਈ ਹੈ। ਇਸ ਸਬੰਧੀ ਦੋਰਾਹਾ ਥਾਣਾ ਦੇ ਏ.ਐੱਸ.ਆਈ. ਸੌਦਾਗਰ ਸਿੰਘ ਵੱਲੋਂ ਡੀਡੀਆਰ ਨੰਬਰ 18 ਮਿਤੀ 10.05.2026 ਦਰਜ ਕਰਦੇ ਹੋਏ ਇਸ ਘਟਨਾ ਨੂੰ ਕੁਦਰਤੀ ਅਤੇ ਅਚਾਨਕ ਵਾਪਰਿਆ ਹਾਦਸਾ ਦੱਸਿਆ ਗਿਆ ਹੈ। ਪੁਲਸ ਅਧਿਕਾਰੀ ਅਨੁਸਾਰ ਪਰਿਵਾਰ ਵੱਲੋਂ ਕਿਸੇ ਵੀ ਵਿਅਕਤੀ ਜਾਂ ਫੈਕਟਰੀ ਪ੍ਰਬੰਧਨ ਖਿਲਾਫ ਕਾਨੂੰਨੀ ਕਾਰਵਾਈ ਨਾ ਕਰਨ ਦੀ ਗੱਲ ਕਹੀ ਗਈ ਹੈ। ਦੋਰਾਹਾ ਪੁਲਸ ਦੇ ਏ.ਐੱਸ.ਆਈ. ਸੌਦਾਗਰ ਸਿੰਘ ਨੇ ਦੱਸਿਆ ਕਿ ਮ੍ਰਿਤਕਾ ਦੀ ਲਾਸ਼ ਨੂੰ ਲੋੜੀਂਦੀ ਕਾਨੂੰਨੀ ਕਾਰਵਾਈ ਪੂਰੀ ਕਰਨ ਉਪਰੰਤ ਬਿਨਾਂ ਪੋਸਟਮਾਰਟਮ ਕਰਵਾਏ ਪਰਿਵਾਰਕ ਮੈਂਬਰਾਂ ਦੇ ਹਵਾਲੇ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਪਰਿਵਾਰ ਵੱਲੋਂ ਕੋਈ ਕਾਰਵਾਈ ਨਾ ਕਰਨ ਦੀ ਇੱਛਾ ਜਤਾਈ ਗਈ



ਸੀ। ਉਨ੍ਹਾਂ ਦੱਸਿਆ ਕਿ ਫੈਕਟਰੀ ਵਿਚ ਅਚਾਨਕ ਅੱਗ ਲੱਗਣ ਅਤੇ ਭੜਕਾ ਪੈਣ ਕਾਰਨ ਇਹ ਹਾਦਸਾ ਵਾਪਰਿਆ ਸੀ, ਜਿਸ ਵਿੱਚ ਅੰਜਲੀ ਸਮੇਤ ਦੋ ਜਾਂ ਇਸ ਤੋਂ ਵੱਧ ਕਰਮਚਾਰੀ ਜ਼ਖਮੀ ਹੋਏ ਸਨ। ਹਾਲਾਂਕਿ ਇਸ ਪੂਰੇ ਮਾਮਲੇ ਦੌਰਾਨ ਪੁਲਸ ਵੱਲੋਂ ਜਾਣਕਾਰੀ ਨੂੰ ਸੀਮਿਤ ਰੱਖਣ ਦੇ ਦੋਸ਼ ਵੀ ਸਾਹਮਣੇ ਆ ਰਹੇ ਹਨ। ਜ਼ਿਕਰਯੋਗ ਹੈ ਕਿ 25 ਅਪ੍ਰੈਲ ਨੂੰ ਇਸ ਫੈਕਟਰੀ ਵਿਚ ਲੱਗੀ ਭਿਆਨਕ ਅੱਗ ਦੌਰਾਨ ਅੱਧ ਦਰਜਨ ਤੋਂ ਵੱਧ ਔਰਤ ਕਰਮਚਾਰੀਆਂ ਜ਼ਖਮੀ ਹੋਈਆਂ ਸਨ ਅਤੇ ਫੈਕਟਰੀ ਅੰਦਰ ਲਗਾਤਾਰ ਧਮਾਕਿਆਂ ਕਾਰਨ ਪੂਰੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਸੀ। ਉਸ ਸਮੇਂ ਪ੍ਰਸ਼ਾਸਨ ਵੱਲੋਂ ਕੋਈ ਜਾਨੀ ਨੁਕਸਾਨ ਨਾ ਹੋਣ ਦੀ ਗੱਲ ਕਹੀ ਗਈ ਸੀ, ਪਰ ਹੁਣ ਅੰਜਲੀ ਦੀ ਮੌਤ ਤੋਂ ਬਾਅਦ ਇਹ ਹਾਦਸਾ ਹੋਰ ਵੀ ਗੰਭੀਰ ਰੂਪ ਧਾਰ ਚੁੱਕਾ ਹੈ। ਇਸ ਸਬੰਧੀ ਡੀ.ਐੱਸ.ਪੀ. ਪਾਇਲ ਹਰਮਨਪ੍ਰੀਤ ਸਿੰਘ ਚੀਮਾ ਨੇ ਕਿਹਾ ਕਿ ਮ੍ਰਿਤਕਾ ਦੇ ਪਰਿਵਾਰ ਵੱਲੋਂ ਲਿਖਤੀ ਰੂਪ ਵਿਚ ਪੁਲਸ ਨੂੰ ਦੱਸਿਆ ਗਿਆ ਸੀ ਕਿ ਉਹ ਕਿਸੇ ਖਿਲਾਫ ਕੋਈ ਕਾਰਵਾਈ ਨਹੀਂ ਕਰਵਾਉਣਾ ਚਾਹੁੰਦੇ, ਕਿਉਂਕਿ ਲੜਕੀ ਦਾ ਇਲਾਜ ਫੈਕਟਰੀ ਪ੍ਰਬੰਧਕਾਂ ਵੱਲੋਂ ਕਰਵਾਇਆ ਜਾ ਰਿਹਾ ਸੀ। ਉਨ੍ਹਾਂ ਦੱਸਿਆ ਕਿ ਪਰਿਵਾਰ ਨੇ ਐੱਸ.ਡੀ.ਐੱਮ. ਪਾਇਲ ਨੂੰ ਵੀ ਪੋਸਟਮਾਰਟਮ ਨਾ ਕਰਵਾਉਣ ਸਬੰਧੀ ਲਿਖਤੀ ਬੇਨਤੀ ਦਿੱਤੀ ਸੀ, ਜਿਸ ਤੋਂ ਬਾਅਦ ਐੱਸ.ਡੀ.ਐੱਮ. ਦਫ਼ਤਰ ਵੱਲੋਂ ਦਰਖ਼ਾਸਤ ਪੁਲਸ ਨੂੰ ਮਾਰਕ ਕੀਤੀ ਗਈ। ਪੁਲਸ ਨੇ ਕਾਨੂੰਨੀ ਪ੍ਰਕਿਰਿਆ ਪੂਰੀ ਕਰਦੇ ਹੋਏ ਲਾਸ਼ ਬਿਨਾ ਪੋਸਟਮਾਰਟਮ ਕਰਵਾਏ ਪਰਿਵਾਰ ਦੇ ਹਵਾਲੇ ਕਰ ਦਿੱਤੀ। ਡੀ.ਐੱਸ.ਪੀ. ਨੇ ਕਿਹਾ ਕਿ ਮਾਮਲੇ ਸਬੰਧੀ ਲੋੜੀਂਦੀ ਰਿਕਾਰਡ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਇਸ ਸਬੰਧੀ ਡਾ. ਅੰਬੇਡਕਰ ਨਵਯੁਕਤ ਦਲ ਪੰਜਾਬ ਦੇ ਪ੍ਰਧਾਨ ਅਤੇ ਪ੍ਰਸਿੱਧ ਆਰਟੀਆਈ ਐਕਟੀਵਿਸਟ ਗੁਰਦੀਪ ਸਿੰਘ ਕਾਲੀ ਪਾਇਲ ਨੇ ਕਿਹਾ ਕਿ ਇਸ ਹਾਦਸੇ ਵਿੱਚ ਗਰੀਬ ਪਰਿਵਾਰ ਦਾ ਵੱਡਾ ਨੁਕਸਾਨ ਹੋਇਆ ਹੈ ਅਤੇ ਪੁਲਸ ਪ੍ਰਸ਼ਾਸ਼ਨ ਵੱਲੋਂ ਪੂਰੇ ਮਾਮਲੇ 'ਤੇ ਪਰਦਾ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਫੈਕਟਰੀ ਵਿੱਚ ਕਰੀਬ 160 ਵਰਕਰ ਕੰਮ ਕਰਦੇ ਦੱਸੇ ਜਾ ਰਹੇ ਹਨ, ਪਰ ਅਸਲ ਗਿਣਤੀ ਅਤੇ ਸੁਰੱਖਿਆ ਪ੍ਰਬੰਧਾਂ ਬਾਰੇ ਸਪਸ਼ਟ ਜਾਣਕਾਰੀ ਸਾਹਮਣੇ ਨਹੀਂ ਲਿਆਂਦੀ ਜਾ ਰਹੀ। ਉਨ੍ਹਾਂ ਕਿਹਾ ਕਿ ਉਹ ਜਲਦ ਹੀ ਐਸਡੀਐਮ ਪਾਇਲ ਨਾਲ ਮੁਲਾਕਾਤ ਕਰਕੇ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਦੀ ਮੰਗ ਕਰਨਗੇ। ਇਸ ਤੋਂ ਇਲਾਵਾ ਹਾਈਕੋਰਟ ਵਿੱਚ ਕਾਨੂੰਨੀ ਰਾਹ ਅਪਣਾਉਣ ਲਈ ਵਕੀਲਾਂ ਨਾਲ ਸਲਾਹ-ਮਸ਼ਵਰਾ ਵੀ ਕੀਤਾ ਜਾਵੇਗਾ।